ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on

facebook

https://www.facebook.com/awazeqaumtv/videos/194899582124531/

YouTube https://youtu.be/LQwolgxDu7l

awazeqaumtvpunjab@gmail.com

ਮੰਗਲਵਾਰ, 22 ਅਕਤੂਬਰ 2024 (ਨਾਨਕਸ਼ਾਹੀ ਸੰਮਤ : ੫੫੬, ੬ ਕੱਤਕ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਜਹਾਜ਼ 'ਚ ਬੰਬ ਦੀ ਫਰਜ਼ੀ ਕਾਲ ਨੂੰ ਬਣਾਇਆ ਜਾਏਗਾ ਸਜ਼ਾਯੋਗ ਅਪਰਾਧ'

**ਨਵੀਂ ਦਿੱਲੀ, 21 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਮੰਤਰੀ ਰਾਮ ਮੋਹਨ ਨਾਇਡੂ ਕਿੰਜਰਾਪੂ ਨੇ ਹਾਲ ਹੀ 'ਚ ਕਈ ਘਰੇਲੂ ਅਤੇ ਅੰਤਰਰਾਸ਼ਟਰੀ ਉਡਾਣਾਂ 'ਤੇ ਝੂਠੇ ਬੰਬ ਕਾਲ 'ਤੇ ਪ੍ਰਤੀਕਿਰਿਆ ਦਿੱਤੀ ਹੈ। ਉਨ੍ਹਾਂ ਕਿਹਾ, "ਸ਼ਹਿਰੀ ਹਵਾਬਾਜ਼ੀ ਮੰਤਰਾਲੇ ਦੀ ਤਰਫੋਂ, ਅਸੀਂ ਲੋੜ ਪੈਣ 'ਤੇ ਕੁਝ ਵਿਧਾਨਿਕ ਕਾਰਵਾਈ ਬਾਰੇ ਸੋਚਿਆ ਹੈ। ਉਨ੍ਹਾਂ ਅੱਗੇ ਕਿਹਾ ਕਿ ਅਸੀਂ ਇਸ ਨਤੀਜੇ 'ਤੇ ਪਹੁੰਚੇ ਹਾਂ ਕਿ ਦੋ ਖੇਤਰ ਹਨ ਜਿਨ੍ਹਾਂ 'ਤੇ ਅਸੀਂ ਵਿਚਾਰ ਕਰ ਸਕਦੇ ਹਾਂ। ਪਹਿਲਾ ਜਹਾਜ਼ ਸੁਰੱਖਿਆ ਨਿਯਮਾਂ ਵਿੱਚ ਸੋਧ ਹੈ। ਇਨ੍ਹਾਂ ਨਿਯਮਾਂ ਨੂੰ ਬਦਲ ਕੇ, ਅਸੀਂ ਇਹ ਦੱਸਣਾ ਚਾਹੁੰਦੇ ਹਾਂ ਕਿ ਅਜਿਹਾ ਕਰਨ ਵਾਲੇ ਫੜੇ ਜਾਣ ਤੋਂ ਬਾਅਦ, ਸਾਨੂੰ ਉਨ੍ਹਾਂ ਨੂੰ ਨੋ ਫਲਾਇੰਗ ਸੂਚੀ ਵਿੱਚ ਪਾ ਦੇਣਾ ਚਾਹੀਦਾ ਹੈ। ਇਸ ਤੋਂ ਇਲਾਵਾ, ਦੂਜਾ ਬਦਲਾਅ ਨਾਗਰਿਕ ਹਵਾਬਾਜ਼ੀ ਸੁਰੱਖਿਆ ਐਕਟ ਦੇ ਵਿਰੁੱਧ ਗੈਰ-ਕਾਨੂੰਨੀ ਐਕਟਾਂ ਦਾ ਦਮਨ ਹੈ। ਇਸ ਨੂੰ ਸੰਵੇਦਨਸ਼ੀਲ ਸਥਿਤੀ ਦੱਸਦੇ ਹੋਏ ਰਾਮ ਮੋਹਨ ਨਾਇਡੂ ਨੇ ਕਿਹਾ ਕਿ ਅਜਿਹੀਆਂ ਝੂਠੀਆਂ ਕਾਲਾਂ ਕਰਨ ਵਾਲਿਆਂ ਨੂੰ ਏਅਰਲਾਈਨਜ਼ ਕੰਪਨੀ ਦੀ ਨੋ-ਫਲਾਈ ਸੂਚੀ 'ਚ ਪਾ ਦਿੱਤਾ ਜਾਵੇਗਾ। ਉਨ੍ਹਾਂ ਇਹ ਵੀ ਕਿਹਾ ਕਿ ਉਡਾਣਾਂ 'ਤੇ ਬੰਬ ਦੀਆਂ ਝੂਠੀਆਂ ਧਮਕੀਆਂ ਵੀ ਹਵਾਬਾਜ਼ੀ ਉਦਯੋਗ ਲਈ ਨਵੀਆਂ ਵਿੱਤੀ ਸਮੱਸਿਆਵਾਂ ਪੈਦਾ ਕਰ ਰਹੀਆਂ ਹਨ। ਦੱਸ ਦਈਏ ਕਿ ਜਹਾਜ਼ 'ਚ ਬੰਬ ਹੋਣ ਜਾਂ ਉਸ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਦੇਣ ਦੇ ਮਾਮਲੇ ਪਿਛਲੇ ਕੁਝ ਮਹੀਨਿਆਂ 'ਚ ਤੇਜ਼ੀ ਨਾਲ ਵਧੇ ਹਨ। ਜੇਕਰ ਪਿਛਲੇ 6 ਦਿਨਾਂ ਦੀ ਗੱਲ ਕਰੀਏ ਤਾਂ ਭਾਰਤ 'ਚ ਘਰੇਲੂ ਅਤੇ ਅੰਤਰਰਾਸ਼ਟਰੀ ਉਡਾਣਾਂ 'ਚ ਬੰਬ ਨੂੰ ਲੈ ਕੇ ਕਰੀਬ 70 ਫਰਜ਼ੀ ਕਾਲਾਂ ਆਈਆਂ ਹਨ।

## ਕਸ਼ਮੀਰ ਹਮਲਾ

# ਲਸ਼ਕਰ ਦੇ ਸੰਗਠਨ 'ਟੀਆਰਐੱਫ' ਨੇ ਲਈ ਜ਼ਿੰਮੇਵਾਰੀ



**ਸ੍ਰੀਨਗਰ, 21 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਜੰਮੂ-ਕਸ਼ਮੀਰ ਦੇ ਗੰਦਰਬਲ 'ਚ ਹੋਏ ਅੱਤਵਾਦੀ ਹਮਲੇ ਦੀ ਜ਼ਿੰਮੇਵਾਰੀ ਲਸ਼ਕਰ-ਏ-ਤੋਇਬਾ ਦੇ ਸੰਗਠਨ 'ਦਿ ਰੇਸਿਸਟੈਂਸ ਫਰੰਟ' (ਟੀਆਰਐੱਫ) ਨੇ ਲਈ ਹੈ। ਸੂਤਰਾਂ ਨੇ ਦੱਸਿਆ ਕਿ ਟੀਆਰਐਫ ਮੁਖੀ ਸ਼ੇਖ ਸੱਜਾਦ ਗੁਲ ਇਸ ਹਮਲੇ ਦਾ ਮਾਸਟਰਮਾਈਂਡ ਸੀ। ਗੰਦਰਬਲ ਦੇ ਗਗਨਗੀਰ ਇਲਾਕੇ 'ਚ ਸ਼੍ਰੀਨਗਰ-ਲੇਹ ਰਾਸ਼ਟਰੀ ਰਾਜਮਾਰਗ 'ਤੇ ਸੁਰੰਗ ਦੇ ਨਿਰਮਾਣ ਸਥਾਨ 'ਤੇ ਅੱਤਵਾਦੀਆਂ ਨੇ ਗੋਲੀਬਾਰੀ ਕੀਤੀ। ਹਮਲੇ ਵਿੱਚ ਬਡਗਾਮ ਦੇ ਡਾਕਟਰ ਸ਼ਾਹਨਵਾਜ਼ ਮੀਰ ਅਤੇ ਪੰਜਾਬ-ਬਿਹਾਰ ਦੇ 6 ਮਜ਼ਦੂਰਾਂ ਦੀ ਮੌਤ ਹੋ ਗਈ ਸੀ। ਹਮਲੇ ਤੋਂ ਬਾਅਦ ਗੰਦਰਬਲ ਅਤੇ ਗਗਨਗੀਰ ਦੇ ਜੰਗਲਾਂ 'ਚ ਰਾਤ ਤੋਂ ਤਲਾਸ਼ੀ ਮੁਹਿੰਮ ਚਲਾਈ ਜਾ ਰਹੀ ਹੈ। ਇਹ ਕਾਰਵਾਈ ਅਜੇ ਵੀ ਜਾਰੀ ਹੈ। ਸੁਰੱਖਿਆ ਬਲ ਹਾਈ ਅਲਰਟ 'ਤੇ ਹਨ ਅਤੇ ਹੁਣ ਨੈਸ਼ਨਲ ਇੰਟੈਲੀਜੈਂਸ ਏਜੰਸੀ (ਐਨਆਈਏ) ਵੀ ਪਹੁੰਚ ਗਈ ਹੈ। ਸੂਤਰਾਂ ਨੇ ਦੱਸਿਆ ਕਿ ਗਗਨਗੀਰ ਅੱਤਵਾਦੀ ਹਮਲੇ 'ਚ TRF ਦੇ 2-3 ਅੱਤਵਾਦੀ ਸ਼ਾਮਲ ਹਨ। ਉਹ ਪਿਛਲੇ ਇੱਕ ਮਹੀਨੇ ਤੋਂ ਉਸਾਰੀ ਵਾਲੀ ਥਾਂ ਦੀ ਰੇਕੀ ਕਰ ਰਹੇ ਸਨ।। ਇਸ ਕਾਰਨ ਅੱਤਵਾਦੀ ਹਮਲੇ ਤੋਂ ਤੁਰੰਤ ਬਾਅਦ ਭੱਜਣ ਵਿੱਚ ਕਾਮਯਾਬ ਹੋ ਗਏ। ਜੰਮੂ ਅਤੇ ਕਸ਼ਮੀਰ ਪੁਲਿਸ ਨੇ ਕਿਹਾ ਕਿ ਹਮਲੇ ਵਿੱਚ ਬਡਗਾਮ ਦੇ ਡਾਕਟਰ ਸ਼ਾਹਨਵਾਜ਼ ਅਤੇ ਕਠੂਆ ਦੇ ਸ਼ਸ਼ੀ ਅਬਰੋਲ ਮਾਰੇ ਗਏ ਸਨ। ਇਨ੍ਹਾਂ ਤੋਂ ਇਲਾਵਾ ਪੰਜਾਬ ਦੇ ਗੁਰਦਾਸਪੁਰ ਦੇ ਗੁਰਮੀਤ ਸਿੰਘ, ਅਨਿਲ ਕੁਮਾਰ ਸ਼ੁਕਲਾ, ਫਹੀਮ ਨਜ਼ੀਰ, ਮੁਹੰਮਦ ਹਨੀਫ਼ ਅਤੇ ਬਿਹਾਰ ਦੇ ਕਲੀਮ ਦਾ ਕਤਲ ਕੀਤਾ ਗਿਆ ਸੀ। ਇਹ ਸਾਰੇ ਕੇਂਦਰ ਸਰਕਾਰ ਦੇ ਸੁਰੰਗ ਪ੍ਰਾਜੈਕਟ ਵਿੱਚ ਕੰਮ ਕਰ ਰਹੇ ਸਨ।

ਰਿਪੋਰਟਾਂ ਮੁਤਾਬਕ TRF ਨੇ ਪਿਛਲੇ ਡੇਢ ਸਾਲ 'ਚ ਆਪਣੀ ਰਣਨੀਤੀ ਬਦਲੀ ਹੈ। ਪਹਿਲਾਂ TRF ਕਸ਼ਮੀਰੀ ਪੰਡਤਾਂ ਦੀ ਟਾਰਗੇਟ ਕਿਲਿੰਗ ਕਰਦੀ ਸੀ। ਹੁਣ ਇਹ ਸੰਗਠਨ ਗੈਰ-ਕਸ਼ਮੀਰੀਆਂ ਅਤੇ ਸਿੱਖਾਂ ਨੂੰ ਨਿਸ਼ਾਨਾ ਬਣਾ ਰਿਹਾ ਹੈ। 4 ਦਿਨ ਪਹਿਲਾਂ ਸ਼ੋਪੀਆਂ 'ਚ ਬਿਹਾਰ ਦੇ ਮਜ਼ਦੂਰ ਅਸ਼ੋਕ ਚੌਹਾਨ ਦੀ ਹੱਤਿਆ ਕਰ ਦਿੱਤੀ ਗਈ ਸੀ। ਅਜੇ ਤੱਕ ਕਿਸੇ ਸੰਗਠਨ ਨੇ ਇਸ ਹਮਲੇ ਦੀ ਜ਼ਿੰਮੇਵਾਰੀ ਨਹੀਂ ਲਈ ਹੈ।

## ਅੱਤਵਾਦੀ ਹਮਲੇ 'ਚ ਗੁਰਦਾਸਪੁਰ ਦੇ ਨੌਜਵਾਨ ਦੀ ਮੌਤ

**ਗੁਰਦਾਸਪੁਰ, 21 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਕਸ਼ਮੀਰ ਘਾਟੀ ਦੇ ਜ਼ਿਲ੍ਹਾ ਗੰਦਰਬਲ ਵਿਚ ਲੰਘੀ ਸ਼ਾਮ ਅੱਤਵਾਦੀਆਂ ਦੇ ਹਮਲੇ 'ਚ ਗੁਰਦਾਸਪੁਰ ਦੇ ਗੁਰਮੀਤ ਸਿੰਘ ਦੀ ਮੌਤ ਹੋ ਗਈ। ਗੁਰਮੀਤ ਸਿੰਘ ਪਿੰਡ ਸੱਖੋਵਾਲ ਦਾ ਰਹਿਣ ਵਾਲਾ ਸੀ। ਉਨ੍ਹਾਂ ਦੇ ਪਿਤਾ ਧਰਮ ਸਿੰਘ ਫ਼ੌਜ ਵਿੱਚ ਸੇਵਾਵਾਂ ਨਿਭਾਅ ਚੁੱਕੇ ਹਨ। ਮ੍ਰਿਤਕ ਗੁਰਮੀਤ ਸਿੰਘ (38) ਆਪਣੇ ਪਿੱਛੇ ਮਾਂ-ਬਾਪ ਤੋਂ ਇਲਾਵਾ ਪਤਨੀ ਅਤੇ ਦੋ ਧੀਆਂ ਸਮੇਤ ਇਕ ਪੁੱਤ ਨੂੰ ਛੱਡ ਗਏ ਹਨ। ਮੌਤ ਦੀ ਖ਼ਬਰ ਸੁਣਦੇ ਹੀ ਪਿੰਡ ਵਿਚ ਸੋਗ ਦੀ ਲਹਿਰ ਦੌੜ ਗਈ। ਪਰਿਵਾਰ ਵਾਲਿਆਂ ਦਾ ਰੋ-ਰੋ ਬੁਰਾ ਹਾਲ ਹੈ ਅਤੇ ਗੁਰਮੀਤ ਦੀ ਪਤਨੀ ਡੂੰਘੇ ਸਦਮੇ 'ਚ ਹੈ। ਗੁਰਮੀਤ ਸਿੰਘ ਦੇ ਪਿਤਾ ਧਰਮ ਸਿੰਘ ਅਤੇ ਰਿਸ਼ਤੇਦਾਰਾਂ ਨੇ ਦੱਸਿਆ ਕਿ ਗੁਰਮੀਤ ਸਿੰਘ ਕਈ ਸਾਲਾਂ ਤੋਂ ਇਕ ਨਿੱਜੀ ਕੰਪਨੀ 'ਚ ਮਜ਼ਦੂਰ ਵੱਜੋਂ ਕੰਮ ਕਰ ਰਿਹਾ ਸੀ। ਇਸੇ ਦਰਮਿਆਨ ਉਹ ਜ਼ਿਲ੍ਹਾ ਗੰਦਰਬਲ ਵਿਚ ਸੁਰੰਗ ਦੀ ਉਸਾਰੀ ਦਾ ਕੰਮ ਕਰ ਰਿਹਾ ਸੀ ਕਿ ਅੱਤਵਾਦੀਆਂ ਨੇ ਮਜ਼ਦੂਰਾਂ 'ਤੇ ਤਾਬੜਤੋੜ ਗੋਲੀਬਾਰੀ ਕਰ ਦਿੱਤੀ। ਇਸ ਹਮਲੇ ਦੌਰਾਨ ਉਹ ਪਤਨੀ ਨਾਲ ਗੱਲ ਕਰ ਰਿਹਾ ਸੀ ਅਤੇ ਉਸ ਤੋਂ ਕੁਝ ਸਮੇਂ ਬਾਅਦ ਹੀ ਪਰਿਵਾਰ ਨੂੰ ਗੁਰਮੀਤ ਦੀ ਮੌਤ ਦਾ ਸੁਨੇਹਾ ਮਿਲਿਆ। ਉਥੇ ਹੀ ਪਰਿਵਾਰ ਸਰਕਾਰ ਕੋਲੋਂ ਮਦਦ ਦੀ ਅਪੀਲ ਕਰ ਰਿਹਾ ਹੈ ।



## 1-19 ਨਵੰਬਰ ਤੱਕ ਏਅਰ ਇੰਡੀਆ 'ਚ ਨਾ ਕਰੋ ਸਫਰ, ਭਾਈ ਗੁਰਪਤਵੰਤ ਸਿੰਘ ਨੂੰ ਨੇ ਵੀਡੀਓ ਜਾਰੀ ਕਰਕੇ ਦਿੱਤੀ ਚੇਤਾਵਨੀ



**ਨਵੀਂ ਦਿੱਲੀ, 21 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸਿੱਖ ਫਾਰ ਜਸਟਿਸ ਦੇ ਮੁਖੀ ਭਾਈ ਗੁਰਪਤਵੰਤ ਸਿੰਘ ਪੰਨੂ ਨੇ ਇਕ ਵਾਰ ਫਿਰ ਏਅਰ-ਇੰਡੀਆ ਵਿੱਚ ਸਫਰ ਨਾ ਕਰਨ ਦੀ ਧਮਕੀ ਦਿੱਤੀ ਹੈ। ਵੀਡੀਓ ਵਾਇਰਲ ਕਰਕੇ ਭਾਈ ਗੁਰਪਤਵੰਤ ਸਿੰਘ ਪੰਨੂ ਨੇ 1984 ਦੇ ਸਿੱਖ ਕਤਲੇਆਮ ਦਾ ਬਦਲਾ ਲੈਣ ਦੀ ਗੱਲ ਕੀਤੀ ਹੈ। ਇਹ ਦੂਜੀ ਵਾਰ ਹੈ ਜਦੋਂ ਉਨ੍ਹਾਂ ਨੇ ਏਅਰ ਇੰਡੀਆ ਦਾ ਬਾਈਕਾਟ ਕਰਨ ਲਈ ਕਿਹਾ ਹੈ। ਪਿਛਲੇ ਸਾਲ ਐਨਆਈਏ ਨੇ ਇਸੇ ਐਕਟ 'ਤੇ ਕੇਸ ਦਰਜ ਕੀਤਾ ਸੀ ਅਤੇ ਭਾਈ ਗੁਰਪਤਵੰਤ ਸਿੰਘ ਪੰਨੂ 'ਤੇ ਗੈਰਕਾਨੂੰਨੀ ਗਤੀਵਿਧੀਆਂ (ਰੋਕੂ) ਐਕਟ (ਯੂਏਪੀਏ) ਲਗਾਇਆ ਸੀ। ਉਨ੍ਹਾਂ ਨੇ ਵੱਖ-ਵੱਖ ਸੋਸ਼ਲ ਮੀਡੀਆ ਪਲੇਟਫਾਰਮਾਂ ਰਾਹੀਂ ਆਪਣੀ ਨਵੀਂ ਵੀਡੀਓ ਵਾਇਰਲ ਕੀਤੀ ਹੈ। ਉਨ੍ਹਾਂ ਨੇ ਇਸ ਵੀਡੀਓ 'ਚ ਸਾਫ ਕਿਹਾ ਹੈ ਕਿ 1 ਤੋਂ 19 ਨਵੰਬਰ ਤੱਕ ਏਅਰ ਇੰਡੀਆ 'ਚ ਸਫਰ ਨਾ ਕਰੋ। ਨਵੰਬਰ 1984 ਦੇ ਸਿੱਖ ਕਤਲੇਆਮ ਦੀ 40ਵੀਂ ਬਰਸੀ ਹੈ। ਜਿਸ ਦੇ ਵਿਰੋਧ ਵਿੱਚ ਸਿੱਖਸ ਫਾਰ ਜਸਟਿਸ ਨੇ ਸਾਰਿਆਂ ਨੂੰ ਏਅਰ ਇੰਡੀਆ ਵਿੱਚ ਸਫਰ ਨਾ ਕਰਨ ਲਈ ਕਿਹਾ ਹੈ। ਭਾਈ ਗੁਰਪਤਵੰਤ ਸਿੰਘ ਪੰਨੂ ਦਾ ਕਹਿਣਾ ਹੈ ਕਿ 1984 ਵਿੱਚ 13 ਹਜ਼ਾਰ ਤੋਂ ਵੱਧ ਸਿੱਖ ਅਤੇ ਉਨ੍ਹਾਂ ਦੇ ਬੱਚੇ ਕਤਲ ਕੀਤੇ ਗਏ ਸਨ। ਅੱਜ ਵੀ ਦਿੱਲੀ ਵਿੱਚ ਵਿਧਵਾ ਕਲੋਨੀ ਹੈ। ਇਸ ਸਾਰੀ ਘਟਨਾ ਨੂੰ ਭਾਰਤ ਸਰਕਾਰ ਨੇ ਅੰਜਾਮ ਦਿੱਤਾ ਹੈ। ਇਸ ਵੀਡੀਓ ਦੇ ਨਾਲ ਭਾਈ ਗੁਰਪਤਵੰਤ ਸਿੰਘ ਪੰਨੂ ਦੀ ਇੱਕ ਵੌਇਸ ਰਿਕਾਰਡਿੰਗ ਵੀ ਚੱਲ ਰਹੀ ਹੈ, ਜਿਸ ਵਿੱਚ ਫਲਾਈਟ ਵਿੱਚ ਬੰਬ ਹੋਣ ਦੀ ਗੱਲ ਕਹੀ ਜਾ ਰਹੀ ਹੈ। ਪਿਛਲੇ ਸਾਲ 19 ਨਵੰਬਰ ਨੂੰ ਮੋਹਾਲੀ ਦੇ ਚੰਡੀਗੜ੍ਹ ਏਅਰਪੋਰਟ ਦੇ ਬਾਹਰ ਖਾਲਿਸਤਾਨ ਜ਼ਿੰਦਾਬਾਦ ਦੇ ਨਾਅਰੇ ਲਿਖੇ ਮਿਲੇ ਸਨ। ਉਨ੍ਹਾਂ ਨੇ ਵੀਡੀਓ ਜਾਰੀ ਕਰਕੇ ਇਸ ਦੀ ਜ਼ਿੰਮੇਵਾਰੀ ਲਈ ਸੀ। ਉਨ੍ਹਾਂ ਕਿਹਾ ਕਿ ਏਅਰ ਇੰਡੀਆ ਦੀਆਂ ਉਡਾਣਾਂ ਦਾ ਬਾਈਕਾਟ ਕੀਤਾ ਜਾਵੇਗਾ। SFJ ਕੋਲ ਅੰਮ੍ਰਿਤਸਰ-ਅਹਿਮਦਾਬਾਦ-ਦਿੱਲੀ ਹਵਾਈ ਅੱਡਿਆਂ ਤੱਕ ਪਹੁੰਚ ਹੈ। ਸਿੱਖ ਕੌਮ ਦੇ ਹਿੱਤਾਂ ਦੀ ਰਾਖੀ ਲਈ 19 ਨਵੰਬਰ ਤੋਂ ਬਾਅਦ ਏਅਰ ਇੰਡੀਆ ਨਾਲ ਉਡਾਣ ਨਾ ਭਰੋ ਕਿਉਂਕਿ ਇਸ ਨਾਲ ਆਉਣ ਵਾਲੀਆਂ ਸਿੱਖ ਪੀੜ੍ਹੀਆਂ ਲਈ ਖਤਰਾ ਪੈਦਾ ਹੋਵੇਗਾ। ਭਾਈ ਗੁਰਪਤਵੰਤ ਸਿੰਘ ਪੰਨੂ ਦੀ ਇਸ ਕਾਰਵਾਈ ਤੋਂ ਬਾਅਦ ਐਨਆਈਏ ਪਿਛਲੇ ਸਾਲ ਹੀ ਹਰਕਤ ਵਿੱਚ ਆਈ ਸੀ। ਐਨਆਈਏ ਨੇ ਉਨ੍ਹਾਂ ਖ਼ਿਲਾਫ਼ ਆਈਪੀਸੀ ਦੀ ਧਾਰਾ 1208, 153ਏ ਅਤੇ 506 ਅਤੇ ਗੈ.ਰਕਾਨੂੰਨੀ ਗਤੀਵਿਧੀਆਂ (ਰੋਕੂ) ਐਕਟ (ਯੂਏਪੀਏ), 1967 ਦੀਆਂ ਧਾਰਾਵਾਂ 10, 13, 16, 17, 18, 188 ਅਤੇ 20 ਤਹਿਤ ਕੇਸ ਦਰਜ ਕੀਤਾ ਸੀ।

## ਭਾਰਤ-ਚੀਨ ਦਾ ਸਰਹੱਦੀ ਵਿਵਾਦ ਹੋਏਗਾ ਖਤਮ !ਦੋਵਾਂ ਦੇਸ਼ਾਂ ਵਿਚਾਲੇ ਗਸ਼ਤ ਨੂੰ ਲੈ ਕੇ ਹੋਇਆ ਅਹਿਮ ਸਮਝੌਤਾ



**ਨਵੀਂ ਦਿੱਲੀ, 21 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-LAC ਨੂੰ ਲੈ ਕੇ ਭਾਰਤ ਅਤੇ ਚੀਨ ਵਿਚਾਲੇ ਚੱਲ ਰਹੇ ਵਿਵਾਦ 'ਚ ਵੱਡਾ ਕਦਮ ਚੁੱਕਿਆ ਗਿਆ ਹੈ। ਵਿਦੇਸ਼ ਸਕੱਤਰ ਵਿਕਰਮ ਮਿਸ਼ਰੀ ਨੇ ਘੋਸ਼ਣਾ ਕੀਤੀ ਕਿ ਭਾਰਤ ਅਤੇ ਚੀਨ ਦੋਵਾਂ ਦੇਸ਼ਾਂ ਦੇ ਅਧਿਕਾਰੀਆਂ ਵਿਚਕਾਰ ਹਾਲ ਹੀ ਵਿੱਚ ਹੋਈ ਗੱਲਬਾਤ ਤੋਂ ਬਾਅਦ ਅਸਲ ਕੰਟਰੋਲ ਰੇਖਾ (LAC) ਦੇ ਨਾਲ ਗਸ਼ਤ ਦੇ ਪ੍ਰਬੰਧਾਂ 'ਤੇ ਇੱਕ ਸਮਝੌਤੇ 'ਤੇ ਪਹੁੰਚ ਗਏ ਹਨ। LAC ਦੇ ਨਾਲ-ਨਾਲ ਗਸ਼ਤ 'ਤੇ ਸਮਝੌਤੇ 'ਤੇ, ਵਿਦੇਸ਼ ਸਕੱਤਰ ਵਿਕਰਮ ਮਿਸ਼ਰੀ ਨੇ ਕਿਹਾ, "ਪਿਛਲੇ ਕਈ ਹਫ਼ਤਿਆਂ ਵਿੱਚ ਹੋਈ ਚਰਚਾ ਦੇ ਨਤੀਜੇ ਵਜੋਂ ਭਾਰਤ-ਚੀਨ ਸਰਹੱਦੀ ਖੇਤਰ ਵਿੱਚ ਅਸਲ ਕੰਟਰੋਲ ਰੇਖਾ ਦੇ ਨਾਲ ਗਸ਼ਤ ਦੇ ਪ੍ਰਬੰਧਾਂ 'ਤੇ ਇੱਕ ਸਮਝੌਤਾ ਹੋਇਆ ਹੈ ਅਤੇ ਉਹ ਮੁੱਦਿਆਂ ਨੂੰ ਹੱਲ ਕਰਨਗੇ। 2020 ਵਿੱਚ ਇਹਨਾਂ ਖੇਤਰਾਂ ਵਿੱਚ ਪੈਦਾ ਹੋਏ ਮਸਲਿਆਂ ਦਾ ਹੱਲ ਹੋ ਰਿਹਾ ਹੈ।" ਉਨ੍ਹਾਂ ਕਿਹਾ, "ਅਸੀਂ ਚੀਨ ਨਾਲ ਚਰਚਾ ਕੀਤੇ ਜਾ ਰਹੇ ਮੁੱਦਿਆਂ 'ਤੇ ਇਕ ਸਮਝੌਤੇ 'ਤੇ ਪਹੁੰਚ ਗਏ ਹਾਂ। ਇਸ ਵਿਕਾਸ ਦੇ ਨਾਲ, ਇਹ ਉਮੀਦ ਕੀਤੀ ਜਾਂਦੀ ਹੈ ਕਿ ਫੌਜਾਂ ਅੰਤ ਵਿੱਚ ਸਰਹੱਦ ਤੋਂ ਹਟ ਜਾਣਗੀਆਂ। ਵਿਦੇਸ਼ ਸਕੱਤਰ ਨੇ ਕਿਹਾ ਕਿ ਭਾਰਤ ਅਤੇ ਚੀਨੀ ਵਾਰਤਾਕਾਰ ਸਰਹੱਦ 'ਤੇ ਬਾਕੀ ਮੁੱਦਿਆਂ ਨੂੰ ਸੁਲਝਾਉਣ ਲਈ ਪਿਛਲੇ ਕੁਝ ਹਫ਼ਤਿਆਂ ਤੋਂ ਸੰਪਰਕ ਵਿੱਚ ਹਨ। ਕਥਿਤ ਤੌਰ 'ਤੇ ਇਹ ਸਮਝੌਤਾ ਡੇਪਸਾਂਗ ਅਤੇ ਡੇਮਚੋਕ ਖੇਤਰਾਂ ਵਿੱਚ ਗਸ਼ਤ ਦੇ ਪ੍ਰਬੰਧਾਂ ਨਾਲ ਸਬੰਧਤ ਹੈ। ਪੂਰਬੀ ਲੱਦਾਖ ਸਰਹੱਦ 'ਤੇ 2020 ਦੀ ਝੜਪ ਤੋਂ ਬਾਅਦ ਦੋਵਾਂ ਗੁਆਂਢੀਆਂ ਵਿਚਾਲੇ ਸਬੰਧ ਤਣਾਅਪੂਰਨ ਹਨ, ਜਿਸ ਦੇ ਨਤੀਜੇ ਵਜੋਂ 20 ਭਾਰਤੀ ਸੈਨਿਕਾਂ ਅਤੇ ਅਣਪਛਾਤੇ ਚੀਨੀ ਸੈਨਿਕਾਂ ਦੀ ਸ਼ਹਾਦਤ ਹੋਈ ਸੀ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਬ੍ਰਿਕਸ ਸੰਮੇਲਨ 'ਚ ਹਿੱਸਾ ਲੈਣ ਲਈ ਰੂਸ ਦੇ ਕਜ਼ਾਨ ਜਾ ਰਹੇ ਹਨ। ਉਨ੍ਹਾਂ ਦੇ ਨਿਰਧਾਰਿਤ ਦੌਰੇ ਤੋਂ ਇਕ ਦਿਨ ਪਹਿਲਾਂ ਇਸ ਕਦਮ ਨੂੰ ਬਹੁਤ ਮਹੱਤਵਪੂਰਨ ਮੰਨਿਆ ਜਾ ਰਿਹਾ ਹੈ ਕਿਉਂਕਿ ਅਟਕਲਾਂ ਲਗਾਈਆਂ ਜਾ ਰਹੀਆਂ ਹਨ ਕਿ ਪੀਐਮ ਮੋਦੀ ਅਤੇ ਚੀਨੀ ਰਾਸ਼ਟਰਪਤੀ ਸ਼ੀ ਜਿਨਪਿੰਗ ਸਿਖਰ ਸੰਮੇਲਨ ਦੌਰਾਨ ਦੁਵੱਲੀ ਮੀਟਿੰਗ ਕਰ ਸਕਦੇ ਹਨ। ਹਾਲਾਂਕਿ, ਕੋਈ ਅਧਿਕਾਰਤ ਪੁਸ਼ਟੀ ਨਹੀਂ ਕੀਤੀ ਗਈ ਹੈ।

## 'ਆਪ' ਆਗੂ ਦੇ ਘਰ 'ਤੇ ਪੁਲਸ ਦੀ ਮੌਜੂਦਗੀ 'ਚ ਚੱਲੀਆਂ ਗੋਲੀਆਂ

**ਪੱਟੀ, 21 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਤਰਨਤਾਰਨ ਦੇ ਪੱਟੀ ਤੋਂ ਸਰਪੰਚੀ ਚੋਣਾਂ ਦੀ ਰੰਜਿਸ਼ ਨੂੰ ਲੈ ਕੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਚੇਅਰਮੈਨ ਰਣਜੀਤ ਸਿੰਘ ਚੀਮਾ ਦੇ ਘਰ ਅੰਦਰ ਗੋਲੀਆਂ ਚਲਾਈਆਂ ਗਈਆਂ ਅਤੇ ਘਰ ਦੀ ਭੰਨਤੋੜ ਕੀਤੀ ਗਈ। ਇਸ ਦੌਰਾਨ ਪਿੰਡ ਚੀਮਾ ਕਲਾਂ ਦੇ ਨਵ-ਨਿਯੁਕਤ ਸਰਪੰਚ ਜਗਰੂਪ ਸਿੰਘ ਚੀਮਾ ਗੋਲੀ ਲੱਗਣ ਕਾਰਨ ਜ਼ਖਮੀ ਹੋ ਗਏ, ਜਿਨ੍ਹਾਂ ਨੂੰ ਇਲਾਜ ਲਈ ਹਸਪਤਾਲ ਦਾਖ਼ਲ ਕਰਵਾਇਆ ਗਿਆ ਹੈ। ਦੱਸਿਆ ਜਾ ਰਿਹਾ ਹੈ ਕਿ ਮੁਲਜ਼ਮਾਂ ਵਲੋਂ ਪੁਲਸ ਦੀ ਮੌਜੂਦਗੀ 'ਚ ਹੀ ਘਰ ਅੰਦਰ ਤਾੜ ਤਾੜ ਗੋਲੀਆਂ ਚਲਾਈਆਂ ਗਈਆਂ ਅਤੇ ਪੁਲਸ ਨੇ ਮੌਕੇ 'ਤੇ ਹੀ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ । ਇਸ ਮੌਕੇ ਸਰਪੰਚ ਦੇ ਭਰਾ ਨੇ ਦੱਸਿਆ ਕਿ ਜਦੋਂ ਜਗਰੂਪ ਸਿੰਘ ਚੀਮਾ ਨੂੰ ਉਮੀਦਵਾਰ ਐਲਾਨਿਆ ਸੀ, ਉਸ ਦਿਨ ਤੋਂ ਹੀ ਮੈਨੂੰ ਧਮਕੀਆਂ ਭਰੇ ਫੋਨ ਆਉਣੇ ਸ਼ੁਰੂ ਹੋ ਗਏ ਸਨ। ਜਿਸ ਤੋਂ ਬਾਅਦ ਇਸ ਦੀ ਸੂਚਨਾ ਪੁਲਸ ਨੂੰ ਵੀ ਦਿੱਤੀ ਗਈ ਸੀ ਪਰ ਅੱਜ ਮੁਲਜ਼ਮਾਂ ਦੀ ਹੱਦ ਹੋ ਗਈ ਕਿ ਉਨ੍ਹਾਂ ਨੇ ਘਰ ਆ ਕੇ ਫਾਇਰਿੰਗ ਕੀਤੀ ਜਿਸ 'ਚ ਸਰਪੰਚ ਜਗਰੂਪ ਸਿੰਘ ਚੀਮਾ ਗੰਭੀਰ ਜ਼ਖ਼ਮੀ ਹੋ ਗਏ ਹਨ।

## ਕੇਐੱਲ ਰਾਹੁਲ ਨੇ ਟੈਸਟ ਕ੍ਰਿਕਟ ਤੋਂ ਲਿਆ ਸੰਨਿਆਸ !, ਬੈਂਗਲੂਰੂ ਦੀ ਪਿੱਚ ਨੂੰ ਚੁੰਮ ਕੇ ਕਿਹਾ 'ਅਲਵਿਦਾ'



**ਨਵੀਂ ਦਿੱਲੀ, 21 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਟੀਮ ਇੰਡੀਆ ਦੇ ਬੱਲੇਬਾਜ਼ ਕੇਐੱਲ ਰਾਹੁਲ ਨੂੰ ਭਾਰਤੀ ਕ੍ਰਿਕਟ ਬੋਰਡ ਦੇ ਚੋਣਕਾਰਾਂ ਨੇ ਨਿਊਜ਼ੀਲੈਂਡ ਖ਼ਿਲਾਫ਼ ਟੈਸਟ ਸੀਰੀਜ਼ ਲਈ ਮਾਹਿਰ ਬੱਲੇਬਾਜ਼ ਵਜੋਂ ਚੁਣਿਆ ਹੈ। ਇਸ ਸੀਰੀਜ਼ ਦੇ ਪਹਿਲੇ ਮੈਚ 'ਚ ਕੇਐੱਲ ਰਾਹੁਲ ਬੁਰੀ ਤਰ੍ਹਾਂ ਅਸਫਲ ਰਹੇ ਅਤੇ ਭਾਰਤੀ ਟੀਮ ਨੂੰ ਉਨ੍ਹਾਂ ਦੀ ਖਰਾਬ ਫਾਰਮ ਕਾਰਨ ਹੀ ਹਾਰ ਦਾ ਸਾਹਮਣਾ ਕਰਨਾ ਪਿਆ ਹੈ। ਕੇਐੱਲ ਰਾਹੁਲ ਦੇ ਇਸ ਖਰਾਬ ਪ੍ਰਦਰਸ਼ਨ ਤੋਂ ਬਾਅਦ ਉਨ੍ਹਾਂ ਨੂੰ ਸੋਸ਼ਲ ਮੀਡੀਆ 'ਤੇ ਖੂਬ ਟ੍ਰੋਲ ਕੀਤਾ ਗਿਆ ਅਤੇ ਇਸ ਦੇ ਨਾਲ ਹੀ ਕਈ ਲੋਕਾਂ ਨੇ ਮੰਗ ਕੀਤੀ ਹੈ ਕਿ ਸੀਰੀਜ਼ ਦੇ ਆਉਣ ਵਾਲੇ ਮੈਚਾਂ 'ਚੋਂ ਕੇਐੱਲ ਰਾਹੁਲ ਨੂੰ ਬਾਹਰ ਦਾ ਰਸਤਾ ਦਿਖਾਇਆ ਜਾਵੇ। ਇਸ ਦੇ ਨਾਲ ਹੀ ਕੇਐੱਲ ਰਾਹੁਲ ਦੀ ਇੱਕ ਕਲਿੱਪ ਵੀ ਇੰਟਰਨੈੱਟ 'ਤੇ ਵਾਇਰਲ ਹੋ ਰਹੀ ਹੈ।

ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ (ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ) ਦੀ ਪ੍ਰੇਰਨਾ ਸਦਕਾ

www.nsycuk.com

ਸਾਲਾਨਾ ਯਾਤਰਾ 20 ਫਰਵਰੀ ਤੋਂ 12 ਮਾਰਚ 2025 ਤੱਕ

# ਪੰਜ ਤਖ਼ਤ ਸਾਹਿਬਾਨ ਅਤੇ ਹੋਰ ਇਤਿਹਾਸਕ ਗੁਰਦੁਆਰਿਆਂ ਦੀ ਸਾਲਾਨਾ ਯਾਤਰਾ


ਸ੍ਰੀ ਅਕਾਲ ਤਖ਼ਤ ਸਾਹਿਬ


ਤਖ਼ਤ ਸ੍ਰੀ ਪਟਨਾ ਸਾਹਿਬ


ਤਖ਼ਤ ਸ੍ਰੀ ਕੇਸਗੜ੍ਹ ਸਾਹਿਬ


ਤਖ਼ਤ ਸ੍ਰੀ ਦਮਦਮਾ ਸਾਹਿਬ


ਤਖ਼ਤ ਸ੍ਰੀ ਹਜ਼ੂਰ ਸਾਹਿਬ

## ਯਾਤਰਾ ਗੁਰਦੁਆਰਾ ਦੂਖ ਨਿਵਾਰਣ ਸਾਹਿਬ, ਗੁਰੂ ਤੇਗ ਬਹਾਦਰ ਨਗਰ, ਜਲੰਧਰ ਤੋਂ

20 ਫਰਵਰੀ 2025, ਦਿਨ ਵੀਰਵਾਰ ਨੂੰ ਸਵੇਰੇ ਠੀਕ 8 ਵਜੇ ਆਰੰਭ ਹੋਵੇਗੀ, ਸੰਗਤਾਂ ਸਵੇਰੇ 7.30 ਵਜੇ ਤੱਕ ਪਹੁੰਚਣ ਦੀ ਕਿਰਪਾ ਕਰਨ। 12 ਮਾਰਚ 2025, ਦਿਨ ਬੁੱਧਵਾਰ ਨੂੰ ਉਕਤ ਗੁਰਦੁਆਰਾ ਸਾਹਿਬ ਵਿਖੇ ਹੀ ਯਾਤਰਾ ਦੀ ਸਮਾਪਤੀ ਹੋਵੇਗੀ।



ਬਾਹਰਲੇ ਦੇਸ਼ਾਂ ਤੋਂ ਜਾਣ ਵਾਲੇ ਯਾਤਰੀ ਦਾ ਖਰਚ 400 ਪੌਂਡ ਅਤੇ ਪੱਕੇ ਤੌਰ 'ਤੇ ਭਾਰਤ ਵਿਚ ਰਹਿ ਰਹੇ ਯਾਤਰੀ ਦਾ ਖਰਚਾ 20 ਹਜ਼ਾਰ ਰੁਪਏ ਹੈ

ਸੀਮਤ ਸੀਟਾਂ ਜਲਦੀ ਬੁਕਿੰਗ ਕਰਵਾਉ ਜੀ

ਨੋਟ: ਵਿਦੇਸ਼ਾਂ ਤੋਂ ਸੰਗਤਾਂ ਆਪੋ-ਆਪਣੀਆਂ ਟਿਕਟਾਂ ਲੈ ਕੇ ਪੰਜਾਬ ਪਹੁੰਚਣਗੀਆਂ। ਯਾਤਰਾ ਏਅਰ ਕੰਡੀਸ਼ਨਰ ਕੋਚਾਂ ਵਿੱਚ ਕਰਵਾਈ ਜਾਵੇਗੀ। ਇੰਗਲੈਂਡ, ਅਮਰੀਕਾ, ਕੈਨੇਡਾ ਜਾਂ ਦੁਨੀਆਂ ਦੇ ਕਿਸੇ ਵੀ ਦੇਸ਼ ਵਿੱਚ ਰਹਿੰਦੇ ਸ਼ਰਧਾਲੂ ਇਸ ਯਾਤਰਾ ਵਿੱਚ ਜਾਣ ਲਈ ਸੰਪਰਕ ਕਰ ਸਕਦੇ ਹਨ। ਭਾਰਤ ਦੇ ਪੱਕੇ ਵਸਨੀਕ ਰਿਸ਼ਤੇਦਾਰਾਂ/ ਮਿੱਤਰਾਂ ਦੀ ਬੁਕਿੰਗ ਵੀ ਇੱਥੇ ਯੂ.ਕੇ. ਵਿੱਚ ਤੁਸੀਂ ਕਰਵਾ ਸਕਦੇ ਹੋ।

ਗੁ. ਸ੍ਰੀ ਗੁਰੂ ਤੇਗ ਬਹਾਦਰ, ਜਲੰਧਰ ਤੋਂ ਸ਼ੁਰੂਆਤ, ਗੁ. ਸ਼ਹੀਦ ਬੇਅੰਤ ਸਿੰਘ, ਗੁ. ਗੁਰੂ ਕਾ ਲਾਹੌਰ, ਗੁ. ਸੁਹੇਲਾ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਆਨੰਦਪੁਰ ਸਾਹਿਬ, ਬਾਉਲੀ ਸਾਹਿਬ, ਗੁ. ਨਾਢਾ ਸਾਹਿਬ, ਗੁ. ਸ੍ਰੀ ਕ੍ਰਿਪਾਲ ਸ਼ਿਲਾ, ਗੁ. ਸ੍ਰੀ ਪਾਉਂਟਾ ਸਾਹਿਬ, ਗੁ. ਦਸਤਾਰ ਅਸਥਾਨ, ਗੁ. ਭੰਗਾਣੀ ਸਾਹਿਬ, ਗੁ. ਤੀਰਗੜ੍ਹੀ ਸਾਹਿਬ, ਗੁ. ਨਾਨਕਮਤਾ ਸਾਹਿਬ, ਗੁ. ਬਾਬਾ ਅਲਮਸਤ ਸਾਹਿਬ, ਗੁ. ਭੰਡਾਰਾ ਸਾਹਿਬ, ਗੁ. ਦੁੱਧ ਵਾਲਾ ਖੂਹ, ਬਾਉਲੀ ਸਾਹਿਬ, ਗੁ. ਭਗਤ ਕਬੀਰ ਜੀ ਮਗਹਰ,ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ, ਗੁ. ਗਊ ਘਾਟ, ਗੁ. ਤਾਕੀ ਸਾਹਿਬ, ਗੁ. ਗੁਰੂ ਕਾ ਬਾਗ ਪਟਨਾ ਸਾਹਿਬ, ਗੁ. ਕੰਗਣ ਘਾਟ, ਮਾਤਾ ਗੁਜਰੀ ਜੀ ਦਾ ਖੂਹ, ਗੁ. ਬਾਲ ਲੀਲ੍ਹਾ, ਗੁ. ਹਾਂਡੀ ਸਾਹਿਬ, ਗੁ. ਸ਼ੀਤਲ ਕੁੰਡ ਰਾਜਗੀਰ, ਗੁ. ਗਵਾਰੀ ਘਾਟ ਸਾਹਿਬ ਜੱਬਲਪੁਰ, ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਗੁ. ਰਤਨਗੜ੍ਹ ਸਾਹਿਬ, ਗੁ. ਨਾਨਕਸਰ, ਗੁ. ਸੰਗਤ ਸਾਹਿਬ, ਗੁ. ਮਾਤਾ ਸਾਹਿਬ ਦੇਵਾਂ ਜੀ, ਗੁ. ਅੰਗੀਠਾ ਸਾਹਿਬ ਸੰਤ ਬਾਬਾ ਨਿਧਾਨ ਸਿੰਘ ਜੀ-ਸੰਤ ਬਾਬਾ ਹਰਨਾਮ ਸਿੰਘ ਜੀ, ਗੁ. ਭਜਨਗੜ੍ਹ ਸਾਹਿਬ, ਗੁ. ਨਾਨਕ ਝੀਰਾ ਸਾਹਿਬ, ਗੁ. ਹੀਰਾ ਘਾਟ, ਗੁ. ਮਾਲਟੇਕੜੀ ਸਾਹਿਬ, ਗੁ. ਨਗੀਨਾ ਘਾਟ, ਗੁ. ਬੰਦਾ ਘਾਟ, ਦੇਹੁਰਾ ਭਗਤ ਨਾਮਦੇਵ ਜੀ, ਗੁ. ਬੜੀ ਸੰਗਤ ਸਾਹਿਬ ਬੁਰਹਾਨਪੁਰ, ਗੁ. ਦੱਖਣੀ ਓਅੰਕਾਰ ਸਾਹਿਬ, ਗੁ. ਸਾਹਿਬ ਬੇਟਮਾ ਇੰਦੌਰ, ਗੁ. ਦਾਤਾ ਬੰਦੀ ਛੋੜ ਗਵਾਲੀਅਰ, ਗੁ. ਦੂਖ ਨਿਵਾਰਨ ਸਾਹਿਬ ਆਗਰਾ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ, ਭਾਈ ਡੱਲੇ ਦੀ ਹਵੇਲੀ, ਭੋਰਾ ਬਾਬਾ ਦੀਪ ਸਿੰਘ ਜੀ, ਗੁ. ਬਾਬਾ ਬੀਰ ਸਿੰਘ ਧੀਰ ਸਿੰਘ, ਗੁ. ਦਮਦਮਾ ਸਾਹਿਬ, ਗੁਰਦੁਆਰਾ ਬੁੰਗਾ ਮਸਤੂਆਣਾ, ਗੁਰੂਸਰ ਮਹਿਰਾਜ, ਗੁ. ਜ਼ਫਰਨਾਮਾ ਸਾਹਿਬ, ਗੁਰਦੁਆਰਾ ਟੁੱਟੀ ਗੰਢੀ ਸਾਹਿਬ, ਗੁ. ਤੰਬੂ ਸਾਹਿਬ ਸ੍ਰੀ ਮੁਕਤਸਰ ਸਾਹਿਬ, ਸ੍ਰੀ ਤਰਨਤਾਰਨ ਸਾਹਿਬ, ਛੇਹਰਟਾ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਤੋਂ ਜਲੰਧਰ ਵਾਪਸੀ ਹੋਵੇਗੀ ।

**ਯਾਤਰੂ ਟਰੈਵਲ ਇੰਸ਼ੋਰੈਂਸ ਖੁਦ ਜ਼ਰੂਰ ਕਰਵਾਉਣ। ਤੁਸੀਂ ਆਪਣੇ ਨਾਂਅ ਇੰਗਲੈਂਡ ਦੇ ਵੱਖ-ਵੱਖ ਸ਼ਹਿਰਾਂ ਵਿਚ ਵੀ ਸਾਡੇ ਸੇਵਾਦਾਰਾਂ ਨੂੰ ਦੇ ਸਕਦੇ ਹੋ। ਵਧੀਆ ਰਿਹਾਇਸ਼ ਅਤੇ ਮੁੱਢਲੀ ਡਾਕਟਰੀ ਸਹਾਇਤਾ ਦਾ ਖਾਸ ਪ੍ਰਬੰਧ ਕੀਤਾ ਜਾਂਦਾ ਹੈ।**

## ਗੁਰੂ ਪੰਥ ਦੇ ਦਾਸ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ

| | | | |
|---|---|---|---|
| ਭਾਈ ਰਘਵੀਰ ਸਿੰਘ ਮਾਲੜੀ ਨੋਟਿੰਘਮ | +44 7813953484 | ਭਾਈ ਅਮਰੀਕ ਸਿੰਘ ਤੂਰ ਡਰਬੀ | +44 7539243163 |
| ਭਾਈ ਰਘਵੀਰ ਸਿੰਘ ਵਾਲਸਾਲ | +44 7976210161 | ਬੀਬੀ ਜਸਵਿੰਦਰ ਕੌਰ ਥਾਂਦੀ ਕਵੈਂਟਰੀ | +44 7895666314 |
| ਭਾਈ ਬਲਜੀਤ ਸਿੰਘ ਕੰਗ | +44 7780605230 | ਭਾਈ ਕਪਤਾਨ ਸਿੰਘ ਵੁਲਵਰਹੈਂਪਟਨ | +44 7788283485 |

ਨੋਟ: ਕਿਸੇ ਜਥੇਬੰਦੀ ਜਾਂ ਨਿੱਜੀ ਲਾਭ ਦੀ ਬਜਾਏ ਇਸ ਯਾਤਰਾ ਕਮੇਟੀ ਦਾ ਗਠਨ ਸੰਗਤਾਂ ਦੀ ਸੇਵਾ ਲਈ ਕੀਤਾ ਗਿਆ ਹੈ, ਇਕੱਤਰ ਮਾਇਆ ਗੁਰਦੁਆਰਾ ਸਾਹਿਬਾਨ ਦੀ ਸੇਵਾ ਵਿੱਚ ਹੀ ਲਾਈ ਜਾਂਦੀ ਹੈ।

Nankana Sahib Yatra Committee U.K, 21 Hazel Ave, Littleover, Derby De23 7HA
www.nsycuk.com, E-Mail: nsycuk1469@gmail.com
ਪਿਛਲੇ ਸਾਲਾਂ ਦੀਆਂ ਯਾਤਰਾ ਤਸਵੀਰਾਂ ਦੇਖਣ ਲਈ ਸਾਡੇ ਫੇਸਬੁੱਕ ਪੇਜ Nankana Sahib Yatra Commitee UK ਅਤੇ ਵੈੱਬਸਾਈਟ ਤੇ ਜ਼ਰੂਰ ਜਾਉ ਜੀ

# ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar



www.damdamitaksal.net

Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਦਮਦਮੀ ਟਕਸਾਲ
ਨਾਮ ਜਪੋ
ਕਿਰਤ ਕਰੋ
ਵੰਡ ਛੱਕੋ
Naam Japo
Kirat Karo
Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**
Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**
Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**
Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**
Learn Gurmukhi Punjabi

**ਗਤਕਾ ਸਿੱਖੋ** Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**


## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 SERVICE EVERYDAY HOURS
PURE AND NATURAL 100% VEGETARIAN
Enjoy Real Taste of PUNJAB
KD
FULLY A.C. HALL
**Khehra VAISHNO DHABA**
BREAKFAST
LUNCH
DINNER
**OUR SPECIALIZATION :** Au Important Ingredients used to Prepare Dishes are Grown in our own farmes.

Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment



# ਪੰਜਾਬੀ
## ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ

| | | | | |
|---|---|---|---|---|
| ੳ | ਅ | ੲ | ਸ | ਹ |
| ਕ | ਖ | ਗ | ਘ | ਙ |
| ਚ | ਛ | ਜ | ਝ | ਞ |
| ਟ | ਠ | ਡ | ਢ | ਣ |
| ਤ | ਥ | ਦ | ਧ | ਨ |
| ਪ | ਫ | ਬ | ਭ | ਮ |
| ਯ | ਰ | ਲ | ਵ | ੜ |
| ਸ਼ | ਖ਼ | ਗ਼ | ਜ਼ | ਫ਼ | ਲ਼ |

Love Maa Boli Punjabi

www.damdamitaksal.net

ਮੁਕਤਾ, ਾ ਕੰਨਾ, ਿ ਸਿਹਾਰੀ, ੀ ਬਿਹਾਰੀ
ੁ ਔਂਕੜ, ੂ ਦੁਲੈਂਕੜ, ੇ ਲਾਂ, ੈ ਦੁਲਾਵਾਂ
ੋ ਹੋੜਾ, ੌ ਕਨੌੜਾ, ੰ ਟਿੱਪੀ, ਾਂ ਕੰਨਾ-ਬਿੰਦੀ
www.damdamitaksal.net

੧ ੨ ੩ ੪ ੫ ੬ ੭ ੮ ੯ ੧੦
www.damdamitaksal.net
Learn Speak Read Write
PUNJABI



ਦੇਗ ਤੇਗ ਫ਼ਤਿਹ - ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਧੰਨ-ਧੰਨ ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470




ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ
ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ
ਖ਼ਰੀਦਣ ਲਈ ਸੰਪਰਕ ਕਰੋ।
ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ
ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜ਼ਾਰ, ਜਲੰਧਰ (ਪੰਜਾਬ)
ਸੰਪਰਕ ਨੰ.:
+91 98882-22446




ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ
ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ
ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ
ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ
ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ
ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ
ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ
ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ
ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote


KHALSA FORGE
Explore a stunning collection of high-quality Damascus and Sarbloh Kirpans, meticulously crafted for excellence.
www.khalsaforge.com
ਖਾਲਸਾ ਫੋਰਜ
☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।
☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।
www.khalsaforge.com


HAYES PLANT HIRE
WE TRAIN YOU GAIN
NPORS ACCREDITED
Telescopic Handler
Excavator 360
Road Roller
Forward Tipping Dumper
Tractor
Dozer
Plant Training and Testing on All CATEGORIES OF MACHINERY.
Dump Truck
HAYES PLANT HIRE
ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ
NROPS Accredited
ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ
ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।
CONTACT- 07831543004
Hollis Farm, Clay Cross Chesterfield. S45 9BA
01246864370
ਆਵਾਜ਼ਿ ਕੌਮ AWAZE QAUM International Newspaper & WEB TV
CALL US TO BOOK YOUR CSCS LEVEL ONE COURSE.
07715128621


DHAN DHAN SRI GURU NANAK DEV JI'S
PARKASH PURAB
SANDWELL
NAGAR
KIRTAN
ਨਗਰ ਕੀਰਤਨ
SUNDAY 3 NOV 2024
GURDWARA GURU HAR RAI SAHIB JI START 9.00AM
George Street, West Bromwich
GURU NANAK GURDWARA 11.00AM
Edward Street, West Bromwich
GURDWARA AMRIT PARCHAR DHARMIK DIWAN 1.00PM
Birmingham Road, Oldbury
GURDWARA GURU MANEYO GRANTH 2.00PM
Popes Lane, Oldbury
GURDWARA BABA SANG 3.15PM
St Paul's Road, Smethwick
GURU NANAK GURDWARA SMETHWICK 4.00pm FINISH
High Street, Smethwick
ਗੁਰਦੁਆਰਾ ਗੁਰੂ ਹਰਿ ਰਾਇ ਸਾਹਿਬ ਅਰੰਭਤਾ: ੯.੦੦ ਵਜੇ
ਜੋਰਜ ਸਟਰੀਟ ਵੈਸਟ ਬ੍ਰਮਵਿਚ
ਗੁਰੂ ਨਾਨਕ ਗੁਰਦੁਆਰਾ, ੧੧.੦੦ ਵਜੇ
ਏਡਵਰਡ ਸਟਰੀਟ ਵੈਸਟ ਬ੍ਰਮਵਿਚ
ਗੁਰਦੁਆਰਾ ਅੰਮ੍ਰਿਤ ਪ੍ਰਚਾਰ ਧਾਰਮਿਕ ਦੀਵਾਨ ੧.੦੦ ਵਜੇ
ਬ੍ਰਮਿੰਘਮ ਰੋਡ, ਓਲਡਬਰੀ
ਗੁਰਦੁਆਰਾ ਗੁਰੂ ਮਾਨਯੋ ਗ੍ਰੰਥ ੨.੦੦ ਵਜੇ
ਪੋਪਸ ਲੇਨ, ਓਲਦਬਰੀ
ਗੁਰਦੁਆਰਾ ਬਾਬਾ ਸੰਗ ਜੀ ੩.੧੫ ਵਜੇ
ਸਟ. ਪੌਲਜ਼ ਰੋਡ, ਸਮੈਦਿਕ
ਗੁਰੂ ਨਾਨਕ ਗੁਰਦੁਆਰਾ ਸਮਾਪਤੀ: ੪.੦੦ ਵਜੇ
ਸਮੈਦਿਕ
ਆਵਾਜ਼ਿ ਕੌਮ
AWAZE QAUM
International Newspaper & WEB TV
GURU HAR RAI GURDWARA SAHIB - 0121 553 7219
GURU NANAK GURDWARA SMETHWICK - 0121 558 2527
GURDWARA AMRIT PARCHAR DHARMIK DIWAN OLDBURY
Gurdwara Guru Maneyo Granth OLDBURY
GURU NANAK GURDWARA SMETHWICK
The Council of Sikh Gurdwaras in Sandwell

## ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਅਤੇ
ਧੰਨ-ਧੰਨ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਵਸ ਨੂੰ ਸਮਰਪਿਤ

# 28ਵਾਂ ਸਲਾਨਾ ਗੁਰਮਤਿ ਸਮਾਗਮ



ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

## ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ)
(ਬੱਬਰਾਂ ਦੇ ਹਾਈ ਕੋਰਟ)

**ਮਿਤੀ 3 ਨਵੰਬਰ 2024, ਦਿਨ ਐਤਵਾਰ**
ਨੂੰ ਸ੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ।



ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਖਾਲਸਾ ਵਿਸ਼ੇਸ਼ ਤੌਰ 'ਤੇ ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦਾ ਇਤਿਹਾਸ ਸੰਗਤਾਂ ਨੂੰ ਸਰਵਣ ਕਰਵਾਉਣਗੇ।

ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਮੈਂਬਰ ਸ਼੍ਰੋਮਣੀ ਕਮੇਟੀ, ਨਿਰਮਲੇ, ਉਦਾਸੀ, ਧਾਰਮਿਕ, ਸੰਯੁਕਤ ਕਿਸਾਨ ਮੋਰਚੇ ਦੇ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਭਾਰਤ ਅਤੇ ਯੂ. ਕੇ. ਦੇ ਸਮੂਹ ਅਹੁਦੇਦਾਰ, ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

ਸਭ ਨੂੰ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਵੱਧ ਤੋਂ ਵੱਧ ਸੰਗਤਾਂ ਲੈ ਕੇ ਸਮਾਗਮਾਂ ਵਿੱਚ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

## ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ

**1 ਨਵੰਬਰ 2024 ਦਿਨ ਸ਼ੁੱਕਰਵਾਰ**
ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ 10.00 ਵਜੇ ਸਵੇਰੇ
**3 ਨਵੰਬਰ 2024 ਦਿਨ ਐਤਵਾਰ ਨੂੰ**
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ 10.00 ਵਜੇ ਸਵੇਰੇ

ਆਵਾਜ਼ਿ ਕੌਮ AWAZE QAUM International Newspaper & WEB TV

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10.00 ਵਜੇ ਤੋਂ ਸ਼ਾਮ 4.00 ਵਜੇ ਤੱਕ ਦੀਵਾਨ ਸਜਣਗੇ।



--✶ ਬੇਨਤੀ ਕਰਤਾ ✶--

## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਦਮਦਮੀ ਟਕਸਾਲ ਭਿੰਡਰਾਂਵਾਲੇ
ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ
ਪ੍ਰਧਾਨ ਸੰਤ ਸਮਾਜ ਭਾਈ ਲਾਲੋ ਜੀ
ਮੁੱਖ ਬੁਲਾਰਾ ਸੰਤ ਸਮਾਜ ਇੰਟਰਨੈਸ਼ਨਲ ਪੰਥਕ ਦਲ
ਮੋ.: 98141-27470, 73408-35137




# ਅਮਰ ਸ਼ਹੀਦ ਭਾਈ ਬਲਵਿੰਦਰ ਸਿੰਘ ਬਾਰਾ ਦਾ ਸ਼ਹੀਦੀ ਦਿਹਾੜਾ 26 ਅਕਤੂਬਰ ਨੂੰ - ਜੱਥਾ ਠੀਕਰੀਵਾਲ

ਸਿੱਖ ਕੌਮ ਦੀ ਆਜ਼ਾਦੀ ਦੀ ਲੜਾਈ ਵਿੱਚ ਹਜ਼ਾਰਾਂ ਯੋਧਿਆਂ ਨੇ ਸ਼ਹਾਦਤ ਦਿੱਤੀ ਇੱਕ ਸੰਘਰਸ਼ ਵਿੱਚ ਅਮਰ ਸ਼ਹੀਦ ਅਮਰ ਸ਼ਹੀਦ ਭਾਈ ਬਲਵਿੰਦਰ ਸਿੰਘ ਬਾਰਾ ਦਾ ਅਹਿਮ ਕਿਰਦਾਰ ਹੈ ਓਨਾ ਦਾ ਸ਼ਹੀਦੀ ਦਿਹਾੜਾ ਸ਼ਹਾਦਤ 26 ਅਕਤੂਬਰ ਨੂੰ ਓਨਾ ਦੇ ਜੱਦੀ ਪਿੰਡ ਪੰਜੋਲਾਂ ਜਿਲ੍ਹਾ ਰੋਪੜ ਵਿਖ਼ੇ ਮਨਾਇਆ ਜਾ ਰਿਹਾ ਹੈ, ਇਹ ਜਾਣਕਾਰੀ ਜੱਥਾ ਠੀਕਰੀਵਾਲ ਦੇ ਮੁੱਖੀ ਭਾਈ ਸੁਰਿੰਦਰ ਸਿੰਘ ਠੀਕਰੀਵਾਲ ਨੇ ਦਿੱਤੀ

ਭਾਈ ਠੀਕਰੀਵਾਲ ਨੇ ਦੱਸਿਆ ਭਾਈ ਬਾਰਾ ਜੀ ਤਕਰੀਬਨ 32 ਸਾਲ ਪਹਿਲਾ ਸ਼ਹੀਦ ਹੋਏ ਸਨ ਪਰ ਕਦੇ ਵੀ ਓਨਾ ਦਾ ਸ਼ਹੀਦੀ ਦਿਹਾੜਾ ਨਹੀਂ ਮਨਾਇਆ ਗਿਆ ,ਅਸੀਂ ਸ਼ਹੀਦ ਪਰਿਵਾਰ ,ਨਗਰ ਨਿਵਾਸੀ ਅਤੇ ਨੌਜਵਾਨ ਸਭਾ ਪੰਜੋਲਾਂ ਦਾ ਸਹਿਯੋਗ ਸਦਕਾ ਪਹਿਲੀ ਵਾਰ ਸ਼ਹੀਦੀ ਸਮਾਗਮ ਕਰ ਰਹੇ ਹਾ ਇਸ ਸਮਾਗਮ ਵਿੱਚ ਪੰਥ ਪ੍ਰਸਿੱਧ ਢਾਡੀ ਜੱਥਾ ਸਰਪੰਚ ਨਾਥ ਸਿੰਘ ਹਮੀਦੀ ਦਾ ਢਾਢੀ ਜੱਥਾ ਸਿੰਘਾਂ ਸ਼ਹੀਦਾਂ ਦਾ ਇਤਿਹਾਸ ਸੁਣਾ ਕੇ ਨਿਹਾਲ ਕਰੇਗਾ ਭਾਈ ਪਾਰਸ ਸਿੰਘ ਸੁਲਤਾਨਵਿੰਡ ਦਾ ਜੱਥਾ ਗਤਕੇ ਦੇ ਜੌਹਰ ਦਿਖਾਏ ਗਾ ,24 ਤਰੀਕ ਨੂੰ ਸ਼੍ਰੀ ਅਖੰਡ ਪਾਠ ਸਾਹਿਬ ਪ੍ਰਕਾਸ਼ ਹੋਣਗੇ ਭਾਈ ਰਵਿੰਦਰ ਪਾਲ ਸਿੰਘ ਸਤਿਕਾਰ ਕਮੇਟੀ ਵਾਲੇ ਜੱਥੇ ਸਮੇਤ ਸ੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਨਿਭਾਉਣਗੇ , ਸਿੱਖ ਸੰਘਰਸ ਦੀਆ ਅਹਿਮ ਸਖਸੀਅਤਾ ਭਾਈ ਪਰਮਜੀਤ ਸਿੰਘ ਮੰਡ ਦਲ ਖਾਲਸਾ, ਭਾਈ ਕਰਨੈਲ ਸਿੰਘ ਪੰਜੋਲੀ ,ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਭਾਈ ਜਸਕਰਨ ਸਿੰਘ ਕਾਹਨ ਸਿੰਘ ਵਾਲਾ ,ਭਾਈ ਸੁਰਿੰਦਰ ਸਿੰਘ ਕਿਸਨਪੁਰਾ , ਭਾਈ ਹਰਨੇਕ ਸਿੰਘ ਫੌਜੀ ਮੁੱਖੀ ਵਾਰਿਸ ਪੰਜਾਬ ਦੇ , ਭਾਈ ਸੁਖਦੇਵ ਸਿੰਘ ਮੁੱਖ ਬੁਲਾਰਾ ਦਮਦਮੀ ਟਕਸਾਲ , ਭਾਈ ਗੁਰਦੀਪ ਸਿੰਘ ਨੌਂ ਲੱਖਾ ਦਮਦਮੀ ਟਕਸਾਲ ਆਦਿਕ ਸਿੰਘਾਂ ਸ਼ਹੀਦਾਂ ਨੂੰ ਸਰਧਾ ਦੇ ਫੁੱਲ ਭੇਟ ਕਰਨਗੀਆਂ, ਗੁਰੂ ਕਾ ਲੰਗਰ ਅਟੁੱਟ ਵਰਤੇਗਾ ਜੀ , ਸਮੂਹ ਗੁਰੂ ਨਾਨਕ ਨਾਮ ਲੇਵਾ ਸਿੱਖ ਸੰਗਤ ਨੂੰ ਹਾਜ਼ਰੀਆ ਭਰਨ ਦੀ ਬੇਨਤੀ ਕੀਤੀ ਜਾਂਦੀ ਹੈ ਇਸ ਸਮਾਗਮ ਵਿੱਚ ਭਾਈ ਗੁਰਜੰਟ ਸਿੰਘ ਨਾਗੋਕੇ ਦਮਦਮੀ ਟਕਸਾਲ ਯੂ ਐਸ ਏ, ਭਾਈ ਕੁਲਦੀਪ ਸਿੰਘ ਨਾਗੋਕੇ ਯੂ ਐਸ ਏ ,ਭਾਈ ਸੁਖਬੀਰ ਸਿੰਘ ਆਸਟ੍ਰੇਲੀਆ ਅਹਿਮ ਯੋਗਦਾਨ ਹੈ , ਜੱਥਾ ਠੀਕਰੀਵਾਲ ਵੱਲੋ ਕਰਵਾਏ ਜਾ ਰਹੇ ਸਮਾਗਮ ਦੇ ਵਿੱਚ ਸਟੇਜ ਸਕੱਤਰ ਦੀ ਅਹਿਮ ਜਿੰਮੇਵਾਰੀ ਸਿੱਖ ਆਗੂ ਬਾਬਾ ਬਖਸੀਸ ਸਿੰਘ ਜੀ ਨਿਭਾਉਣਗੇ ਜਿਕਰਯੋਗ ਹੈ ਅਮਰ ਸ਼ਹੀਦ ਭਾਈ ਬਲਵਿੰਦਰ ਸਿੰਘ ਬਾਰਾ ਜੀ ਦੀ ਸਪੁੱਤਰੀ ਬੀਬੀ ਕਿਰਨਜੀਤ ਕੌਰ ਪੰਥ ਪ੍ਰਸਿੱਧ ਢਾਡੀ ਹਨ।

### ਤਖ਼ਤ ਅਤੇ ਸਿੰਘ ਸਾਹਿਬਾਨ ਨਾਲ ਵਿਰਸਾ ਸਿੰਘ ਵਲਟੋਹਾ ਦਾ

# ਅਪਮਾਨਜਨਕ ਵਤੀਰਾ ਬਰਦਾਸ਼ਤ ਯੋਗ ਨਹੀਂ



**ਲੰਡਨ (ਯੂ.ਕੇ.), 21 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਗੁਰੂ ਨਾਨਕ ਗੁਰਦੁਆਰਾ ਪਰੇਸਟਨ ਅਤੇ ਗੁਰਦੁਆਰਾ ਬੋਲੇਨ ਪਰੇਸਟਨ ਦੀਆਂ ਪ੍ਰਬੰਧਕ ਕਮੇਟੀਆਂ ਅਤੇ ਸਿੱਖ ਸੰਗਤਾਂ ਵੱਲੋਂ ਇੱਕ ਹੰਗਾਮੀ ਮੀਟਿੰਗ ਕਰਦਿਆਂ ਵਿਰਸਾ ਸਿੰਘ ਵਲਟੋਹਾ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ। ਇਸ ਮੌਕੇ ਦੋਹਾਂ ਗੁਰਦੁਆਰਾ ਸਾਹਿਬ ਦੀਆਂ ਕਮੇਟੀਆਂ ਦੇ ਨੁਮਾਇੰਦਿਆ ਨੇ ਗੱਲਬਾਤ ਕਰਦਿਆਂ ਕਿਹਾ ਕਿ ਪਿਛਲੇ ਦਿਨਾਂ ਦੇ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਹੁਕਮਨਾਮਾ ਜਾਰੀ ਹੋਇਆ ਸੀ ਕਿ ਵਿਰਸਾ ਸਿੰਘ ਵਲਟੋਹਾ, ਜੋ ਕਿ ਸ਼੍ਰੋਮਣੀ ਅਕਾਲੀ ਦਲ ਦਾ ਉਮੀਦਵਾਰ ਹੈ, ਉਸਨੇ ਜੋ ਸਿੰਘ ਸਾਹਿਬਾਨਾਂ ਦੀ ਕਿਰਦਾਰਕੁਸ਼ੀ ਕਰਨ ਦੀ ਕੋਸ਼ਿਸ਼ ਕੀਤੀ ਹੈ, ਮੀਡੀਆ ਵਿੱਚ ਵੀ ਖ਼ਬਰਾਂ ਲਗਵਾ ਕੇ ਮਾਮਲਾ ਉਛਾਲਿਆ ਹੈ, ਵਿਰੁੱਧ ਦੋਵੇਂ ਗੁਰੂਘਰਾਂ ਦੀਆਂ ਪ੍ਰਬੰਧਕ ਕਮੇਟੀਆਂ ਅਤੇ ਇੱਥੋਂ ਦੀਆਂ ਸੰਗਤਾਂ ਵੱਲੋਂ ਇਸ ਗੱਲ ਦਾ ਵਿਰੋਧ ਕੀਤੀ ਜਾਂਦਾ ਹੈ। ਅਸੀਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਕੋਲ ਅਪੀਲ ਕਰਦੇ ਹਾਂ ਕਿ ਜਲਦੀ ਤੋਂ ਜਲਦੀ ਵਿਰਸਾ ਸਿੰਘ ਵਲਟੋਹਾ ਉੱਪਰ ਸਖ਼ਤ ਕਾਰਵਾਈ ਕੀਤੀ ਜਾਵੇ ਤਾਂ ਕਿ ਭਵਿੱਖ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਾਹਿਬਾਨ ਵਿਰੁੱਧ ਮੰਦਾ ਸ਼ਬਦ ਨਾ ਬੋਲ ਸਕੇ। ਗੁਰੂ ਨਾਨਕ ਗੁਰਦੁਆਰਾ ਪਰੇਸਟਨ ਅਤੇ ਗੁਰਦੁਆਰਾ ਬੋਲੇਨ ਪਰੇਸਟਨ ਦੀਆਂ ਪ੍ਰਬੰਧਕ ਕਮੇਟੀਆਂ ਅਤੇ ਸਿੱਖ ਸੰਗਤਾਂ ਵੱਲੋਂ ਵਿਰਸਾ ਸਿੰਘ ਵਲਟੋਹਾ ਦੀ ਕਾਰਵਾਈ ਦੀ ਸਖ਼ਤ ਨਿਖੇਧੀ ਕੀਤੀ ਜਾਂਦੀ ਹੈ। ਗੁਰੂ ਨਾਨਕ ਗੁਰਦੁਆਰਾ ਪਰੇਸਟਨ ਅਤੇ ਗੁਰਦੁਆਰਾ ਬੋਲੇਨ ਪਰੇਸਟਨ ਦੀਆਂ ਪ੍ਰਬੰਧਕ ਕਮੇਟੀਆਂ ਅਤੇ ਸਿੱਖ ਸੰਗਤਾਂ ਸਾਰੇ ਤਖ਼ਤਾਂ ਦੇ ਜਥੇਦਾਰਾਂ ਦੀ ਪੂਰੀ ਹਮਾਇਤ ਕਰਦੇ ਹਨ ਅਤੇ ਇਸ ਤਰ੍ਹਾਂ ਦਾ ਕੋਈ ਵੀ ਵਤੀਰਾ ਕਿਸੇ ਵੀ ਪੱਖੋਂ ਸਵੀਕਾਰ ਨਹੀਂ ਕੀਤਾ ਜਾਣਾ ਚਾਹੀਦਾ । ਇਹ ਸਿਆਸੀ ਆਗੂ ਬਾਦਲ ਪਰਿਵਾਰ ਦੇ ਨਾਲ ਮਿਲ ਕੇ ਪਿਛਲੇ 70 ਸਾਲਾਂ ਤੋਂ ਸਿੱਖ ਪੰਥ ਦੀ ਲੁੱਟ ਖਸੁੱਟ ਕਰ ਰਹੇ ਹਨ। ਅੱਜ ਸੱਤਾਹੀਣ ਹੋਏ ਇਹ ਵਲਟੋਹੇ ਵਰਗੇ ਕੌਮ ਦੇ ਜਥੇਦਾਰਾਂ ਨੂੰ ਵੰਗਾਰ ਰਹੇ ਹਨ ਜਦੋਂ ਕਿ ਇਹਨਾਂ ਦੇ ਆਕਾ ਨੂੰ ਅਕਾਲ ਤਖਤ ਸਾਹਿਬ ਤੋਂ ਤਲਬ ਕੀਤਾ ਹੋਇਆ ਹੈ। ਵਿਰਸਾ ਸਿੰਘ ਵਲਟੋਹਾ ਨੂੰ 10 ਸਾਲਾਂ ਲਈ ਪਾਰਟੀ 'ਤੇ ਪਾਬੰਦੀ ਲਾਉਣ ਦੀ ਕਾਰਵਾਈ ਤੋਂ ਇਲਾਵਾ ਐਸੇ ਅਨਸਰਾਂ ਨੂੰ ਸਿੱਖ ਪੰਥ ਵਿਚੋਂ ਖਾਰਜ ਕਰਨ ਦੀ ਕਾਰਵਾਈ ਦੀ ਅਸੀਂ ਪੂਰੀ ਤਰ੍ਹਾਂ ਡੱਟ ਕੇ ਹਮਾਇਤ ਕਰਦੇ ਹਾਂ। ਅਸੀਂ ਦੇਸ਼ ਵਿਦੇਸ਼ ਦੀਆਂ ਸੰਗਤਾਂ ਨੂੰ ਬੇਨਤੀ ਕਰਦੇ ਹਾਂ ਕਿ ਸਾਰੇ ਡੱਟ ਕੇ ਸਖਤ ਲਫ਼ਜ਼ਾਂ ਨਾਲ ਵਿਰਸਾ ਸਿੰਘ ਵਲਟੋਹਾ ਅਤੇ ਉਸਦੇ ਸਾਥੀ ਸਿਆਸੀ ਆਗੂਆਂ ਦੀ ਕਾਰਵਾਈ ਦੀ ਨਿਖੇਧੀ ਕਰਨ। ਭਾਗ ਸਿੰਘ ਪ੍ਰਧਾਨ, ਮਹਿੰਦਰ ਸਿੰਘ ਉੱਪਲ ਵਾਈਸ ਪ੍ਰਧਾਨ, ਸ. ਜਗਦੀਸ਼ ਸਿੰਘ ਅਤੇ ਮੱਖਣ ਸਿੰਘ ਖਾਲਸਾ ਵੱਲੋਂ ਇਹ ਬਿਆਨ ਜਾਰੀ ਕੀਤਾ ਗਿਆ।

**ਗੁਰੂ ਨਾਨਕ ਗੁਰਦੁਆਰਾ ਪਰੇਸਟਨ ਅਤੇ ਗੁਰਦੁਆਰਾ ਬੋਲੇਨ ਪਰੇਸਟਨ ਦੀਆਂ ਪ੍ਰਬੰਧਕ ਕਮੇਟੀਆਂ ਅਤੇ ਸਿੱਖ ਸੰਗਤਾਂ ਵੱਲੋਂ ਵਿਰਸਾ ਸਿੰਘ ਵਲਟੋਹਾ ਵਿਰੁੱਧ ਸਖ਼ਤ ਤੋਂ ਸਖ਼ਤ ਕਾਰਵਾਈ ਦੀ ਅਪੀਲ**

ਆਵਾਜ਼ਿ ਕੌਮ AWAZE QAUM International Newspaper & WEB TV

# ਸ੍ਰ.ਅਮਰੀਕ ਸਿੰਘ ਦੇਵਗਨ ਨੂੰ ਗਹਿਰਾ ਸਦਮਾ, ਮਾਤਾ ਜੀ ਅਕਾਲ ਚਲਾਣਾ ਕਰ ਗਏ



ਸ੍ਰ. ਅਮਰੀਕ ਸਿੰਘ ਦੇਵਗਨ ਨੂੰ ਐਤਵਾਰ ਸ਼ਾਮ ਗਹਿਰਾ ਸਦਮਾ ਉਸ ਸਮੇਂ ਲੱਗਾ ਜਦੋਂ ਉਹਨਾਂ ਦੇ ਸਤਿਕਾਰਯੋਗ ਮਾਤਾ ਸਰਦਾਰਨੀ ਕੁਲਵੰਤ ਕੌਰ ਦੇਵਗਨ 6 ਵੱਜ ਕੇ 18 ਮਿੰਟ ਤੇ ਪ੍ਰਮਾਤਮਾ ਵੱਲੋਂ ਬਖਸੀ ਹੋਈ ਸਵਾਸਾਂ ਦੀ ਪੂੰਜੀ ਨੂੰ ਭੋਗਦੇ ਹੋਏ ਅਕਾਲ ਚਲਾਣਾ ਕਰ ਗਏ ਭਾਈ ਕਪਤਾਨ ਸਿੰਘ ਆਗੂ ਇੰਟਰਨੈਸਨਲ ਪੰਥਕ ਦੱਲ ਵੱਲੋਂ ਸ੍ਰ.ਅਮਰੀਕ ਸਿੰਘ ਨਾਲ ਦੁੱਖ ਸਾਂਝਾ ਕੀਤਾ ਗਿਆ ਭਾਈ ਕਪਤਾਨ ਸਿੰਘ ਨੇ ਕਿਹਾ ਕੇ ਅਸੀਂ ਪ੍ਰਮਾਤਮਾ ਦੇ ਚਰਨਾਂ ਵਿੱਚ ਅਰਦਾਸ ਕਰਦੇ ਹਾਂ ਕਿ ਵਾਹਿਗੁਰੂ ਮਾਤਾ ਜੀ ਦੀ ਆਤਮਾ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ੇ ਮਗਰ ਪ੍ਰਵਾਰ ਨੂੰ ਭਾਣਾ ਮੰਨਣ ਦਾ ਬੱਲ ਬਖਸ਼ੇ।

ਇਸ ਮੌਕੇ ਭਾਈ ਰਘਵੀਰ ਸਿੰਘ ਵਾਲਸਾਲ ਨੇ ਵੀ ਸਮੂਹ ਅਹੁਦੇਦਾਰ, ਇੰਟਰਨੈਸ਼ਨਲ ਪੰਥਕ ਦਲ ਵੱਲੋਂ ਭਾਈ ਅਮਰੀਕ ਸਿੰਘ ਦੇਵਗਢ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਅਤੇ ਕਿਹਾ ਕਿ ਅਸੀਂ ਪ੍ਰਮਾਤਮਾ ਦੇ ਚਰਨਾਂ ਵਿੱਚ ਅਰਦਾਸ ਕਰਦੇ ਹਾਂ ਕਿ ਵਾਹਿਗੁਰੂ ਮਾਤਾ ਜੀ ਦੀ ਆਤਮਾ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ੇ ਮਗਰ ਪ੍ਰਵਾਰ ਨੂੰ ਭਾਣਾ ਮੰਨਣ ਦਾ ਬੱਲ ਬਖਸ਼ੇ।

ਆਵਾਜ਼ਿ ਕੌਮ AWAZE QAUM International Newspaper & WEB TV

### ਹੁਣ ਤੱਕ ਦੇ ਸਭ ਤੋਂ ਕਮਜ਼ੋਰ ਪ੍ਰਧਾਨ ਸਾਬਤ ਹੋਏ ਜਥੇਦਾਰ ਧਾਮੀ : ਚਰਨਜੀਤ ਸਿੰਘ ਬਰਾੜ

# ਸੁਧਾਰ ਲਈ ਦੋ ਵੱਡੇ ਕਾਰਜ ਅਰੰਭੇ ਸ੍ਰੀ ਅਕਾਲ ਤਖ਼ਤ ਦੇ ਜਥੇਦਾਰ ਸਹਿਬਾਨ ਬਾਰੇ ਵਿੱਧੀ ਵਿਧਾਨ

**ਚੰਡੀਗੜ੍ਹ, 21 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਅੱਜ ਪ੍ਰੈੱਸ ਕਲੱਬ ਵਿੱਚ ਮੀਡੀਆ ਨੂੰ ਸੰਬੋਧਾਨ ਕਰਦਿਆਂ ਸ੍ਰੋਮਣੀ ਅਕਾਲੀ ਦਲ ਸੁਧਾਰ ਲਹਿਰ ਦੇ ਮੈਂਬਰ ਸਕੱਤਰ ਅਤੇ ਮੁੱਖ ਬੁਲਾਰੇ ਚਰਨਜੀਤ ਸਿੰਘ ਬਰਾੜ ਨੇ ਕਿਹਾ ਕਿ ਐਸਜੀਪੀਸੀ ਦੇ 103 ਸਾਲ ਦੇ ਇਤਿਹਾਸ ਵਿੱਚ ਜੇ ਕਰ ਸਭ ਤੋਂ ਕਮਜ਼ੋਰ ਪ੍ਰਧਾਨ ਸਾਬਿਤ ਹੋਏ ਹਨ ਤਾਂ ਉਹ ਹਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਹਨ ।ਦਫ਼ਤਰਾਂ ਵਿੱਚ ਕੁਰੱਪਸਨ ਦਾ ਵੀ ਬੋਲਬਾਲਾ ਵਧਿਆ ਹੈ।

ਸ਼੍ਰੀ ਅਕਾਲ ਤਖਤ ਸਾਹਿਬ ਦੇ ਬਹੁਤ ਸਾਰੇ ਹੁਕਮਾਂ ਨਾਮੇ ਨਾ ਲਾਗੂ ਕਰਵਾ ਕੇ ਔਰ ਵੱਡੀ ਅਵਗਿਆ ਕਰਨ ਦੇ ਨਾਲ ਨਾਲ ਬਹੁਤ ਵੱਡੀ ਕਮਜ਼ੋਰੀ ਸਾਬਿਤ ਕੀਤੀ ਹੈ ਮੌਜੂਦਾ ਹਾਲਾਤਾਂ ਤੇ ਜੇਕਰ ਨਜ਼ਰ ਮਾਰੀਏ ਤਾਂ ਪਿਛਲੀ 11 ਤਰੀਕ ਨੂੰ ਜਦੋਂ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੂੰ ਵਿਰਸਾ ਸਿੰਘ ਵਲਟੋਹਾ ਮਿਲਦੇ ਹਨ, ਉਸ ਤੋਂ ਅਗਲੇ ਦਿਨ12 ਤਰੀਕ ਨੂੰ ਪਹਿਲੀ ਪੋਸਟ ਗਿਆਨੀ ਹਰਪ੍ਰੀਤ ਸਿੰਘ ਜੀ ਦੇ ਖਿਲਾਫ ਆਰਐਸਐਸ ਤੇ ਬੀਜੇਪੀ ਦੇ ਸੰਬੰਧਾਂ ਬਾਰੇ ਪਾਉਂਦੇ ਹਨ, ਪਰ ਧਾਮੀ ਸਾਹਿਬ ਚੁੱਪ ਰਹੇ। 13 ਤਰੀਕ ਨੂੰ ਫਿਰ ਦੁਬਾਰਾ ਉਹ ਪੋਸਟ ਪਾਉਂਦੇ ਹਨ ਅਤੇ ਕਈ ਚੈਨਲਾਂ ਨੂੰ ਇੰਟਰਵਿਊ ਦਿੰਦੇ ਹਨ ਤੇ ਤਕਰਾਰ ਵਧਣ ਲੱਗਦਾ ਹੈ, ਉਸ ਦਿੱਨ ਕੋਰ ਕਮੇਟੀ ਦੇ ਵਿੱਚ ਵੀ ਵਿਰਸਾ ਸਿੰਘ ਵਲਟੋਹਾ ਨੂੰ ਕਿਸੇ ਗੱਲ ਤੋਂ ਰੋਕਣ ਦੀ ਬਜਾਏ ਹੱਲਾਸ਼ੇਰੀ ਹੀ ਮਿਲੀ ਹੋਵੇ। 15 ਤਰੀਕ ਤੱਕ ਉਹ ਬੇਬਾਕ ਬੋਲਦੇ ਰਹਿੰਦੇ ਹਨ ਪਰ 11 ਤੋਂ ਲਾ ਕੇ 15 ਤਰੀਕ ਤੱਕ ਇੱਕ ਵੀ ਸ਼ਬਦ ਐਸਜੀਪੀਸੀ ਪ੍ਰਧਾਨ ਸਾਹਿਬ ਨੇ ਉਹਨਾਂ ਨੂੰ ਰੋਕਣ ਲਈ ਨਹੀਂ ਬੋਲਿਆ। 15 ਤਰੀਕ ਨੂੰ ਸਜ਼ਾ ਮਿਲਣ ਤੋਂ ਬਾਅਦ 16 ਤਰੀਕ ਨੂੰ ਫਿਰ ਉਹ ਲਗਾਤਾਰ ਜਥੇਦਾਰ ਸਾਹਿਬਾਨ ਦੇ ਖਿਲਾਫ ਬੋਲਦੇ ਹਨ। ਪਰ ਧਾਮੀ ਸਾਹਿਬ ਨੇ ਨਹੀਂ ਰੋਕਿਆ। 17 ਤਰੀਕ ਨੂੰ ਜਦ 5 ਵਜੇ ਉਹਨਾਂ ਦੇ ਦੱਸਣ ਮੁਤਾਬਿਕ ਗਿਆਨੀ ਹਰਪ੍ਰੀਤ ਸਿੰਘ ਜੀ ਵੱਲੋਂ ਅਸਤੀਫ਼ਾ ਭੇਜਿਆ ਜਾਂਦਾ ਹੈ ਉਸ ਤੋਂ ਬਾਅਦ ਵੀ ਉੱਨਾਂ ਮੂੰਹ ਨਹੀਂ ਖੋਲਿਆ ਸਾਢੇ ਸੱਤ ਵਜੇ ਜਦੋਂ ਗਿਆਨੀ ਰਘਬੀਰ ਸਿੰਘ ਜੀ ਵੀ ਆਪਣਾ ਆਦੇਸ਼ ਸੁਣਾ ਦਿੰਦੇ ਹਨ ਕਿ ਅਸਤੀਫ਼ਾ ਰੱਦ ਕੀਤਾ ਜਾਵੇ ਤੇ ਨਾਲ ਉਹ ਵੀ ਜ਼ਿਕਰ ਕਰਦੇ ਹਨ ਕਿ ਮੇਰੇ ਬੱਚਿਆਂ ਤੱਕ ਦੀ ਵੀ ਰੈਕੀ ਕੀਤੀ ਜਾ ਰਹੀ ਹੈ।

**ਦੂਸਰਾ ਗੁਰੂ ਘਰ ਦੇ ਵਜ਼ੀਰਾਂ ਦੀਆਂ ਤਨਖਾਹਾਂ ਪੂਰੀਆਂ ਕਰਵਾਉਣ ਲਈ ਸਰਵੇ ਫਾਰਮ ਜਾਰੀ**

ਉਸ ਤੋਂ ਬਾਅਦ ਵੀ ਇੱਕ ਸ਼ਬਦ ਨਹੀਂ ਬੋਲਿਆ। ਫਿਰ ਸੁਧਾਰ ਲਹਿਰ ਵੱਲੋਂ ਸਵਾਲ ਖੜਾ ਕੀਤਾ ਗਿਆ ਕਿ ਜੇਕਰ ਧਾਮੀ ਸਾਹਿਬ ਆਪਣੇ ਜਥੇਦਾਰ ਸਾਹਿਬਾਨਾਂ ਦੇ ਹੱਕ ਚ ਨਹੀ ਖੜ ਸਕਦੇ ਤਾਂ ਕੌਮ ਦੀ ਕੀ ਰਾਖੀ ਕਰਨਗੇ ਤੇ ਫਿਰ ਰਾਤ ਨੂੰ ਪੌਣੇ 10 ਵਜੇ ਬਿਨਾਂ ਦਸਤਾਰ ਸਜਾਏ ਕੁਛ ਸੈਕਿੰਡਾਂ ਲਈ ਬੋਲੇ ਜਿਸ ਵਿੱਚ ਜਥੇਦਾਰ ਸਾਹਿਬਾਨਾਂ ਨੂੰ ਪਾਠ ਪੜਾਉਂਦੇ ਨਜ਼ਰ ਆਏ ਨਾ ਕਿ ਵਿਰਸਾ ਸਿੰਘ ਵਲਟੋਹਾ ਨੂੰ ਜਾਂ ਸ਼੍ਰੋਮਣੀ ਅਕਾਲੀ ਦਲ ਦੇ ਸੋਸ਼ਲ ਮੀਡੀਆ ਦੇ ਖਿਲਾਫ ਇੱਕ ਵੀ ਸ਼ਬਦ ਬੋਲਿਆ। ਬਣਦਾ ਇਹ ਸੀ ਕਿ ਐਫਆਈਆਰ ਦਰਜ ਕਰਾਉਂਦੇ ਜਿੰਨਾਂ ਨੇ ਜਥੇਦਾਰ ਸਾਹਿਬ ਦੇ ਬਾਰੇ ਜਾਤੀ ਸੂਚਕ ਸ਼ਬਦ ਬੋਲੇ ਜਾਂ ਕਿਰਦਾਰ ਕੁੱਸੀ ਕੀਤੀ ਸੀ। ਉਨਾਂ ਐਫਆਈਆਰ ਨਾ ਕਰਵਾ ਕੇ ਕਸੂਰਵਾਰਾਂ ਦੇ ਹੱਕ ਚ ਖੜਨ ਦਾ ਫੈਸਲਾ ਲਿਆ।



ਇੱਥੇ ਹੀ ਬੱਸ ਨਹੀਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਫਰਜ਼ ਹੁੰਦਾ ਕਿ ਜੋ ਆਦੇਸ਼ ਜਾਂ ਹੁਕਮਨਾਮਾ ਸ਼੍ਰੀ ਅਕਾਲ ਤਖਤ ਸਾਹਿਬ ਤੋਂ ਆਵੇ ਉਸ ਨੂੰ ਲਾਗੂ ਕਰਵਾਉਣ ਦੀ ਜਿੰਮੇਵਾਰੀ ਪ੍ਰਧਾਨ ਦੀ ਹੁੰਦੀ ਹੈ ਪਰ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਬਹੁਤ ਸਾਰੇ ਐਸੇ ਹੁਕਮਨਾਮੇ ਹਨ ਜਿਨਾਂ ਦੀ ਪੂਰਤੀ ਨਹੀਂ ਕਰਵਾਈ। ਮੈਂ ਕੁਛ ਉਹਨਾਂ ਦੇ ਵਿੱਚੋਂ ਲਵਾਂ ਤੇ ਸਭ ਤੋਂ ਪਹਿਲਾਂ ਪਿਛਲੇ ਦਿਨਾਂ ਦੇ ਵਿੱਚ ਇਸ਼ਿਤਹਾਰਾਂ ਦੇ ਸੰਬੰਧ ਵਿੱਚ ਜਵਾਬ ਤਲਬੀ ਕੀਤੀ ਗਈ ਸੀ ਅਕਾਲ ਤਖਤ ਸਾਹਿਬ ਵੱਲੋਂ ਤਾਂ ਉਹਨਾਂ ਨੇ ਸ਼੍ਰੀ ਅਕਾਲ ਤਖਤ ਸਾਹਿਬ ਨੂੰ ਗੁਮਰਾਹ ਕੀਤਾ ਤੇ ਇੱਕ ਅਧਿਕਾਰੀ ਪੱਧਰ ਤੇ ਹੀ ਜਵਾਬ ਦਿੱਤਾ ਗਿਆ ਨਾ ਕਿ ਖੁਦ ਉੱਥੇ ਜਵਾਬ ਦਿੱਤਾ ਹਾਲਾਂਕਿ ਖੁਦ ਸੁਖਬੀਰ ਸਿੰਘ ਬਾਦਲ ਨਾਲ ਮੌਜੂਦ ਸਨ। ਦੂਸਰਾ ਬੰਦੀ ਸਿੰਘਾਂ ਦੇ ਸੰਬੰਧ ਵਿੱਚ ਇੱਕ ਬਹੁਤ ਵੱਡਾ ਆਦੇਸ਼ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਮਿਲਿਆ ਸੀ ਉਸ ਤੋਂ ਬਾਅਦ 24 ਲੱਖ ਫਾਰਮ ਵੀ ਭਰੇ ਗਏ ਸਾਰੀਆਂ ਜਥੇਬੰਦੀਆਂ ਨਾਲ ਮੀਟਿੰਗ ਕਰਕੇ ਬਹੁਤ ਵੱਡਾ ਪ੍ਰੋਗਰਾਮ ਰੋਸ ਮਾਰਚ ਦਾ ਦਿੱਲੀ ਦੇ ਵਿੱਚ ਉਲੀਕਿਆ ਸੀ ਉਹ ਵੀ ਕਿਸ ਕਾਰਨ ਤੇ ਕਿਸ ਤੇ ਕਹੇ ਤੋਂ ਧਾਮੀ ਸਾਹਿਬ ਨੇ ਅਤੇ ਪਾਰਟੀ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਸਾਹਿਬ ਨੇ ਉਹ ਪ੍ਰੋਗਰਾਮ ਰੱਦ ਕੀਤਾ ਤੇ ਆਦੇਸ਼ਾਂ ਦੀ ਪੂਰਤੀ ਨਹੀਂ ਕੀਤੀ। ਸੁਖਬੀਰ ਸਿੰਘ ਬਾਦਲ ਤਨਖਾਹੀਆ ਕਰਾਰ ਹੋ ਚੁੱਕੇ ਨੇ ਐਸਜੀਪੀਸੀ ਮੈਂਬਰਾਂ ਨੂੰ ਮਿਲ ਰਹੇ ਹਨ, ਪਬਲਿਕ ਨੂੰ ਮਿਲ ਰਹੇ ਹਨ ਅਤੇ ਖ਼ਬਰਾਂ ਇਹ ਵੀ ਹਨ ਕਿ ਖੁਦ ਪ੍ਰਧਾਨ ਸਾਹਿਬ ਵੀ ਉਹਨਾਂ ਨੂੰ ਮਿਲੇ ਹਨ। ਇਹ ਵੀ ਹੁਕਮਨਾਮੇ ਦੀ ਉਲੰਘਣਾ ਹੋਵ ਰਹੀ ਪਰ ਇਹ ਚੁੱਪ ਹਨ। ਇਸੇ ਤਰਾਂ ਕੁਝ ਸਮਾਂ ਪਹਿਲਾਂ ਪੀਟੀਸੀ ਦੀ ਜਗ੍ਹਾ ਤੇ ਐਸਜੀਪੀਸੀ ਨੂੰ ਆਪਣਾ ਚੈਨਲ ਬਣਾਉਣ ਦੇ ਹੁਕਮ ਕੀਤੇ ਸਨ। ਚੈਨਲ ਸਿਰਫ ਯੂਟਿਊਬ ਚੈਨਲ ਬਣਾਇਆ ਤੇ ਦੂਸਰਾ ਚੈਨਲ ਨਾ ਬਣਾ ਕੇ ਪੀਟੀਸੀ ਨਾਲ ਹੀ ਅੱਗੇ ਤਿੰਨ ਸਾਲ ਲਈ ਐਗਰੀਮੈਂਟ ਵਧਾ ਲਿਆ ਇਹ ਵੀ ਉਲੰਘਣਾ ਕੀਤੀ ਹੈ। 15 ਅਕਤੂਬਰ ਨੂੰ ਪੰਜੋ ਸਿੰਘ ਸਾਹਿਬਾਨ ਦੀ ਇਕੱਤਰਤਾ ਨੇ ਹੁਕਮ ਕੀਤਾ ਸੀ ਵਰਕਿੰਗ ਪ੍ਰਧਾਨ ਸ: ਬਲਵਿੰਦਰ ਸਿੰਘ ਭੂੰਦੜ ਨੂੰ ਕਿ ਵਿਰਸਾ ਸਿੰਘ ਵਲਟੋਹਾ ਨੂੰ ਪਾਰਟੀ ਚੋ ਬਰਖਾਸਤ ਕੀਤਾ ਜਾਵੇ ਅਤੇ ਪਾਰਟੀ ਚੋਂ ਤੇ 10 ਸਾਲਾਂ ਲਈ ਬੈਨ ਲਾਇਆ ਜਾਵੇ। ਉਹ ਵੀ ਪੂਰਾ ਨਹੀਂ ਕੀਤਾ। 328 ਸਰੂਪਾਂ ਦੇ ਸੰਬੰਧ ਵਿੱਚ ਕਮੇਟੀ ਬਣੀ ਅਤੇ ਕਮੇਟੀ ਦੀ ਰਿਪੋਰਟ ਤੋਂ ਬਾਅਦ ਜਥੇਦਾਰ ਸ਼੍ਰੀ ਅਕਾਲ ਤਖਤ ਸਾਹਿਬ ਨੇ ਆਦੇਸ਼ ਦਿੱਤੇ ਸਨ ਕਿ ਜਿਹੜਾ ਸੀਏ ਕੋਹਲੀ ਹੈ ਉਸ ਤੋਂ ਨੌਂ ਕਰੋੜ ਰੁਪਈਏ ਰਿਕਵਰ ਕੀਤਾ ਜਾਣ। ਉਹ ਵੀ ਨਹੀਂ ਰਿਕਵਰ ਕੀਤਾ। ਇਸ ਕਰਕੇ ਅੱਜ ਤੱਕ ਬਹੁਤ ਸਾਰੇ ਐਸੇ ਹੁਕਮਨਾਮੇ ਹਨ ਜਿਨਾਂ ਦੀ ਪਾਲਣਾ ਮੌਜੂਦਾ ਪ੍ਰਧਾਨ ਨੇ ਨਹੀਂ ਕਰਵਾਈ ਇਹ ਬਹੁਤ ਵੱਡੀ ਕਮਜ਼ੋਰੀ ਹੈ ਸ਼੍ਰੀ ਅਕਾਲ ਤਖਤ ਸਾਹਿਬ ਦੇ ਹੁਕਮਾਂ ਦੀ ਉਲੰਘਣਾ ਹੈ। ਇਸ ਕਰਕੇ ਅੱਜ ਤੱਕ ਦੇ ਇਤਿਹਾਸ ਵਿੱਚ ਸਭ ਤੋਂ ਕਮਜ਼ੋਰ ਪ੍ਰਧਾਨ ਸਾਹਿਬ ਹੋਏ ਨੇ ਜਿਨਾਂ ਨੇ ਜਥੇਦਾਰ ਸਾਹਿਬਾਨ ਦੇ ਨਾਲ ਖੜਨ ਦੀ ਬਜਾਏ ਉਹਨਾਂ ਦੇ ਖਿਲਾਫ ਚੱਲਣ ਵਾਲੇ ਲੋਕਾਂ ਨਾਲ ਖੜ ਕੇ ਬਹੁਤ ਵੱਡੀ ਉਲੰਘਣਾ ਕੀਤੀ ਹੈ। ਇਸੇ ਕਰਕੇ ਹੀ ਅਸੀਂ 28 ਸਤੰਬਰ 2024 ਨੂੰ ਅੰਤ੍ਰਿੰਗ ਕਮੇਟੀ ਦੇ ਵਿੱਚ ਇੱਕ ਮਤਾ ਲਿਆਂਦਾ ਸੀ ਉਸ ਮਤੇ ਵਿੱਚ ਇਹ ਹੈ ਕਿ ਸ਼੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਾਹਿਬ ਅਤੇ ਬਾਕੀ ਤਖਤ ਸਾਹਿਬਾਨਾਂ ਦੇ ਜਥੇਦਾਰ ਸਾਹਿਬਾਨ ਦੀ ਸੇਵਾ ਉੱਪਰ ਬਿਠਾਉਣ ਦੀ ਕੀ ਵਿਧੀ ਵਿਧਾਨ ਹੋਣਾ ਚਾਹੀਦਾ ਜਾਂ ਸੇਵਾ ਚੋਂ ਹਟਾਉਣ ਦਾ ਕੀ ਵਿਧੀ ਵਿਧਾਨ ਹੋਣਾ ਚਾਹੀਦਾ। ਮੈਂ ਅੱਜ ਵੀ ਬੇਨਤੀ ਕਰਦਾ ਹਾਂ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਰੇ ਮੈਂਬਰ ਸਾਹਿਬਾਨ ਕਿ ਅੱਜ ਸਿਆਸਤ ਸ਼੍ਰੀ ਅਕਾਲ ਤਖਤ ਸਾਹਿਬ ਤੇ ਭਾਰੂ ਹੋ ਚੁੱਕੀ ਹੈ ਇਸ ਨੂੰ ਆਜ਼ਾਦ ਕਰਾਉਣ ਦੇ ਲਈ ਸਾਰੇ ਇਸ ਮਤੇ ਦੀ ਹਮਾਇਤ ਕਰੋ ਤੇ ਵੋਟ ਬੀਬੀ ਜਗੀਰ ਕੌਰ ਨੂੰ ਪਾਉਣ। ਤਾਂ ਕਿ ਪਹਿਲੀ ਮੀਟਿੰਗ ਵਿੱਚ ਇਹ ਮਤਾ ਪਾਸ ਕੀਤਾ ਜਾ ਸਕੇ। ਦੂਸਰਾ ਅਸੀਂ ਜੋ ਸੁਧਾਰ ਵੱਲ ਨੂੰ ਤੁਰੇ ਹਾਂ ਪਿਛਲੇ ਸਮੇਂ ਦੇ ਦੌਰਾਨ ਜੋ ਬੇਅਦਬੀਆਂ ਹੋਈਆਂ, ਭਾਵੇਂ ਧਰਮ ਤਬਦੀਲੀ ਹੋਵੇ ਜਾਂ ਨਸ਼ਿਆਂ ਦੇ ਵਾਧੇ ਦਾ ਦੌਰ ਹੋਵੇ ਇਹਨਾਂ ਸਾਰੇ ਗੱਲਾਂ ਦੇ ਪਿੱਛੇ ਇੱਕ ਸਭ ਤੋਂ ਵੱਡਾ ਕਾਰਨ ਹੈ ਕਿ ਧਰਮ ਪ੍ਰਚਾਰ ਦੀ ਕਮੀ ਹੈ ਹਰ ਪਿੰਡ ਦੇ ਵਿੱਚ ਇੱਕ ਜਾਂ ਇੱਕ ਤੋਂ ਵੱਧ ਗੁਰਦੁਆਰੇ ਹਨ ਪਰ ਬਹੁੱਤੇ ਗੁਰਦੁਆਰਾ ਸਾਹਿਬਾਨ ਚ ਕੰਮ ਕਰਨ ਵਾਲੇ ਗ੍ਰੰਥੀ ਸਿੰਘਾਂ ਦੀ ਹਾਲਤ ਤਰਸਯੋਗ ਬਣੀ ਹੋਈ ਹੈ। ਮੈਂ ਕਹਿ ਸਕਦਾ ਕਿ ਸਰਕਾਰ ਵੱਲੋਂ ਘੱਟੋ ਘੱਟ ਜੋ ਉਜਰਤ ਜਾਂ ਦਿਹਾੜੀ ਤੈਅ ਕੀਤੀ ਗਈ ਹੈ 390 ਜਾਂ 395 ਉਹ ਵੀ ਨਹੀਂ ਮਿਲਦੀ ਹੈ। ਗ੍ਰੰਥੀ ਸਿੰਘ ਨੂੰ ਸਵੇਰੇ ਸ਼ਾਮ ਦੇ ਪਾਠ ਤੋਂ ਇਲਾਵਾ ਆਪਣੇ ਕੋਈ ਘਰ ਦਾ ਕੰਮ ਕਰਨ ਜਾਂ ਦਿਹਾੜੀ ਕਰਨ ਜਾਂ ਕੋਈ ਵੀ ਨਾਲ ਹੋਰ ਕਿੱਤਾ ਕਰਨਾ ਪੈ ਰਿਹਾ ਤਾਂ ਉਹ ਆਪਣੇ ਬੱਚਿਆਂ ਦੀ ਜਾਂ ਘਰ ਦੀ ਰੋਜ਼ੀ ਰੋਟੀ ਚਲਾ ਸਕਣ ਇਹ ਵੱਡਾ ਕਾਰਨ ਹੈ ਕਿ ਜੇਕਰ ਤਨਖਾਹ ਪੂਰੀ ਮਿਲਦੀ ਹੋਵੇ ਫਿਰ ਉਹ ਸਾਰਾ ਦਿਨ ਪਿੰਡ ਦੇ ਵਿੱਚ ਪ੍ਰਚਾਰ ਕਰ ਸਕਦਾ ਹੈ ਬਾਣੀ ਦਾ ਪ੍ਰਸਾਰ ਕਰ ਸਕਦਾ ਜਿਸ ਨਾਲ ਜਿੱਥੇ ਗੁਰੂ ਦੇ ਸ਼ਬਦਾਂ ਦਾ ਪ੍ਰਚਾਰ ਹੋਵੇ ਤਾਂ ਫਿਰ ਧਰਦ ਤਬਦੀਲੀ ਵੀ ਰੁਕ ਸਕਦੀ ਹੈ ਫਿਰ ਨਸ਼ਿਆਂ ਦਾ ਪ੍ਰਕੋਪ ਵੀ ਘੱਟ ਸਕਦਾ ਇਸ ਕਰਕੇ ਸਭ ਤੋਂ ਜਰੂਰੀ ਹੈ ਸਾਡੇ ਗੁਰੂ ਘਰ ਦੇ ਵਜ਼ੀਰ ਗ੍ਰੰਥੀ ਸਾਹਿਬਾਨ, ਕਥਾਵਾਚਕ ਢਾਡੀ, ਕੀਰਤਨੀ ਸਿੰਘ ਜਾਂ ਸੇਵਾਦਾਰ ਜਿੰਨੇ ਵੀ ਹਨ ਉਹਨਾਂ ਦੇ ਲਈ ਇੱਕ ਗ੍ਰੰਥੀ ਸਰਵੇ ਫਾਰਮ ਜੋ ਗ੍ਰੰਥੀ ਸਹਾਇਤਾ ਸਰਵੇ ਫਾਰਮ ਅਸੀਂ ਜਾਰੀ ਕੀਤਾ ਮੈਂ ਹਰ ਪਿੰਡ ਦੇ ਹਰ ਨੌਜਵਾਨ ਨੂੰ ਬੇਨਤੀ ਕਰੂੰਗਾ ਕਿ ਕਿਰਪਾ ਕਰਕੇ ਆਪਣੇ ਪਿੰਡ ਦੇ ਗ੍ਰੰਥੀ ਸਾਹਿਬ ਦਾ ਫ਼ਾਰਮ ਆਨਲਾਈਨ GaranthiSingh.Com ਤੇ ਜਾ ਕੇ ਜ਼ਰੂਰ ਭਰਵਾਉਣ ਤਾਂ ਕਿ ਆਉਣ ਵਾਲੇ ਸਮੇਂ ਦੇ ਵਿੱਚ ਅਸੀਂ ਪੰਜਾਬ ਪੱਧਰ ਤੇ ਇੱਕ ਡਾਟਾ ਇਕੱਠਾ ਕਰ ਸਕੀਏ ਕਿ ਸਾਡੇ ਕਿੰਨੇ ਗ੍ਰੰਥੀ ਸਾਹਿਬਾਨਾਂ ਨੂੰ ਤਨਖਾਹ ਪੂਰੀ ਮਿਲਦੀ ਹੈ ਜਿੱਥੇ ਘੱਟ ਮਿਲਦੀ ਹੈ ਉਹਨੂੰ ਲੋਕਾਂ ਦੇ ਸਹਿਯੋਗ ਨਾਲ ਜਾਂ ਸਿਖ ਸੰਸ਼ਥਾਵਾ ਦੇ ਸਹਿਯੋਗ ਨਾਲ ਜਾਂ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਡਾਟਾ ਪੇਸ਼ ਕਰਕੇ ਕੋਈ ਆਦੇਸ਼ ਜਾਰੀ ਕਰਨ ਦੀ ਬੇਨਤੀ ਕਰਾਂਗੇ। ਅਸੀ ਖ਼ੁਦ ਕੋਈ ਪੈਸਾ ਇਕੱਠਾ ਨਹੀਂ ਕਰਨਾ ਤੇ ਨਾ ਹੀ ਕੋਈ ਅਕਾਂਊਟ ਖੁਲਾਉਣਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸੇਵਕ ਕੀ ਓੜਕਿ ਨਿਬਹੀ ਪ੍ਰੀਤਿ ॥
ਜੀਵਤ ਸਾਹਿਬੁ ਸੇਵਿਓ ਅਪਨਾ ਚਲਤੇ ਰਾਖਿਓ ਚੀਤਿ ॥



# ਭੋਗ ਤੇ ਅੰਤਿਮ ਅਰਦਾਸ





ਬੜੇ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ

## ਭਾਈ ਗੁਰਪ੍ਰੀਤ ਸਿੰਘ ਹਰੀ ਨੌਂ

ਅਕਾਲ ਪੁਰਖ ਵਲੋ ਬਖਸ਼ੀ ਸੁਆਸਾ ਦੀ ਪੂੰਜੀ ਨੂੰ ਭੋਗਦੇ ਹੋਏ 9 ਅਕਤੂਬਰ 2024 ਨੂੰ ਅਕਾਲ ਪੁਰਖ ਦੇ ਚਰਨਾਂ ਵਿੱਚ ਜਾ ਵਿਰਾਜੇ ਹਨ। ਉਨ੍ਹਾਂ ਦੀ ਆਤਮਿਕ ਸ਼ਾਤੀ ਲਈ ਰੱਖੇ ਗਏ

## ਸਹਿਜ ਪਾਠ ਦਾ ਭੋਗ ਤੇ ਅੰਤਿਮ ਅਰਦਾਸ

ਮਿਤੀ 27 ਅਕਤੂਬਰ 2024, ਦਿਨ ਐਤਵਾਰ ਨੂੰ
ਗੁਰਦੁਆਰਾ ਸਾਹਿਬ ਬਾਬਾ ਭਾਈ ਸਾਂਈ ਦਾਸ ਜੀ, ਪਿੰਡ ਹਰੀ ਨੌ ਵਿਖੇ 1 ਵਜੇ ਹੋਵੇਗੀ।
ਸਮੂਹ ਪੰਥਕ ਜਥੇਬੰਦੀਆਂ, ਦੋਸਤਾਂ ਮਿੱਤਰਾਂ, ਰਿਸ਼ਤੇਦਾਰਾਂ ਨੂੰ ਅੰਤਿਮ ਅਰਦਾਸ ਵਿੱਚ ਪਹੁੰਚਣ ਦੀ ਪੁਰ-ਜ਼ੋਰ ਬੇਨਤੀ ਕੀਤੀ ਜਾਂਦੀ ਹੈ।

ਬੇਨਤੀ ਕਰਤਾ

## ਸਮੂਹ ਪਰਿਵਾਰ ਅਤੇ ਰਿਸ਼ਤੇਦਾਰ

+91 90238 24760 | +91 98725 27802

ਅੰਤਿਮ ਅਰਦਾਸ ਉਪਰੰਤ ਭਾਈ ਗੁਰਪ੍ਰੀਤ ਸਿੰਘ ਹਰੀ ਨੌ ਦੀਆਂ ਅਸਥੀਆਂ ਕਾਫਲੇ ਦੇ ਰੂਪ ਵਿੱਚ ਗੁਰਦੁਆਰਾ ਸਾਹਿਬ ਗ੍ਰੀਨ ਐਵਨਿਊ, ਫਰੀਦਕੋਟ ਵਿਖੇ ਜਲ ਪ੍ਰਵਾਹ ਕੀਤੀਆਂ ਜਾਣਗੀਆਂ।

ਆਵਾਜ਼ਿ ਕੌਮ AWAZE QAUM International Newspaper & WEB TV

ਸਰਪੰਚ ਜੱਗਾ ਭੋਜੋਵਾਲੀ ਅਤੇ ਪੰਚਾਇਤ ਵੱਲੋਂ

# ਸੁਖਮਨੀ ਸਾਹਿਬ ਦੇ ਪਾਠ ਕਰਵਾਏ ਗਏ ਆਏ ਸਰਪੰਚਾਂ ਦਾ ਕੀਤਾ ਸਨਮਾਨ



**ਧੂਰੀ ( ਰਣਜੀਤ ਸਿੰਘ ਪੇਧਨੀ )**-ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਜਗਸੀਰ ਸਿੰਘ ਜੱਗਾ ਸਰਪੰਚ ਭੋਜੋਵਾਲੀ ਜਿਸ ਨੂੰ ਪਿੰਡ ਭੋਜਵਾਲੀ ਵੱਲੋਂ ਸਰਬ ਸੰਮਤੀ ਨਾਲ ਸਰਪੰਚ ਚੁਣਿਆ ਗਿਆ। ਉਹਨਾਂ ਦੇ ਨਾਲ ਪੰਚ ਜਗਰੂਪ ਸਿੰਘ, ਪੰਚ ਗੁਰਪ੍ਰੀਤ ਕੌਰ, ਪੰਚ ਗਗਨਦੀਪ ਕੌਰ ਪਤਨੀ ਜਤਿੰਦਰ ਸਿੰਘ ,ਪੰਚ ਬੀਰਪਾਲ ਕੌਰ ਪੰਚ, ਨਿਰਭੈ ਸਿੰਘ ਕਾਲਾ, ਪੰਚ ਜਗਦੀਪ ਸਿੰਘ, ਪੰਚ ਜੀਵਨ ਸਿੰਘ ਸਮੂਹ ਪੰਚਾਇਤ ਵੱਲੋਂ ਗੁਰਦੁਆਰਾ ਸਾਹਿਬ ਵਿਖੇ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ। ਜਿਸ ਵਿੱਚ ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਦੇ ਦਫਤਰ ਇਨਚਾਰਜ ਸ,ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ, ਚੇਅਰਮੈਨ ਸਤਿੰਦਰ ਸਿੰਘ ਚੱਠਾ, ਅੰਮ੍ਰਿਤ ਬਰਾੜ, ਅਮੀਰ ਸਿੰਘ ,ਚੇਅਰਮੈਨ ਅਮਰੀਕ ਸਿੰਘ ਸੋਹੀ ਵੇਰਕਾ ਮਿਲਕ ਪਲਾਂਟ ਸੰਗਰੂਰ, ਸਰਪੰਚ ਹਰਦੀਪ ਸਿੰਘ ਦੌਲਤਪੁਰ ਸੀਨੀਅਰ ਕਾਂਗਰਸੀ ਆਗੂ, ਸ਼ੁਭਮ ਸ਼ਰਮਾ ਧੂਰੀ ਸੀਨੀਅਰ ਕਾਂਗਰਸੀ ਆਗੂ, ਸਰਪੰਚ ਮਿੱਠੂ ਲੱਡਾ,ਬਲਵਿੰਦਰ ਸਿੰਘ ਮਾਨਾ,ਸਰਪੰਚ ਅਮਨਦੀਪ ਸਿੰਘ ਧੂਰੀ ਪਿੰਡ,ਸਰਪੰਚ ਗੁਰਵਿੰਦਰ ਸਿੰਘ ਕਾਤਰੋਂ, ਸਰਪੰਚ ਬਹਾਦਰ ਸਿੰਘ ਭਸੌੜ, ਸਰਪੰਚ ਸੁਖਦੀਪ ਸਿੰਘ ਕਾਂਝਲੀ, ਸਰਪੰਚ ਸਤਿਗੁਰ ਸਿੰਘ ਕਾਂਝਲਾ ,ਸਰਪੰਚ ਸੁਖਦੀਪ ਸੁਖੀ ਚੀਮਾ,ਸਰਪੰਚ ਮਨਪ੍ਰੀਤ ਸਿੰਘ ਬੱਬਨਪੁਰ, ਸਰਪੰਚ ਭਗਵਾਨ ਸਿੰਘ ਭਲਵਾਨ,ਸਰਪੰਚ ਮਨੋਜ ਕੁਮਾਰ ਰੰਚਨਾ, ਸਰਪੰਚ ਲਾਲੀ ਬੰਗਾਵਾਲੀ , ਸਰਪੰਚ ਸੀਰਾ ਮਾਨਾ ,ਸਰਪੰਚ ਰਵੀ ਲੁਹਾਰਮਾਜਰਾ, ਸਰਪੰਚ ਮਨਦੀਪ ਰੁਲਦੂ ਸਿੰਘ ਵਾਲਾ,ਸਰਪੰਚ ਕਰਮਜੀਤ ਸਿੰਘ ਕਾਜੂ ਬਰੜਵਾਲ, ਸਰਪੰਚ ਗੁਰਪ੍ਰੀਤ ਸਿੰਘ ਬੁਰਜ,ਸਰਪੰਚ ਮਿੱਠੂ ਸਿੰਘ ਬਰੜਵਾਲ, ਸਰਪੰਚ ਜਸਵੀਰ ਸਿੰਘ ਧਾਂਦਰਾ,ਸਰਪੰਚ ਦਰਸ਼ਨ ਸਿੰਘ ਪਲਾਸੌਰ,ਸਰਪੰਚ ਜਸਵੀਰ ਸਿੰਘ ਦੋਹਲਾ , ਸਰਪੰਚ ਗੋਪਾਲ ਕ੍ਰਿਸ਼ਨ ਬੇਨੜਾ,ਸਰਪੰਚ ਗੁਰਪ੍ਰੀਤ ਗੋਪੀ ਮੀਮਸਾ, ਬਲਾਕ ਪ੍ਰਧਾਨ ਤੀਰਥ ਸਿੰਘ ਭੱਦਲਵੜ, ਬਲਾਕ ਪ੍ਰਧਾਨ ਜਸਵਿੰਦਰ ਸਿੰਘ ਘਨੌਰ, ਆਪ ਆਗੂ ਸੰਦੀਪ ਘਨੌਰ ,ਆਪ ਆਗੂ ਯੁੱਗ ਘਨੌਰ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ। ਅੰਤ ਵਿਚ ਆਏ ਮਹਿਮਨਾਂ ਦਾ ਸਰਪੰਚ ਜਗਸੀਰ ਸਿੰਘ ਜੱਗਾ ਭੋਜੋਵਾਲੀ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ।

ਐਸ. ਡੀ. ਐਮ ਗੁਰਦਾਸਪੁਰ ਨੇ ਪਿੰਡ ਬੱਬੇਹਾਲੀ ਵਿਖੇ ਪਰਾਲੀ ਦੇ ਫੂਸ ਨੂੰ ਲੱਗੀ ਅੱਗ, ਖੁਦ ਜਾ ਕੇ ਬੁਝਾਈ ਗਈ

# ਪਰਾਲੀ/ਨਾੜ, ਨਾ ਸਾੜਨ ਲਈ ਕਿਸਾਨ ਜਿਲ੍ਹਾ ਪ੍ਰਸ਼ਾਸਨ ਨਾਲ ਕਰਨ ਸਹਿਯੋਗ




ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 21 ਅਕਤੂਬਰ (ਕੁਲਜੀਤ ਸਿੰਘ ਖੋਖਰ)- ਡਿਪਟੀ ਕਮਿਸ਼ਨਰ, ਸ੍ਰੀ ਉਮਾ ਸ਼ੰਕਰ ਗੁਪਤਾ ਦੀ ਅਗਵਾਈ ਹੇਠ ਜਿਲ੍ਹਾ ਪ੍ਰਸ਼ਾਸਨ ਦੇ ਸਿਵਲ ਤੇ ਪੁਲਿਸ ਅਧਿਕਾਰੀਆਂ ਵਲੋਂ ਪਿੰਡਾਂ ਵਿੱਚ ਜਾ ਕੇ ਕਿਸਾਨਾਂ ਨੂੰ ਲਗਾਤਾਰ ਮਿਲਿਆ ਜਾ ਰਿਹਾ ਹੈ। ਪਰਾਲੀ ਨਾ ਸਾੜਨ ਦੀ ਅਪੀਲ ਕਰਕੇ ਪਰਾਲੀ ਪ੍ਰਬੰਧਨ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ। ਐਸ ਡੀ ਐਮ ਗੁਰਦਾਸਪੁਰ, ਕਰਮਜੀਤ ਸਿੰਘ, ਜਦ ਪਿੰਡਾਂ ਵਿੱਚ ਕਿਸਾਨਾਂ ਨੂੰ ਮਿਲਣ ਲਈ ਜਾ ਰਹੇ ਸਨ ਤਾਂ ਉਨ੍ਹਾਂ ਦੇਖਿਆ ਕਿ ਪਿੰਡ ਬੱਬੇਹਾਲੀ ਵਿਖੇ ਪਰਾਲੀ ਦੇ ਫੂਸ ਨੂੰ ਇਕੱਠੇ ਕਰ ਕੇ ਅੱਗ ਲਗਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਐਸ ਡੀ ਐਮ, ਤੁਰੰਤ ਖੇਤ ਵਿੱਚ ਗਏ ਤੇ ਅੱਗ ਨੂੰ ਬੁਝਾਇਆ ਗਿਆ।ਉਨ੍ਹਾਂ ਕਿਸਾਨ ਨਾਲ ਗੱਲਬਾਤ ਕੀਤੀ ਅਤੇ ਕਿਸਾਨ ਨੇ ਵਿਸ਼ਵਾਸ ਦਿਵਾਇਆ ਕਿ ਉਹ ਮੁੜ ਅਜਿਹਾ ਨਹੀਂ ਕਰੇਗਾ। ਇਸ ਮੌਕੇ ਪਿੰਡ ਵਾਸੀਆਂ ਨਾਲ ਨਾਲ ਕਰਦਿਆਂ ਐਸ ਡੀ ਐਮ, ਕਰਮਜੀਤ ਸਿੰਘ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਗੁਰਦਾਸਪੁਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਕਿਸਾਨਾਂ ਨੂੰ ਲਗਾਤਾਰ ਮਿਲ ਰਹੇ ਹਨ। ਕਿਸਾਨਾਂ ਨੂੰ ਅਪੀਲ ਕੀਤੀ ਜਾ ਰਹੀ ਹੈ ਕਿ ਉਹ ਪਰਾਲੀ ਪ੍ਰਬੰਧਨ ਲਈ ਖੇਤੀ ਮਸ਼ੀਨਰੀ ਦੀ ਵਰਤੋਂ ਕਰਨ। ਖੇਤੀ ਮਸ਼ੀਨਰੀ ਮੁਹੱਈਆ ਕਰਵਾਉਣ ਲਈ ਪਿੰਡ ਪੱਧਰ ਤੱਕ ਨੋਡਲ ਅਫਸਰ ਲਗਾਏ ਗਏ ਹਨ।

ਉਨ੍ਹਾਂ ਕਿਹਾ ਕਿ ਜੇਕਰ ਫਿਰ ਵੀ ਕਿਸੇ ਕਿਸਾਨ ਨੂੰ ਕੋਈ ਮੁਸ਼ਕਿਲ ਪੇਸ਼ ਆਉਂਦੀ ਹੈ, ਤਾਂ ਉਹ ਨੇੜਲੇ ਖੇਤੀਬਾੜੀ ਵਿਭਾਗ ਦੇ ਦਫ਼ਤਰ, ਐੱਸ.ਡੀ.ਐੱਮ. ਦਫ਼ਤਰ ਵਿਖੇ ਸੰਪਰਕ ਕਰ ਸਕਦੇ ਹਨ ਜਾਂ ਹੈਲਪ ਲਾਈਨ ਨੰ 1800-180-1852 ਤੇ ਸੰਪਰਕ ਕਰਨ।

# ਆਇਓਡੀਨ ਯੁਕਤ ਲੂਣ ਤੁਹਾਡੀ ਅਤੇ ਤੁਹਾਡੀ ਬੱਚੇ ਦੀ ਸਿਹਤ ਦਾ ਰੱਖਿਅਕ : ਡਾ ਕਿਰਨਦੀਪ ਕੌਰ



**ਚੌਕ ਮਹਿਤਾ, 21ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਸਿਹਤ ਵਿਭਾਗ ਅੰਮ੍ਰਿਤਸਰ ਵਲੋਂ "ਗਲੋਬਲ ਆਇਓਡੀਨ ਡਿਫੀਸ਼ੈਸ਼ੀ ਡਿਸਆਡਰਸ ਪ੍ਰੀਵੈਨਸ਼ਨ ਡੇਅ" ਦੇ ਸੰਬਧ ਵਿਚ ਸਿਵਲ ਸਰਜਨ ਅ੍ਰੰਮਿਤਸਰ ਡਾ ਕਿਰਨਦੀਪ ਕੌਰ ਵਲੋ ਇਕ ਜਾਗਰੂਕਤਾ ਪੋਸਟਰ ਰਲੀਜ ਕੀਤਾ ਗਿਆ। ਇਸ ਦੌਰਾਨ ਜਿਲੇ ਭਰ ਦੇ ਗਾਇਨੀ ਮੈਡੀਕਲ ਅਫਸਰਾਂ, ਨੋਡਲ ਅਫਸਰਾਂ, ਸਟਾਫ ਨਰਸਾਂ, ਐਲ.ਐਚ.ਵੀ ਅਤੇ ਏ.ਐਨ.ਐਮ.ਦੀ ਮੀਟਿੰਗ ਬੁਲਾਈ ਗਈ। ਇਸ ਅਵਸਰ ਤੇ ਉਹਨਾਂ ਨੇ ਦੱਸਿਆ ਕਿ 21 ਅਕਤੂਬਰ 2024 ਤੋ 27 ਅਕਤੂਬਰ 2024 ਤੱਕ ਸਕੂਲਾ ਵਿੱਚ ਇਸ ਸੰਬਧੀ ਸੈਮੀਨਾਰ, ਵਰਕਸ਼ਾਪ, ਸਿਹਤ ਕੈਪ, ਕੰਪੀਟੀਸ਼ਨ ਜਿਵੇ ਕਿ ਸਲੋਗਨ ਰਾਈਟਿੰਗ, ਰੇਸ,ਪੇਟਿੰਗ ਆਦਿ ਮੁਕਾਬਲੇ ਕਰਵਾਏ ਜਾਣਗੇ। ਉਨਾਂ ਨੇ ਹੋਰ ਜਾਣਕਾਰੀ ਦਿੰਦੇ ਕਿਹਾ ਕਿ ਆਇਓਡੀਨ ਇਕ ਕੁਦਰਤੀ ਖੁਰਾਕੀ ਤੱਤ ਹੈ, ਜੋਕਿ ਸਾਡੇ ਸ਼ਰੀਰ ਲਈ ਬਹੁਤ ਜਰੂਰੀ ਤੱਤ ਹੈ। ਇਸਦੀ ਰੋਜਾਨਾਂ ਜਰੂਰਤ ਆਇਓਡੀਨ ਯੁਕਤ ਨਮਕ ਖਾਣ ਨਾਲ ਪੂਰੀ ਹੋ ਜਾਂਦੀ ਹੈ। ਇਹ ਸ਼ਰੀਰ ਨੂੰ ਤੰਦਰੁਸਤ ਰੱਖਣ ਤੇ ਬੀਮਾਰੀਆਂ ਨਾਲ ਲੜਨ ਲਈ ਬਹੁਤ ਫਾਇਦੇਮੰਦ ਹੈ। ਇਸ ਦੀ ਕਮੀ ਨਾਲ ਗਿੱਲੜ੍ਹ, ਦਿਮਾਗੀ ਤੇ ਸ਼ਰੀਰਕ ਵਿਕਾਸ ਦਾ ਘੱਟ ਹੋ ਜਾਣਾਂ, ਮੰਦਬੁੱਧੀ, ਭੈਂਗਾਪਨ, ਬੋਲਾਪਨ, ਗੂੰਗਾਪਨ, ਅਤੇ ਬੋਲਾਪਨ ਵਰਗੇ ਭਿਆਨਕ ਰੋਗ ਹੋ ਸਕਦੇ ਹਨ। ਜੇਕਰ ਗਰਭਵਤੀ ਮਾਂ ਵਿੱਚ ਆਇਓਡੀਨ ਦੀ ਕਮੀ ਹੰਦੀ ਹੈ ਤਾਂ ਗਰਭਪਾਤ, ਜਮਾਂਦਰੂ ਨੁਕਸ ਵਾਲਾ ਜਾ ਮਰਿਆ ਬੱਚਾ ਪੈਦਾ ਹੋ ਸਕਦਾ ਹੈ। ਇਸ ਲਈ ਸਾਨੂੰ ਹਮੇਸ਼ਾਂ ਆਇਓਡੀਨ ਯੁਕਤ ਨਮਕ ਹੀ ਵਰਤਣਾਂ ਚਾਹੀਦਾ ਹੈ ਅਤੇ ਆਇਓਡੀਨ ਯੁਕਤ ਨਮਕ ਦੀ ਸੰਭਾਲ ਲਈ ਇਸਨੂੰ ਬੰਦ ਲਿਫਾਫੇ ਜਾਂ ਡਿਬੇ ਵਿੱਚ ਰੱਖਣਾਂ ਚਾਹੀਦਾ ਹੈ ਤਾਂ ਜੋ ਨਮੀਂ ਦੇ ਕਾਰਣ ਨਮਕ ਵਿਚਲਾ ਆਇਓਡੀਨ ਨਸ਼ਟ ਨਾਂ ਹੋ ਸਕੇ। ਇਸ ਮੋਕੇ ਤੇ ਜਿਲ੍ਹਾ ਪਰਿਵਾਰ ਭਲਾਈ ਅਫਸਰ ਡਾ ਨੀਲਮ ਭਗਤ, ਜਿਲਾ ਟੀਕਾਕਰਣ ਅਫਸਰ ਡਾ ਭਾਰਤੀ ਧਵਨ, ਸੀਨੀਅਰ ਮੈਡੀਕਲ ਅਫਸਰ ਡਾ ਰਸ਼ਮੀ ਵਿਜ,ਜਿਲ੍ਹਾ ਐਮ.ਈ.ਆਈ.ਓ. ਅਮਰਦੀਪ ਸਿੰਘ, ਤ੍ਰਿਪਤਾ ਕੁਮਾਰੀ ਅਤੇ ਸਮੂਹ ਸਟਾਫ ਹਾਜਰ ਸਨ।

# ਪੰਥਕ ਆਗੂ ਭਾਈ ਹਰਜੀਤ ਸਿੰਘ ਪੁਰੇਵਾਲ ਵੱਲੋਂ ਭਾਈ ਅੰਮ੍ਰਿਤਪਾਲ ਸਿੰਘ ਨੂੰ ਝੂਠੇ ਕਤਲ ਕੇਸ ਚ' ਨਾਮਜ਼ਦ ਕਰਨ ਦੀ ਨਿਖੇਧੀ



**ਅੰਮ੍ਰਿਤਸਰ 21 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਇਸ ਵਕਤ ਸਿਆਸੀ, ਧਾਰਮਿਕ ਤੇ ਵਿਤੀ ਸੰਕਟ ਵਿੱਚੋਂ ਗੁਜਰ ਰਿਹਾ ਹੈ, ਅਜਿਹੇ ਸਮੇਂ ਸਰਕਾਰ ਦਾ ਫਰਜ਼ ਬਣਦਾ ਹੈ ਕਿ ਉਹ ਬਹੁਤ ਹੀ ਸੁਹਿਰਦਤਾ ਤੇ ਸ਼ਾਂਤ ਮਨ ਨਾਲ ਹਾਲਾਤਾਂ ਤੇ ਕਾਬੂ ਪਾਵੇ ਨਾਂਕਿ ਅਜਿਹੇ ਹਾਲਾਤਾਂ ਦਾ ਫਾਇਦਾ ਉਠਾਕੇ ਆਪਣਾਂ ਉੱਲੂ ਸਿੱਧਾ ਕਰੇ। ਕਿਉਂਕਿ ਰਾਜ ਤੱਦ ਤੱਕ ਹੀ ਕਾਇਮ ਰੱਖਿਆ ਜਾ ਸਕਦਾ ਹੈ ਜਦੋਂ ਤੱਕ ਰਾਜ ਦੀ ਪ੍ਰਜਾ ਹਰ ਪਹਿਲੂ ਤੋਂ ਆਪਣੇਂ ਆਪ ਨੂੰ ਸੁਰੱਖਿਅਤ ਮਹਿਸੂਸ ਕਰੇ ਪ੍ਰੰਤੂ ਇਥੇ ਸਭ ਕੁਝ ਇਸਦੇ ਉਲਟ ਹੋ ਰਿਹਾ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਪੰਥਕ ਆਗੂ ਤੇ ਸਿਆਸੀ ਥਿੰਕ ਟੈਂਕ ਭਾਈ ਹਰਜੀਤ ਸਿੰਘ ਪੁਰੇਵਾਲ ਨੇ ਇਕ ਪ੍ਰੈਸ ਨੋਟ ਰਾਂਹੀ ਕੀਤਾ। ਭਾਈ ਪੁਰੇਵਾਲ ਨੇ ਬਿਆਨ ਕੀਤਾ ਕਿ ਉਹਨਾਂ ਨੂੰ ਉਸ ਵਕਤ ਬਹੁਤ ਦੁੱਖ ਲੱਗਿਆ ਜਦੋਂ ਇਕ ਨੌਜਵਾਨ ਸਿੱਖ ਆਗੂ ਗੁਰਪ੍ਰੀਤ ਸਿੰਘ ਹਰੀ ਨੌ ਸੋਸ਼ਲ ਮੀਡੀਆ ਤੇ ਚੱਲ ਰਹੀ ਠੰਡੀ ਜੰਗ ਦੀ ਭੇਟ ਚੜ ਗਿਆ ਅਤੇ ਕੁਝ ਕੁ ਗੈਰ-ਸਮਾਜਿਕ ਅਨਸਰਾਂ ਵੱਲੋਂ ਬੇਦਰਦੀ ਨਾਲ ਕਤਲ ਕਰ ਦਿੱਤਾ ਗਿਆ। ਉਹਨਾਂ ਕਿਹਾ ਕਿ ਇਸਦੇ ਨਾਲ ਹੀ ਉਹਨਾਂ ਨੂੰ ਹੋਰ ਦੁੱਖ ਪਹੁੰਚਿਆ ਜਦੋਂ ਬਿਨਾਂ ਕਿਸੇ ਸਿਰ ਪੈਰ ਦੇ ਮੌਜੂਦਾ ਹਾਕਮ ਧਿਰ ਵੱਲੋਂ ਆਪਣੀਆਂ ਨਾਕਾਮੀਆਂ ਤੇ ਪਰਦਾ ਪਾਉਣ ਲਈ ਇਸ ਮੌਕੇ ਦਾ ਫਾਇਦਾ ਉਠਾਉਂਦਿਆਂ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਨੂੰ ਗੁਰਪ੍ਰੀਤ ਸਿੰਘ ਹਰੀ ਨੌ ਦੇ ਕਤਲ ਕੇਸ ਵਿੱਚ ਸਾਜਿਸ਼ਨ ਨਾਮਜ਼ਦ ਕਰ ਦਿੱਤਾ ਗਿਆ। ਇਸ ਤਰਾਂ ਕਰਕੇ ਪੰਜਾਬ ਦੇ ਹਾਲਾਤਾਂ ਨੂੰ ਠੀਕ ਕਰਨ ਦੀ ਬਜਾਏ ਸਰਕਾਰ ਵੱਲੋਂ ਜਿੱਥੇ ਇਸ ਕਤਲ ਦਾ ਸਿਆਸੀ ਲਾਹਾ ਲਿਆ ਗਿਆ ਹੈ ਉਥੇ ਨਾਲ ਹੀ ਭਰਾ ਮਾਰੂ ਜੰਗ ਦੀ ਬਲਦੀ ਅੱਗ ਤੇ ਤੇਲ ਪਾਇਆ ਗਿਆ ਜੋ ਬਹੁਤ ਘਟੀਆ ਸੋਚ ਹੈ। ਭਾਈ ਪੁਰੇਵਾਲ ਨੇ ਸਰਕਾਰ ਵੱਲੋਂ ਇਸ ਸਾਰੇ ਘਟਨਾਕ੍ਰਮ ਤੇ ਗਹਿਰਾ ਅਫਸੋਸ ਜਾਹਿਰ ਕੀਤਾ ਹੈ ਅਤੇ ਕਿਹਾ ਹੈ ਕਿ ਭਾਈ ਅੰਮ੍ਰਿਤਪਾਲ ਸਿੰਘ ਨੂੰ ਇਸ ਕੇਸ ਵਿੱਚ ਨਾਮਜ਼ਦ ਕਰਨ ਦਾ ਸਾਫ ਤੇ ਸਿੱਧਾ ਇਕੋ ਇਕ ਕਾਰਨ ਹੈ ਕਿ ਮੌਜੂਦਾ ਪੰਜਾਬ ਸਰਕਾਰ ਪਾਰਲੀਮੈਂਟ ਇਲੈਕਸ਼ਨਾਂ ਦੌਰਾਨ ਭਾਈ ਸਾਹਿਬ ਨੂੰ ਮਿਲੀ ਭਾਰੀ ਬਹੁਮਤ ਤੋਂ ਬੌਖਲਾਈ ਹੋਈ ਹੈ ਅਤੇ ਕਿਸੇ ਸੂਰਤ ਵਿੱਚ ਵੀ ਭਾਈ ਅੰਮ੍ਰਿਤਪਾਲ ਸਿੰਘ ਨੂੰ ਜੇਲ ਤੋਂ ਬਾਹਰ ਨਹੀਂ ਆਉਣ ਦੇਣਾ ਚਹੁੰਦੀ। ਇਸੇ ਪ੍ਰਕਾਰ ਪਹਿਲਾਂ ਵੀ ਭਾਈ ਅੰਮ੍ਰਿਤਪਾਲ ਸਿੰਘ ਦੇ ਭਰਾਤਾ ਨੂੰ ਵੀ ਝੂਠੇ ਕੇਸ ਵਿੱਚ ਫਸਾ ਕੇ ਭਾਈ ਸਾਹਿਬ ਦੇ ਕਿਰਦਾਰਕੁਸ਼ੀ ਕਰਨ ਦੀ ਕੋਸ਼ਿਸ਼ ਕੀਤੀ ਗਈ।

# ਹਲਕਾ ਦਿੜ੍ਹਬਾ ਵਿਖੇ ਕਰੀਬ 3 ਕਰੋੜ ਦੀ ਲਾਗਤ ਵਾਲੇ 2 ਹਾਈ ਲੈਵਲ ਪੁਲਾਂ ਦੇ ਨਿਰਮਾਣ ਕਾਰਜ ਮੁਕੰਮਲ: ਹਰਪਾਲ ਸਿੰਘ ਚੀਮਾ



**ਦਿੜ੍ਹਬਾ/ਸੰਗਰੂਰ ( ਰਣਜੀਤ ਸਿੰਘ ਪੇਧਨੀ )** -ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਵਿਧਾਨ ਸਭਾ ਹਲਕਾ ਦਿੜ੍ਹਬਾ ਦੀ ਨੁਹਾਰ ਨੂੰ ਸੰਵਾਰਨ ਲਈ ਅਤੇ ਲੋਕਾਂ ਨੂੰ ਵੱਧ ਤੋਂ ਵੱਧ ਸੁਵਿਧਾਵਾਂ ਮੁਹੱਈਆ ਕਰਵਾਉਣ ਲਈ ਨਿਰੰਤਰ ਕਦਮ ਪੁੱਟੇ ਜਾ ਰਹੇ ਹਨ ਅਤੇ ਇਸ ਦਿਸ਼ਾ ਵਿੱਚ ਇੱਕ ਹੋਰ ਮਹੱਤਵਪੂਰਨ ਉਪਰਾਲਾ ਕਰਦਿਆਂ ਦਿੜ੍ਹਬਾ ਵਿਖੇ ਲਗਭਗ 3 ਕਰੋੜ ਰੁਪਏ ਦੀ ਲਾਗਤ ਨਾਲ 2 ਹਾਈ ਲੈਵਲ ਪੁਲਾਂ ਦਾ ਨਿਰਮਾਣ ਮੁਕੰਮਲ ਹੋ ਚੁੱਕਾ ਹੈ ਜਦਕਿ ਇੱਕ ਡਰੇਨ 'ਤੇ ਬਣਾਏ ਜਾ ਰਹੇ ਪੁਲ ਦੇ ਉਸਾਰੀ ਕਾਰਜ ਪ੍ਰਗਤੀ ਅਧੀਨ ਹਨ। ਇਹ ਪ੍ਰਗਟਾਵਾ ਕਰਦਿਆਂ ਪੰਜਾਬ ਦੇ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਦਿੜ੍ਹਬਾ ਤੋਂ ਕਮਾਲਪੁਰ ਰੋਡ 'ਤੇ ਸਥਿਤ ਡਰੇਨ ਉਪਰ ਕਰੀਬ 1 ਕਰੋੜ 69 ਲੱਖ ਰੁਪਏ ਦੀ ਲਾਗਤ ਨਾਲ ਹਾਈ ਲੈਵਲ ਬ੍ਰਿਜ ਦੀ ਉਸਾਰੀ ਕਰਵਾਈ ਗਈ ਹੈ ਜਿਸ ਨਾਲ ਨੇੜਲੇ ਪਿੰਡਾਂ ਦੇ ਨਿਵਾਸੀਆਂ ਨੇ ਵੱਡੀ ਰਾਹਤ ਮਹਿਸੂਸ ਕੀਤੀ ਹੈ। ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਦੱਸਿਆ ਕਿ ਇਸ ਤੋਂ ਇਲਾਵਾ ਲਾਡ ਬੰਜਾਰਾ ਤੋਂ ਖੇੜੀ ਨਾਗਿਆਂ ਰੋਡ 'ਤੇ ਸਥਿਤ ਲਾਡਬੰਜਾਰਾ ਡਰੇਨ 'ਤੇ ਵੀ ਹਾਈ ਲੈਵਲ ਬ੍ਰਿਜ ਮੁਕੰਮਲ ਹੋ ਚੁੱਕਾ ਹੈ ਜਿਸ 'ਤੇ ਲਗਭਗ 1 ਕਰੋੜ 28 ਲੱਖ ਰੁਪਏ ਦੀ ਲਾਗਤ ਆਈ ਹੈ। ਉਨ੍ਹਾਂ ਕਿਹਾ ਕਿ ਪਿਛਲੇ ਕਈ ਵਰ੍ਹਿਆਂ ਤੋਂ ਇਨ੍ਹਾਂ ਡਰੇਨਾਂ ਨੇੜੇ ਵਸਦੇ ਪਿੰਡਾਂ ਦੇ ਲੋਕਾਂ ਨੂੰ ਪੁਲਾਂ ਦੀ ਘਾਟ ਕਾਰਨ ਵੱਡੀਆਂ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈਂਦਾ ਸੀ ਅਤੇ ਹੁਣ ਇਨ੍ਹਾਂ ਪੁਲਾਂ ਦੇ ਬਣਨ ਨਾਲ ਲੋਕ ਕਾਫ਼ੀ ਸੌਖਾਲੇ ਹੋ ਗਏ ਹਨ। ਇਸ ਮੌਕੇ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਦੱਸਿਆ ਕਿ ਬਘਰੌਲ ਤੋਂ ਬੁਜਰਕ ਸੜਕ 'ਤੇ ਸਥਿਤ ਚੰਬੋ ਚੋਅ 'ਤੇ ਵੀ ਕਰੀਬ 71 ਲੱਖ ਰੁਪਏ ਦੀ ਲਾਗਤ ਵਾਲੇ ਪੁਲ ਦੇ ਨਿਰਮਾਣ ਕਾਰਜ ਪ੍ਰਗਤੀ ਅਧੀਨ ਹਨ ਅਤੇ ਛੇਤੀ ਹੀ ਇਸ ਨੂੰ ਮੁਕੰਮਲ ਕਰਕੇ ਲੋਕਾਂ ਲਈ ਆਵਾਜਾਈ ਨੂੰ ਖੁਲ੍ਹਵਾ ਦਿੱਤਾ ਜਾਵੇਗਾ। ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਹਲਕਾ ਵਾਸੀਆਂ ਨੂੰ ਦਰਪੇਸ਼ ਹਰ ਸਮੱਸਿਆ ਦੇ ਸਥਾਈ ਹੱਲ ਲਈ ਉਹ ਪੂਰੀ ਤਰ੍ਹਾਂ ਵਚਨਬੱਧ ਹਨ ਅਤੇ ਆਉਣ ਵਾਲੇ ਸਮੇਂ ਅੰਦਰ ਦਿੜ੍ਹਬਾ ਦੇ ਸਰਵਪੱਖੀ ਸੁਧਾਰ ਲਈ ਹੋਰਨਾਂ ਕਈ ਪ੍ਰੋਜੈਕਟਾਂ ਨੂੰ ਮੁਕੰਮਲ ਕਰਨ ਲਈ ਨਿਰੰਤਰ ਸਾਰਥਕ ਉਪਰਾਲੇ ਕੀਤੇ ਜਾ ਰਹੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਸ਼੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਾਲਾਨਾ ਸਮਾਗਮ ਅਤੇ

# 25ਵੇਂ ਡਾ: ਗੁਰਦਿਆਲ ਸਿੰਘ ਫੁੱਲ ਯਾਦਗਾਰੀ ਸਹਿ- ਵਿੱਦਿਅਕ ਮੁਕਾਬਲੇ ਕਰਵਾਏ







**ਚੌਕ ਮਹਿਤਾ, 21 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)** -ਇਲਾਕੇ ਦੀ ਨਾਮਵਰ ਸੰਸਥਾ ਸ਼੍ਰੀ ਗੁਰੂ ਰਾਮਦਾਸ ਸੀਨੀ. ਸੈਕੰ : ਸਕੂਲ , ਨਾਥ ਦੀ ਖੂਹੀ ਵਿਖੇ ਸ਼੍ਰੀ ਗੁਰੂ ਰਾਮਦਾਸ ਜੀ ਦੇ ਆਗਮਨ ਪੁਰਬ ਨੂੰ ਸਮਰਪਿਤ ਸਲਾਨਾ ਸਮਾਗਮ ਤੇ 25ਵੇਂ ਡਾ. ਗੁਰਦਿਆਲ ਸਿੰਘ ਫੁੱਲ ਯਾਦਗਾਰੀ ਸਹਿ -ਵਿੱਦਿਅਕ ਮੁਕਾਬਲੇ ਕਰਵਾਏ ਗਏ। ਸਭ ਤੋਂ ਪਹਿਲਾਂ ਸਹਿਜ ਪਾਠ ਦੇ ਭੋਗ ਪਾਏ ਗਏ ਤੇ ਵਿਦਿਆਰਥੀਆਂ ਵਲੋਂ ਗੁਰਬਾਣੀ ਦਾ ਕੀਰਤਨ ਤੇ ਧਾਰਮਿਕ ਗੀਤਾਂ ਦੀ ਪੇਸ਼ਕਾਰੀ ਕੀਤੀ ਗਈ। ਨਰਸਰੀ ਵਿੰਗ ਦੇ ਨੰਨੇ ਮੁੰਨੇ ਬੱਚਿਆਂ ਵੱਲੋਂ 'ਊੜਾ ਉੱਠ ਸਵੇਰੇ ਜਾਗ' ਗੁਰਮੁੱਖੀ ਲਿਪੀ 'ਤੇ ਕੋਰਿਓਗ੍ਰਾਫੀ ਪੇਸ਼ ਕੀਤੀ ਗਈ। ਉਸਦੇ ਉਪਰੰਤ ਸਕੂਲ ਦੇ ਕੰਪਿਊਟਰ ਅਧਿਆਪਿਕਾ ਮਿਸ ਪ੍ਰਭਜੋਤ ਕੌਰ ਨੂੰ ਉਹਨਾਂ ਦੀਆਂ ਵਧੀਆਂ ਸੇਵਾਵਾਂ ਲਈ ਉਹਨਾਂ ਨੂੰ ਅਧਿਆਪਕ ਦਿਵਸ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ ਅਤੇ ਬੋਰਡ ਪ੍ਰੀਖਿਆਵਾਂ ਵਿੱਚੋਂ ਪਹਿਲੀਆਂ ਪੁਜ਼ੀਸ਼ਨਾਂ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਉਸਤੋਂ ਉਪਰੰਤ ਮੰਚ ਲੋਕ ਅੰਮ੍ਰਿਤਸਰ ਵੱਲੋਂ ਭਾਸ਼ਨ/ ਲੋਕ ਗੀਤ/ ਸੁੰਦਰ ਲਿਖਾਈ /ਨਾਅਰਾ ਲੇਖਨ /ਚਾਰਟ ਮੇਕਿੰਗ ਅਤੇ ਪ੍ਰਸ਼ਨੋਤਰੀ ਮੁਕਾਬਲੇ ਪੰਡਿਤ ਕ੍ਰਿਸ਼ਨ ਦਵੇਸਰ ਜੀ ਦੀ ਪ੍ਰਧਾਨਗੀ ਅਧੀਨ ਕਰਵਾਏ ਗਏ । ਜਿਸ ਵਿੱਚ ਇਲਾਕੇ ਦੇ 10 ਨਾਮਵਰ ਸਕੂਲਾਂ ਦੇ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਹਿੱਸਾ ਲਿਆ।ਸਕੂਲ ਦੇ ਵਿਦਿਆਰਥੀਆਂ ਵੱਲੋਂ ਕੋਰਿਓਗ੍ਰਾਫੀ,ਡਾਂਸ ਅਤੇ ਗਿੱਧੇ ਦੀ ਪੇਸ਼ਕਾਰੀ ਨਾਲ ਸਰੋਤਿਆਂ ਦਾ ਭਰਪੂਰ ਮਨੋਰੰਜਨ ਕੀਤਾ। ਜੂਨੀਅਰ ਵਰਗ ਭਾਸ਼ਣ ਮੁਕਾਬਲੇ ਵਿੱਚ ਪਰਨਾਜ਼ਪ੍ਰੀਤ ਕੌਰ ਸ੍ਰੀ ਗੁਰੂ ਰਾਮਦਾਸ ਸੀਨੀ: ਸੈਕੰ,ਸਕੂਲ ਨਾਥ ਦੀ ਖੂਹੀ, ਗੁਰਸੇਵਕ ਸਿੰਘ ਸ੍ਰੀ ਗੁਰੂ ਹਰਗੋਬਿੰਦ ਸੀਨੀ. ਸੈਕੰ. ਸਕੂਲ ਖੁਜਾਲਾ, ਪ੍ਰਭਜੀਤ ਕੌਰ ਦਸਮੇਸ਼ ਸੀਨੀ. ਸੈਕੰ ਸਕੂਲ ਮਹਿਤਾ, ਪਲਵਿੰਦਰ ਸਿੰਘ ਅਮਰ ਪਬਲਿਕ ਸਕੂਲ ਖੱਬੇ ਰਾਜਪੂਤਾਂ, ਨੇ ਕ੍ਰਮਵਾਰ ਪਹਿਲਾ, ਦੂਜਾ, ਤੀਜਾ ਅਤੇ ਚੌਥਾ ਸਥਾਨ ਹਾਸਲ ਕੀਤਾ। ਸੀਨੀਅਰ ਵਰਗ ਭਾਸ਼ਣ ਮੁਕਾਬਲੇ ਵਿੱਚ ਤਨਵੀਰ ਕੌਰ ਅੰਬਰ ਪਬਲਿਕ ਸਕੂਲ ਨਵਾਂ ਤੰਨੇਲ, ਸੈਫਰਨਪ੍ਰੀਤ ਕੌਰ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਸ. ਸ. ਸਕੂਲ ਚੂੰਗ, ਗੁਰਲੀਨ ਕੌਰ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਇੰਟਰਨੈਸ਼ਨਲ ਸਕੂਲ ਚੂੰਗ ਤੇ ਸੰਦੀਪ ਕੌਰ ਦਸਮੇਸ਼ ਪਬਲਿਕ ਸ. ਸ. ਸਕੂਲ ਮਹਿਤਾ ਨੇ ਕ੍ਰਮਵਾਰ ਪਹਿਲਾ, ਦੂਜਾ ,ਤੀਜਾ ਤੇ ਚੌਥਾ ਸਥਾਨ ਹਾਸਲ ਕੀਤਾ। ਲੋਕ ਗੀਤ ਜੂਨੀਅਰ ਮੁਕਾਬਲੇ ਵਿੱਚ ਵੰਸ਼ਦੀਪ ਸਿੰਘ ਸੰਤ ਬਾਬਾ ਨੱਥਾ ਸਿੰਘ ਜੀ ਮੈਮੋਰੀਅਲ ਸਕੂਲ ਬੁਤਾਲਾ, ਅੰਸ਼ਦੀਪ ਕੌਰ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਇੰਟਰਨੈਸ਼ਨਲ ਸਕੂਲ ਚੂੰਗ, ਹਰਮਨਜੋਤ ਕੌਰ ਦਸਮੇਸ਼ ਸ.ਸ. ਸਕੂਲ ਮਹਿਤਾ, ਏਕਮਪ੍ਰੀਤ ਕੌਰ ਖਾਲਸਾ ਸ.ਸ. ਸਕੂਲ ਨਵਾਂ ਪਿੰਡ ਨੇ ਕ੍ਰਮਵਾਰ ਪਹਿਲਾ, ਦੂਜਾ, ਤੀਜਾ ਤੇ ਚੌਥਾ ਸਥਾਨ ਹਾਸਿਲ ਕੀਤਾ । ਲੋਕ ਗੀਤ ਸੀਨੀਅਰ ਵਰਗ ਮੁਕਾਬਲੇ ਵਿੱਚ ਜਤਿੰਦਰ ਕੌਰ ਐਸ. ਐਮ. ਐਸ ਗਲੋਬਲ ਸਕੂਲ ਬੁਤਾਲਾ,ਕੋਮਲਪ੍ਰੀਤ ਕੌਰ ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਮਜੀਠਾ, ਮਹਿਕਪ੍ਰੀਤ ਕੌਰ ਸ੍ਰੀ ਗੁਰੂ ਰਾਮਦਾਸ ਸ.ਸ. ਸਕੂਲ ਨਾਥ ਦੀ ਖੂਹੀ,ਪਰਮੀਤ ਕੌਰ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਇੰਟ. ਸਕੂਲ ਚੂੰਗ ਨੇ ਕ੍ਰਮਵਾਰ ਪਹਿਲਾ, ਦੂਜਾ, ਤੀਜਾ ਤੇ ਚੌਥਾ ਸਥਾਨ ਹਾਸਿਲ ਕੀਤਾ। ਸੁੰਦਰ ਲਿਖਾਈ ਮੁਕਾਬਲੇ ਵਿੱਚ ਪ੍ਰਭਜੋਤ ਕੌਰ ਦਸਮੇਸ਼ ਸ.ਸ.ਸਕੂਲ ਮਹਿਤਾ, ਅਸ਼ਨੂਰਦੀਪ ਕੌਰ ਸ੍ਰੀ ਗੁਰੂ ਹਰਗੋਬਿੰਦ ਸ.ਸ. ਸਕੂਲ ਖੂਜਾਲਾ, ਐਸ਼ਮੀਨ ਕੌਰ ਤੇਜ਼ ਰਸੀਲਾ ਇੰਟ. ਸ,ਸ. ਸਕੂਲ ਸੈਦਪੁਰ, ਨੇ ਕ੍ਰਮਵਾਰ ਪਹਿਲਾ, ਦੂਜਾ ਤੇ ਤੀਜਾ ਸਥਾਨ ਹਾਸਲ ਕੀਤਾ। ਨਾਅਰਾ ਲੇਖਣ ਮੁਕਾਬਲੇ ਵਿੱਚ ਖੁਸ਼ਪ੍ਰੀਤ ਕੌਰ ਸ੍ਰੀ ਗੁਰੂ ਹਰਗੋਬਿੰਦ ਸੀਨੀ: ਸੈਕੰ: ਸਕੂਲ ਖੁਜਾਲਾ, ਲਵਲੀਨ ਕੌਰ ਅੰਬਰ ਪਬਲਿਕ ਸੀਨੀ: ਸੈਕੰ: ਸਕੂਲ ਤੰਨੇਲ, ਰਵਨੀਤ ਕੌਰ ਸ੍ਰੀ ਗੁਰੂ ਹਰਗੋਬਿੰਦ ਸ.ਸ. ਸਕੂਲ ਖੁਜਾਲਾ ਨੇ ਕ੍ਰਮਵਾਰ ਪਹਿਲਾ, ਦੂਜਾ ਤੇ ਤੀਜਾ ਸਥਾਨ ਹਾਸਿਲ ਕੀਤਾ।ਪੋਸਟਰ ਮੇਕਿੰਗ ਮੁਕਾਬਲੇ ਵਿੱਚ ਹਰਮਨਜੀਤ ਸਿੰਘ ਸ਼੍ਰੀ ਗੁਰੂ ਰਾਮਦਾਸ ਸੀਨੀ: ਸੈਕੰ: ਸਕੂਲ ਨਾਥ ਦੀ ਖੂਹੀ, ਪਵਨੀਤ ਕੌਰ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਸ.ਸ. ਸਕੂਲ ਚੂੰਗ,ਹਰਮਨਪ੍ਰੀਤ ਕੌਰ ਅੰਬਰ ਪਬਲਿਕ ਸਕੂਲ ਤੰਨੇਲ ਨੇ ਕ੍ਰਮਵਾਰ ਪਹਿਲਾ, ਦੂਜਾ, ਤੀਜਾ ਸਥਾਨ ਹਾਸਲ ਕੀਤਾ। ਸਕੂਲ ਦੇ ਹੋਣਹਾਰ ਵਿਦਿਆਰਥੀਆਂ ਮਨਪ੍ਰੀਤ ਕੌਰ ਤੇ ਮਨਪ੍ਰੀਤ ਕੌਰ ਨੇ ਸਟੇਜ ਸੈਕਟਰੀ ਦੀ ਭੂਮਿਕਾ ਬਾਖੂਬੀ ਨਭਾਈ। ਮੁਕਾਬਲਿਆਂ ਦੀ ਜੱਜਮੈਂਟ ਡਾ. ਆਤਮਾ ਸਿੰਘ ਗਿੱਲ,ਪ੍ਰੋ. ਅਜੇਪਾਲ ਸਿੰਘ ਤੇ ਸ. ਜਸਬੀਰ ਸਿੱਘ ਨੇ ਕੀਤੀ। ਸਕੂਲ ਸਟਾਫ਼ ਤੇ ਵਿਦਿਆਰਥੀਆਂ ਵੱਲੋਂ ਚਾਹ ਮਿਠਾਈ ਤੇ ਲੰਗਰ ਦੀ ਸੇਵਾ ਕੀਤੀ ਗਈ। ਅੰਤ ਵਿੱਚ ਸਕੂਲ ਡਾਇਰੈਕਟਰ ਸ: ਸ਼ਿਵਚਰਨ ਸਿੰਘ,ਪ੍ਰਿੰਸੀਪਲ ਸ਼੍ਰੀਮਤੀ ਗੁਰਦੀਪ ਕੌਰ, ਪੰਡਿਤ ਕ੍ਰਿਸ਼ਨ ਦਵੇਸਰ, ਵਿਸ਼ੇਸ਼ ਮਹਿਮਾਨਾਂ ਵਜੋਂ ਪਹੁੰਚੇ ਸ ਰਘਬੀਰ ਸਿੰਘ ਸੋਹਲ, ਪ੍ਰਿੰਸੀਪਲ ਪਲਵਿੰਦਰ ਸਿੰਘ ਤੇ ਜੱਜ ਸਾਹਿਬਾਨਾਂ ਵੱਲੋਂ ਜੇਤੂ ਵਿਦਿਆਰਥੀਆਂ ਨੂੰ ਇਨਾਮ ਤਕਸੀਮ ਕੀਤੇ ਗੇਏ। ਪੂਰੇ ਸਮਾਗਮ ਦੌਰਾਨ ਵਾਇਸ ਪ੍ਰਿੰਸੀਪਲ ਸ. ਅਜਮੇਰ ਸਿੰਘ, ਮੈਡਮ ਸਿਮਰਨਜੀਤ ਕੌਰ,ਮੈਂਡਮ ਗੁਰਦੀਪ ਕੌਰ, ਮੈਡਮ ਗੁਰਪ੍ਰੀਤ ਕੌਰ, ਮੈਡਮ ਮਨਦੀਪ ਕੌਰ, ਮੈਡਮ ਕੋਮਲਪ੍ਰੀਤ ਕੌਰ, ਮੈਡਮ ਸਨਦੀਪ ਕੌਰ, ਮੈਡਮ ਕਮਲਜੀਤ ਕੌਰ ਤੇ ਮੈਡਮ ਸੁਖਵਿੰਦਰ ਕੌਰ ਦਾ ਵਿਸ਼ੇਸ਼ ਸਹਿਯੋਗ ਰਿਹਾ।



ਆਵਾਜ਼ਿ ਕੌਮ AWAZE QAUM International Newspaper & WEB TV

## ਚੇਅਰਮੈਨ ਘੁੱਲੀ ਅਤੇ ਚੇਅਰਮੈਨ ਢਿੱਲੋਂ ਨੇ ਪਿੰਡ ਹਸਨਪੁਰ ਦੀ ਨਗਰ ਪੰਚਾਇਤ ਦਾ ਕੀਤਾ ਸਨਮਾਨ



ਧੂਰੀ ( ਰਣਜੀਤ ਸਿੰਘ ਪੇਧਨੀ ) ਨੇੜਲੇ ਪਿੰਡ ਹਸਨਪੁਰ ਤੋਂ ਵੱਡੇ ਮਾਰਜਨ ਨਾਲ ਜਿੱਤ ਕੇ ਸਰਪੰਚ ਬਣੀ ਬੀਬੀ ਮਨਦੀਪ ਪਤਨੀ ਰਵਿੰਦਰ ਕੁਮਾਰ ਰਿੰਕਾ ਦਾ ਸਰਪੰਚ ਬਣਨ ਤੇ ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਦੇ ਦਫ਼ਤਰ ਇੰਚਾਰਜ ਸ,ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਅਤੇ ਸ, ਦਲਬੀਰ ਸਿੰਘ ਢਿੱਲੋਂ ਚੇਅਰਮੈਨ ਇੰਡਸਟਰੀ ਡਿਪਾਰਟਮੈਂਟ ਪੰਜਾਬ ਵੱਲੋਂ ਵਿਸ਼ੇਸ਼ ਤੌਰ ਤੇ ਹਸਨਪੁਰ ਦੀ ਸਰਪੰਚ ਅਤੇ ਸਮੂਹ ਪੰਚਾਇਤ ਮੈਂਬਰਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ । ਇਸ ਮੌਕੇ ਚੋਣਵੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਚੇਅਰਮੈਨ ਘੁੱਲੀ ਅਤੇ ਚੇਅਰਮੈਨ ਢਿੱਲੋਂ ਨੇ ਕਿਹਾ ਹੈ ਕਿ ਸੂਬੇ ਦੀ ਮਾਨ ਸਰਕਾਰ ਪਿੰਡਾਂ ਦੇ ਵਿਕਾਸ ਲਈ ਹਰ ਵਕਤ ਯਤਨਸ਼ੀਲ ਹੈ ਅਤੇ ਉਹ ਆਉਣ ਵਾਲੇ ਸਮੇਂ ਵਿੱਚ ਵਿਕਾਸ ਕਾਰਜਾਂ ਦੀ ਕੋਈ ਕਸਰ ਬਾਕੀ ਨਹੀਂ ਛੱਡਣਗੇ। ਇਸ ਮੌਕੇ ਆਪ ਆਗੂ ਕੁਲਵਿੰਦਰ ਸਿੰਘ ਹਸਨਪੁਰ ਅਤੇ ਉੱਘੇ ਸਮਾਜ ਸੇਵੀ ਅੱਛਰਾ ਸਿੰਘ ਆਸਟਰੇਲੀਆ ਨੇ ਨਗਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਸੀਂ ਦਿਲ ਦੀਆਂ ਗਹਿਰਾਈਆਂ ਚੋਂ ਨਗਰ ਨਿਵਾਸੀਆਂ ਦਾ ਧੰਨਵਾਦ ਕਰਦੇ ਹਾਂ ਜਿਨਾਂ ਨੇ ਸਾਡੀ ਮਿਹਨਤ ਨੂੰ ਦੇਖਦਿਆਂ ਹੋਇਆਂ ਬੀਬੀ ਮਨਦੀਪ ਪਤਨੀ ਰਵਿੰਦਰ ਕੁਮਾਰ ਰਿੰਕਾ ਨੂੰ ਪਿੰਡ ਦੀ ਜਿੰਮੇਵਾਰੀ ਦਿੱਤੀ ਅਤੇ ਉਹ ਹਰ ਵਕਤ ਪਿੰਡ ਦੇ ਵਿਕਾਸ ਦੇ ਲਈ ਯਤਨਸ਼ੀਲ ਰਹਿਣਗੇ ,ਜਿੱਥੇ ਵੀ ਕਿਤੇ ਸਮਾਜ ਸੇਵਾ ਦੀ ਲੋੜ ਹੋਈ ਤਾਂ ਉਹ ਵੱਧ ਚੜ ਕੇ ਯੋਗਦਾਨ ਪਾਉਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

## ਲੱਚਰਤਾ ਦੇ ਖਿਲਾਫ ਲੜਾਈ ਲੜ ਰਹੇ ਸਿੰਘਾਂ ਨਾਲ ਖੜਨਾ ਕੌਮ ਦਾ ਮੁਢਲਾ ਫਰਜ਼ : ਹਰਮੇਸ਼ ਸਿੰਘ ਆਸਟਰੇਲੀਆ

### ਕੌਮੀ ਕਾਰਜਾਂ ਲਈ ਕੌਮ ਨੂੰ ਵਕੀਲਾਂ ਦਾ ਪੈਨਲ ਤਿਆਰ ਕਰਨ ਦੀ ਸਖਤ ਜਰੂਰਤ : ਹਰਮੇਸ਼ ਸਿੰਘ ਆਸਟਰੇਲੀਆ



ਇਹਨਾਂ ਗੱਲਾਂ ਦਾ ਪ੍ਰਗਟਾਵਾ ਕਰਦੇ ਹੋਏ ਐਨ ਆਰ ਆਈ ਹਰਮੇਸ਼ ਸਿੰਘ ਆਸਟਰੇਲੀਆ ਨੇ ਗੱਲਬਾਤ ਦੌਰਾਨ ਕਿਹਾ ਕਿ ਸਾਡੀਆਂ ਆਉਣ ਵਾਲੀਆਂ ਨਸਲਾਂ ਨੂੰ ਲਚਰਤਾ ਤੋਂ ਬਚਾਉਣ ਦੀ ਲੜਾਈ ਲੜ ਰਹੇ ਸਿੰਘਾਂ ਨਾਲ ਖੜਨਾ ਸਾਡਾ ਮੁਢਲਾ ਫਰਜ਼ ਹੈ । ਸਮੇਂ ਦੀ ਜਰੂਰਤ ਹੈ ਕਿ ਕੌਮੀ ਕਾਰਜਾਂ ਲਈ ਕੌਮ ਸਿੱਖ ਵਕੀਲਾਂ ਦਾ ਇੱਕ ਪੈਨਲ ਤਿਆਰ ਕਰੇ । ਜਿਹੜਾ ਪੈਨਲ ਕੌਮੀ ਕਾਰਜਾਂ ਲਈ ਆਪਣੀਆਂ ਸੇਵਾਵਾਂ ਨਿਭਾਅ ਰਹੇ ਸਿੰਘਾਂ ਦੀ ਪੈਰਵਾਈ ਕਰੇ । ਹਰਮੇਸ਼ ਸਿੰਘ ਆਸਟਰੇਲੀਆ ਨੇ ਗੱਲਬਾਤ ਦੌਰਾਨ ਕਿਹਾ ਕਿ ਜੇਕਰ ਮਾਨ ਸਿੰਘ ਅਕਾਲੀ ਬੁੱਢਾ ਦਲ ਵਾਲੇ ਸਿੰਘਾਂ ਦੀ ਜਰੂਰਤ ਅਨੁਸਾਰ ਕੋਈ ਵੀ ਸਿੱਖ ਵਕੀਲਾਂ ਦਾ ਪੈਨਲ ਸਾਹਮਣੇ ਨਾ ਆਇਆ ਤਾਂ ਮਾਨਯੋਗ ਹਾਈਕੋਰਟ ਦੇ ਵਕੀਲਾਂ ਦੀ ਫੀਸ ਦਾ ਖਰਚਾ ਮੈਂ ਆਪਣੇ ਪੱਲਿਓਂ ਅਦਾ ਕਰਾਂਗਾ ਕਿਉਂਕਿ ਮਾਨ ਸਿੰਘ ਅਕਾਲੀ ਕੋਈ ਨਿੱਜੀ ਲੜਾਈ ਨਹੀਂ ਲੜ ਰਹੇ ਨਾ ਹੀ ਕਿਸੇ ਨਿਜ ਸਵਾਰਥ ਦੀ ਲੜਾਈ ਲੜ ਰਹੇ ਨੇ । ਲੱਚਰਤਾ ਦੇ ਖਿਲਾਫ ਇਹ ਲੜਾਈ ਆਉਣ ਵਾਲੀਆਂ ਨਸਲਾਂ ਨੂੰ ਬਚਾਉਣ ਲਈ ਲੜੀ ਜਾ ਰਹੀ ਹੈ । ਇਸ ਕਰਕੇ ਕੌਮ ਨੂੰ ਇਹਨਾਂ ਸਿੰਘਾਂ ਦੇ ਨਾਲ ਸਮੇਂ ਸਿਰ ਖੜਨ ਦੀ ਸਖਤ ਜਰੂਰਤ ਹੈ। ਜ਼ਿਕਰ ਯੋਗ ਹੈ ਕਿ ਪਿਛਲੇ ਦਿਨੀ ਕੁਲੜ ਪੀਜ਼ਾ ਵਾਲੇ ਜੋੜੇ ਨੂੰ ਲੱਚਰ ਵੀਡੀਓ ਅਪਲੋਡ ਕਰਨ ਤੋਂ ਰੋਕਣ ਸਬੰਧੀ ਵਿਚਾਰ ਕਰਨ ਲਈ ਮਾਨ ਸਿੰਘ ਅਕਾਲੀ ਉਹਨਾਂ ਦੀ ਦੁਕਾਨ ਦੇ ਬਾਹਰ ਪਹੁੰਚੇ ਸਨ ਜਿਸ ਕਾਰਨ ਕਰਕੇ ਕੁਲੜ ਪੀਜਾ ਵਾਲਾ ਜੋੜਾ ਮਾਨਯੋਗ ਹਾਈਕੋਰਟ ਮਾਨ ਸਿੰਘ ਅਕਾਲੀ ਦੇ ਖਿਲਾਫ ਕਾਰਵਾਈ ਕਰਵਾਉਣ ਲਈ ਪਹੁੰਚਿਆ ਹੈ ।

**-ਪਰਗਟ ਸਿੰਘ ਬਲਬੇੜਾ, 9022000070**

ਆਵਾਜ਼ਿ ਕੌਮ AWAZE QAUM International Newspaper & WEB TV

## ਅੱਜ ਵੀ ਮੈਂ ਆਪਣੇ ਪਿੰਡ ਨਾਲ ਖੜਾ

### ਪਿੰਡ ਦੇ ਕਿਸੇ ਵੀ ਵੋਟਰ ਦੇ ਮੈਂ ਕੋਈ ਵੀ ਕੰਮ ਆ ਸਕਿਆ ਮੈਨੂੰ ਖੁਸ਼ੀ ਹੋਵੇਗੀ : ਮਨਜੀਤ ਸਿੰਘ ਨੰਬਰਦਾਰ



ਮਨਜੀਤ ਸਿੰਘ ਨੰਬਰਦਾਰ ਨੇ ਅੱਜ ਮੇਰੇ ਨਾਲ ਫੋਨ ਤੇ ਲੰਬੀ ਗੱਲਬਾਤ ਦੌਰਾਨ ਪਿੰਡ ਦੇ ਸਾਰੇ ਵੋਟਰਾਂ ਦਾ ਦਿਲੋਂ ਧੰਨਵਾਦ ਕਰਨ ਦੀ ਗੱਲ ਕਹੀ । ਮਨਜੀਤ ਸਿੰਘ ਨੰਬਰਦਾਰ ਨੇ ਕਿਹਾ ਕਿ ਮੈਂ ਆਪਣੇ ਸਮੂਹ ਵੋਟਰਾਂ ਦਾ ਦਿਲੋਂ ਧੰਨਵਾਦ ਕਰਦਾ ਹਾਂ ਜਿਨਾਂ ਨੇ ਮੈਨੂੰ ਇੰਨਾ ਮਾਣ ਬਖਸ਼ਿਆ । ਚੋਣ ਅਖਾੜੇ ਵਿੱਚ ਜਿੱਤ ਹਾਰ ਹੋਣਾ ਤੈਹ ਹੁੰਦੈ । ਮੈਂ ਉਹਨਾਂ ਸਾਰੇ ਭੈਣ ਭਰਾਵਾਂ ਦਾ ਵੀ ਦਿਲੋਂ ਰਿਣੀ ਹਾਂ ਜਿਨਾਂ ਨੇ ਮੈਨੂੰ ਜਿਤਾਉਣ ਲਈ ਦਿਨ ਰਾਤ ਇੱਕ ਕੀਤਾ । ਉਹਨਾਂ ਸਾਰੇ ਭੈਣ ਭਰਾਵਾਂ ਦਾ ਦਿਲੋਂ ਸਤਿਕਾਰ ਕਰਦਾ ਹਾਂ ਜਿਨਾਂ ਨੇ ਮੇਰੇ ਚੋਣ ਪ੍ਰਚਾਰ ਦੇ ਵਿੱਚ ਹੱਡ ਤੋੜਵੀ ਮਿਹਨਤ ਕੀਤੀ । ਮੈਨੂੰ ਸਭ ਤੋਂ ਵੱਡਾ ਮਾਣ ਇਸ ਗੱਲ ਤੇ ਹੈ ਕਿ ਮੈਂ ਪਿੰਡ ਦੇ ਵਿੱਚ ਸਿਰਫ ਮੁੱਦਿਆਂ ਦੀ ਰਾਜਨੀਤੀ ਕੀਤੀ । ਅੱਜ ਵੀ ਮੈਂ ਆਪਣੇ ਪਿੰਡ ਦੇ ਵੋਟਰਾਂ ਨੂੰ ਕਹਿਣਾ ਚਾਹੁੰਦਾ ਹਾਂ ਕਿ ਜੇ ਮੈਂ ਤੁਹਾਡੇ ਅੱਜ ਵੀ ਕਿਸੇ ਕੰਮ ਆ ਸਕਿਆ ਤਾਂ ਮੈਨੂੰ ਬਹੁਤ ਖੁਸ਼ੀ ਹੋਵੇਗੀ ।

**-ਪਰਗਟ ਸਿੰਘ ਬਲਬੇੜਾ, 9022000070**

ਆਵਾਜ਼ਿ ਕੌਮ AWAZE QAUM International Newspaper & WEB TV

ਦੇਸ਼ ਦੀ ਕਾਨੂੰਨੀ ਵਿਵਸਥਾਂ ਪੂਰੀ ਤਰ੍ਹਾਂ ਫੇਲ੍ਹ ਜਿਸ ਲਈ

# ਸਿੱਧੇ ਤੌਰ 'ਤੇ ਸੈਂਟਰ ਦੇ ਗ੍ਰਹਿ ਵਜੀਰ ਅਮਿਤ ਸ਼ਾਹ ਜਿੰਮੇਵਾਰ : ਮਾਨ

**ਨਵੀਂ ਦਿੱਲੀ, 21 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):-** "ਦਿੱਲੀ ਅਤੇ ਜੰਮੂ-ਕਸਮੀਰ ਜੋ ਯੂ.ਟੀ ਹਨ ਅਤੇ ਸੈਟਰ ਹਕੂਮਤ ਦੇ ਅਧੀਨ ਹਨ ਜਿਥੇ ਕ੍ਰਮਵਾਰ ਲੈਫ. ਗਵਰਨਰ ਵੀ.ਕੇ. ਸਕਸੈਨਾ ਅਤੇ ਲੈਫ. ਗਵਰਨਰ ਮਨੋਜ ਸਿਨ੍ਹਾ ਲਗਾਏ ਹੋਏ ਹਨ । ਜੋ ਸੈਟਰ ਦੇ ਆਦੇਸ਼ਾਂ ਉਤੇ ਦੋਵੇ ਯੂ.ਟੀ ਖੇਤਰਾਂ ਵਿਚ ਕੰਮ ਕਰਦੇ ਹਨ ਅਤੇ ਸੈਟਰ ਦੀਆਂ ਨੀਤੀਆ ਲਾਗੂ ਕਰਦੇ ਹਨ । ਫਿਰ ਇਨ੍ਹਾਂ ਦੋਵਾਂ ਯੂ.ਟੀ ਖੇਤਰ ਵਿਚ ਜੇਕਰ ਅੱਜ ਕਾਨੂੰਨੀ ਵਿਵਸਥਾਂ ਪੂਰੀ ਤਰ੍ਹਾਂ ਫੇਲ੍ਹ ਹੋ ਚੁੱਕੀ ਹੈ ਤਾਂ ਸਿੱਧੇ ਤੌਰ ਤੇ ਸੈਟਰ ਦੇ ਗ੍ਰਹਿ ਵਜੀਰ ਅਮਿਤ ਸ਼ਾਹ ਜਿੰਮੇਵਾਰ ਨਹੀ ਤਾਂ ਹੋਰ ਕੌਣ ਹੈ ?" ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਦੋਵੇ ਯੂ.ਟੀ ਅਧੀਨ ਖੇਤਰਾਂ ਵਿਚ ਕਾਨੂੰਨੀ ਵਿਵਸਥਾਂ ਫੇਲ੍ਹ ਹੋ ਜਾਣ ਉਤੇ ਸੈਟਰ ਦੀ ਮੋਦੀ ਹਕੂਮਤ ਵਿਸੇਸ ਤੌਰ ਤੇ ਗ੍ਰਹਿ ਵਜੀਰ ਅਮਿਤ ਸ਼ਾਹ ਨੂੰ ਜਿੰਮੇਵਾਰ ਠਹਿਰਾਉਦੇ ਹੋਏ ਪ੍ਰਗਟ ਕੀਤੇ । ਉਨ੍ਹਾਂ ਕਿਹਾ ਕਿ ਦੂਸਰਾ ਪੰਜਾਬ ਵਿਚ ਝੋਨੇ ਦੀ ਫਸਲ ਜੋ ਵੱਡੀ ਮਾਤਰਾ ਵਿਚ ਆਈ ਹੈ, ਉਸ ਨੂੰ ਚੁੱਕਣ ਤੇ ਖਰੀਦਣ ਦੀ ਜਿੰਮੇਵਾਰੀ ਸੈਟਰ ਦੀ ਹੈ । ਪਰ ਸੈਟਰ ਸਰਕਾਰ ਝੋਨੇ ਦੀ ਫਸਲ ਨੂੰ ਨਾ ਚੁੱਕ ਕੇ ਜੋ ਜਿੰਮੀਦਾਰਾਂ ਵਿਚ ਵੱਡੀ ਬੇਚੈਨੀ ਤੇ ਨਮੋਸੀ ਪੈਦਾ ਕੀਤੀ ਜਾ ਰਹੀ ਹੈ, ਉਹ ਨਿੰਦਣਯੋਗ ਤੇ ਕਿਸਾਨ ਵਰਗ ਨਾਲ ਵੱਡੀ ਬੇਇਨਸਾਫ਼ੀ ਕਰਨ ਵਾਲੀ ਹੈ । ਜਦੋ ਵਜੀਰ ਏ ਆਜਮ ਸ੍ਰੀ ਨਰਿੰਦਰ ਮੋਦੀ ਤੇ ਉਸਦੇ ਕੈਬਨਿਟ ਸਹਿਯੋਗੀਆਂ ਅਤੇ ਵੱਡੀ ਅਫਸਰਸਾਹੀ ਵੱਲੋ ਬਾਹਰਲੇ ਮੁਲਕਾਂ ਵਿਚ ਅਤੇ ਇੰਡੀਆ ਵਿਚ ਸਿੱਖ ਨੌਜਵਾਨਾਂ ਨੂੰ ਮਾਰਨ ਦੀ ਨੀਤੀ ਲਾਗੂ ਕੀਤੀ ਹੋਈ ਹੈ ਅਤੇ ਜਿਸਦਾ ਕੈਨੇਡਾ ਤੇ ਅਮਰੀਕਾ ਸਰਕਾਰ ਵੱਲੋ ਵੱਡੇ ਪੱਧਰ ਤੇ ਸਬੂਤਾਂ ਸਹਿਤ ਇੰਡੀਅਨ ਹੁਕਮਰਾਨਾਂ ਦੀ ਇਸ ਮਨੁੱਖਤਾ ਵਿਰੋਧੀ ਨੀਤੀ ਦਾ ਜੋਰਦਾਰ ਵਿਰੋਧ ਕਰਦੇ ਹੋਏ ਇੰਡੀਅਨ ਏਜੰਸੀਆ ਦੇ ਅਫਸਰਾਨ ਨੂੰ ਸੰਮਨ ਭੇਜੇ ਗਏ ਹਨ ਅਤੇ ਇਨ੍ਹਾਂ ਸਿੱਖ ਕਤਲਾਂ ਵਿਚ ਉਨ੍ਹਾਂ ਦੀ ਜਾਂਚ ਅਨੁਸਾਰ ਦੋਸ਼ੀ ਪਾਏ ਜਾ ਰਹੇ ਹਨ । ਤਾਂ ਇਸ ਸਿੱਖਾਂ ਨੂੰ ਮਾਰਨ ਦੀ ਇੰਡੀਅਨ ਹੁਕਮਰਾਨਾਂ ਦੀ ਮਨੁੱਖਤਾ ਵਿਰੋਧੀ ਪਾਲਸੀ ਦਾ ਸੰਜੀਦਗੀ ਨਾਲ ਖਾਤਮਾ ਕਰਨ ਤੇ ਹੱਲ ਕਰਨ ਤੋ ਬਿਨ੍ਹਾਂ ਸ੍ਰੀ ਮੋਦੀ ਵੱਲੋ ਰੂਸ ਦੀ ਯਾਤਰਾ ਤੇ ਜਾਣ ਦਾ ਪ੍ਰੋਗਰਾਮ ਬਣਾਉਣ ਦੇ ਅਮਲ ਇਸ ਉਪਰੋਕਤ ਸਿੱਖਾਂ ਦੇ ਕਤਲ ਦੀ ਪਾਲਸੀ ਪ੍ਰਤੀ ਸੰਜੀਦਾ ਨਹੀ ਹਨ ਅਤੇ ਨਾ ਹੀ ਅੱਛਾ ਸੰਦੇਸ ਦੇ ਰਹੇ ਹਨ । ਇਸ ਸਮੇ ਵਜੀਰ ਏ ਆਜਮ ਮੋਦੀ ਨੂੰ ਚਾਹੀਦਾ ਹੈ ਕਿ ਜੋ ਸਿੱਖਾਂ ਨੂੰ ਮਾਰਨ ਦੀ ਨੀਤੀ ਬਣਾਈ ਗਈ ਹੈ, ਉਸ ਨੀਤੀ ਲਈ ਅਮਰੀਕਾ, ਕੈਨੇਡਾ, ਬਰਤਾਨੀਆ ਤੇ ਪਾਕਿਸਤਾਨ ਦੀ ਪ੍ਰਭੂਸਤਾ ਦਾ ਘਾਣ ਹੀ ਨਹੀ ਕੀਤਾ ਬਲਕਿ ਅਮਰੀਕਾ ਦੀ ਅਤਿ ਮਹੱਤਵਪੂਰਨ ਨਿਯਮ ਮੁਨਰੋ ਡਾਕਟਰੀਨ ਦੀ ਉਲੰਘਣਾ ਕੀਤੀ ਹੈ । ਜੋ ਕਿ ਵੱਡੀ ਗੁਸਤਾਖੀ ਹੈ।



ਆਵਾਜ਼ਿ ਕੌਮ AWAZE QAUM International Newspaper & WEB TV

# ਸਿੱਖਿਆ ਸਮਾਜ ਅਤੇ ਵਿਅਕਤੀਕ ਸਫਲਤਾ ਲਈ ਬੁਨਿਆਦੀ ਤੌਰ 'ਤੇ ਮਹੱਤਵਪੂਰਨ



**ਸਿੱਖਿਆ** ਸਮਾਜ ਅਤੇ ਵਿਅਕਤੀਕ ਸਫਲਤਾ ਲਈ ਬੁਨਿਆਦੀ ਤੌਰ 'ਤੇ ਮਹੱਤਵਪੂਰਨ ਹੈ। ਇਹ ਵਿਅਕਤੀਆਂ ਨੂੰ ਜ਼ਿੰਦਗੀ ਦੇ ਵੱਖ-ਵੱਖ ਖੇਤਰਾਂ ਵਿੱਚ ਯੋਗਤਾ ਪ੍ਰਾਪਤ ਕਰਨ ਵਿੱਚ ਸਹਾਇਕ ਹੁੰਦੀ ਹੈ, ਉਹਨਾਂ ਨੂੰ ਨਵੇਂ ਜਨੂਨ ਅਤੇ ਦਿੱਖ ਪ੍ਰਦਾਨ ਕਰਦੀ ਹੈ। ਸਿੱਖਿਆ ਵਿਅਕਤੀ ਵਿੱਚ ਸਮਾਜਿਕ, ਆਰਥਿਕ, ਅਤੇ ਸਿਆਸੀ ਸਮਰੱਥਾ ਪ੍ਰਦਾਨ ਕਰਦੀ ਹੈ, ਜਿਸ ਨਾਲ ਉਹ ਸਮਾਜ ਵਿੱਚ ਆਪਣੀ ਯੋਗ ਭੂਮਿਕਾ ਨਿਭਾਉਣ ਦੇ ਯੋਗ ਹੋ ਸਕਦਾ ਹੈ। ਸਿੱਖਿਆ ਨੂੰ ਸਿਰਫ਼ ਇਕ ਵਿਦਿਆਰਥੀ ਦੀ ਪੜ੍ਹਾਈ ਸਮਝਣਾ ਗਲਤ ਹੈ, ਇਹ ਸਾਨੂੰ ਜ਼ਿੰਦਗੀ ਦੇ ਹਰ ਪੱਖ ਤੇ ਸਹੀ ਫ਼ੈਸਲੇ ਲੈਣ ਦੀ ਸਮਰੱਥਾ ਦਿੰਦੀ ਹੈ।

**ਸਿੱਖਿਆ ਦਾ ਅਰਥ ਅਤੇ ਮਹੱਤਵ :** ਸਿੱਖਿਆ ਸਿਰਫ ਕਿਤਾਬੀ ਗਿਆਨ ਨਹੀਂ ਹੈ, ਇਸ ਵਿੱਚ ਵਿਅਕਤੀ ਦੀ ਸਮੂਹਿਕ ਵਿਕਾਸ ਦੀ ਸਮਰੱਥਾ ਵੀ ਸ਼ਾਮਲ ਹੈ। ਸਿੱਖਿਆ ਸਾਨੂੰ ਸਮਾਜ ਦੇ ਵੱਖ-ਵੱਖ ਪੱਖਾਂ ਬਾਰੇ ਜਾਣਕਾਰੀ ਦਿੰਦੀ ਹੈ, ਸਾਡੇ ਵਿਚਾਰਾਂ ਨੂੰ ਬਲ ਦੇਂਦੀ ਹੈ ਅਤੇ ਸਾਨੂੰ ਸਮਾਜਿਕ ਜੀਵਨ ਵਿੱਚ ਯੋਗ ਭਾਗੀਦਾਰ ਬਣਾਉਂਦੀ ਹੈ। ਸਿੱਖਿਆ ਵਿਅਕਤੀ ਨੂੰ ਸਮਰੱਥ ਬਣਾਉਂਦੀ ਹੈ ਕਿ ਉਹ ਸਹੀ ਅਤੇ ਗਲਤ ਵਿਚ ਫਰਕ ਕਰ ਸਕੇ। ਸਿੱਖਿਆ ਦਾ ਇਕ ਹੋਰ ਮਹੱਤਵਪੂਰਨ ਪੱਖ ਇਹ ਹੈ ਕਿ ਇਹ ਵਿਅਕਤੀ ਨੂੰ ਆਰਥਿਕ ਤੌਰ ਤੇ ਵੀ ਖੁਸ਼ਹਾਲ ਬਣਾਉਂਦੀ ਹੈ। ਪੜ੍ਹਿਆ-ਲਿਖਿਆ ਵਿਅਕਤੀ ਹੋਰਾਂ ਨਾਲੋਂ ਵੱਧ ਕਮਾਉਣ ਦੇ ਯੋਗ ਹੁੰਦਾ ਹੈ, ਕਿਉਂਕਿ ਸਿੱਖਿਆ ਪ੍ਰਾਪਤ ਕਰਨ ਨਾਲ ਵਿਅਕਤੀ ਦੇ ਕੈਰੀਅਰ ਅਤੇ ਰੁਜ਼ਗਾਰ ਦੇ ਮੌਕੇ ਵੀ ਵੱਧਦੇ ਹਨ। ਇਸੇ ਤਰ੍ਹਾਂ ਸਿੱਖਿਆ ਸਮਾਜ ਵਿੱਚ ਸਮਾਨਤਾ ਦੀ ਅਗਵਾਈ ਵੀ ਕਰਦੀ ਹੈ, ਕਿਉਂਕਿ ਜਦੋਂ ਹਰ ਕਿਸੇ ਨੂੰ ਸਮਾਨ ਸਿੱਖਿਆ ਦੇ ਮੌਕੇ ਮਿਲਦੇ ਹਨ, ਤਾਂ ਸਮਾਜ ਵਿੱਚ ਧਨ ਅਤੇ ਸੱਤਾ ਦੀਆਂ ਵਿਸਮਤਾਵਾਂ ਘਟਦੀਆਂ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

**ਭਾਰਤ ਵਿੱਚ ਸਿੱਖਿਆ ਦੀ ਪ੍ਰਗਤੀ :** ਭਾਰਤ ਵਿੱਚ ਸਿੱਖਿਆ ਪ੍ਰਣਾਲੀ ਦੇ ਤਹਿਤ ਕਈ ਮੁੱਢਲੇ ਕੰਮ ਕੀਤਾ ਜਾ ਰਿਹਾ ਹਨ। ਭਾਰਤ ਦੀ ਸਿੱਖਿਆ ਪ੍ਰਣਾਲੀ ਸਦੀਆਂ ਤੋਂ ਵਿਕਸਿਤ ਹੋ ਰਹੀ ਹੈ, ਅਤੇ ਇਸ ਵਿੱਚ ਹਾਲ ਹੀ ਵਿੱਚ ਕੀਤੇ ਗਏ ਬਦਲਾਅ ਕਾਫੀ ਮਹੱਤਵਪੂਰਨ ਹਨ। 2020 ਦੀ ਨਵੀਂ ਸਿੱਖਿਆ ਨੀਤੀ ਭਾਰਤ ਦੀ ਸਿੱਖਿਆ ਪ੍ਰਣਾਲੀ ਵਿੱਚ ਇਕ ਮਹੱਤਵਪੂਰਨ ਕਦਮ ਹੈ। ਇਸ ਨੀਤੀ ਦਾ ਮੁੱਖ ਉਦੇਸ਼ ਸਿੱਖਿਆ ਦੇ ਮਿਆਰ ਵਿੱਚ ਸੁਧਾਰ ਕਰਨਾ ਹੈ ਅਤੇ ਇਹ ਯਕੀਨੀ ਬਣਾਉਣਾ ਹੈ ਕਿ ਸਾਰੇ ਵਿਦਿਆਰਥੀ ਇੱਕ ਗੁਣਵੱਤਾ ਵਾਲੀ ਸਿੱਖਿਆ ਪ੍ਰਾਪਤ ਕਰਨ।

NEP 2020 ਵਿੱਚ ਇਹ ਸੁਝਾਅ ਦਿੱਤਾ ਗਿਆ ਹੈ ਕਿ ਵਿਦਿਆਰਥੀਆਂ ਲਈ ਸਿੱਖਿਆ ਸਿਰਫ਼ ਵਿਦਿਆ ਦੀ ਸਿਖਲਾਈ ਨਹੀਂ ਹੋਣੀ ਚਾਹੀਦੀ, ਸਗੋਂ ਸਿੱਖਣ-ਸਿਖਾਉਣ ਦੀ ਪ੍ਰਕਿਰਿਆ ਦਾ ਪੂਰਾ ਨਵਾਂ ਢੰਗ ਵਿਕਸਿਤ ਕੀਤਾ ਜਾਵੇ। ਇਹ ਪ੍ਰਣਾਲੀ ਵਿਦਿਆਰਥੀ ਦੇ ਆਤਮ-ਵਿਕਾਸ ਨੂੰ ਉਤਸ਼ਾਹਿਤ ਕਰਦੀ ਹੈ ਅਤੇ ਉਹਨਾਂ ਨੂੰ ਸਮਾਜਕ ਜ਼ਿੰਮੇਵਾਰੀ ਵੀ ਸਿਖਾਉਂਦੀ ਹੈ।

**ਮੁੱਢਲੇ ਪੱਧਰ ਦੀ ਸਿੱਖਿਆ :** ਭਾਰਤ ਵਿੱਚ ਮੁੱਢਲੀ ਸਿੱਖਿਆ ਸਿਸਟਮ ਹਾਲਾਂਕਿ ਬਿਹਤਰੀ ਦੇ ਅਧੀਨ ਹੈ, ਪਰ ਇਸ ਵਿੱਚ ਅਜੇ ਵੀ ਕਈ ਚੁਣੌਤੀਆਂ ਬਾਕੀ ਹਨ। ਸਭ ਤੋਂ ਵੱਡੀ ਸਮੱਸਿਆ ਇਹ ਹੈ ਕਿ ਪਿੰਡਾਂ ਅਤੇ ਪਿਛੜੇ ਇਲਾਕਿਆਂ ਵਿੱਚ ਸਿੱਖਿਆ ਦੀ ਪਹੁੰਚ ਸਮੱਸਿਆਪੂਰਨ ਹੈ। ਕਈ ਇਲਾਕਿਆਂ ਵਿੱਚ ਸਕੂਲਾਂ ਦੀ ਗਿਣਤੀ ਕਾਫੀ ਘੱਟ ਹੈ, ਅਤੇ ਜਿੱਥੇ ਸਕੂਲ ਹਨ ਵੀ, ਉੱਥੇ ਸਿੱਖਿਆ ਦਾ ਮਿਆਰ ਕਾਫੀ ਨੀਚਾ ਹੈ। ਭਾਰਤ ਵਿੱਚ ਸਰਕਾਰ ਵੱਲੋਂ ਮੁੱਖ ਤੌਰ 'ਤੇ ਸਾਰਿਆਂ ਲਈ ਮੁੱਢਲੀ ਸਿੱਖਿਆ ਦੇਣ ਦਾ ਯਤਨ ਕੀਤਾ ਜਾ ਰਿਹਾ ਹੈ। ਇਹਦੇ ਤਹਿਤ ਕਈ ਯੋਜਨਾਵਾਂ ਅਤੇ ਪ੍ਰੋਗਰਾਮ ਜਿਵੇਂ ਕਿ "ਸਰਵ ਸਿੱਖਿਆ ਅਭਿਆਨ" ਲਾਗੂ ਕੀਤੇ ਗਏ ਹਨ, ਜਿਸ ਨਾਲ ਸਕੂਲਾਂ ਦੀ ਸੰਖਿਆ ਵਧਾਉਣ ਅਤੇ ਪਿੰਡਾਂ ਵਿੱਚ ਸਿੱਖਿਆ ਦੀ ਪਹੁੰਚ ਸੁਨਿਸ਼ਚਿਤ ਕੀਤੀ ਜਾ ਰਹੀ ਹੈ।

**ਮੱਧਮ ਅਤੇ ਉੱਚ ਸਿੱਖਿਆ :** ਮੱਧਮ ਸਿੱਖਿਆ ਦੇ ਪੱਧਰ 'ਤੇ ਵੀ ਕਈ ਨਵੇਂ ਕਦਮ ਚੁੱਕੇ ਗਏ ਹਨ। "ਰਾਸ਼ਟਰੀ ਮੱਧਮਿਕ ਸਿੱਖਿਆ ਅਭਿਆਨ" ਅਜਿਹੀ ਹੀ ਇਕ ਯੋਜਨਾ ਹੈ ਜੋ ਮੱਧਮ ਪੱਧਰ ਦੀ ਸਿੱਖਿਆ ਨੂੰ ਵਿਕਸਿਤ ਕਰਨ ਲਈ ਦਿੱਖਾਂ ਦੇਣ ਵਾਲੀ ਹੈ। ਇਸ ਯੋਜਨਾ ਦੇ ਤਹਿਤ ਵਿਦਿਆਰਥੀਆਂ ਨੂੰ ਅਧੁਨਿਕ ਸਿੱਖਿਆ ਪ੍ਰਦਾਨ ਕੀਤੀ ਜਾ ਰਹੀ ਹੈ, ਜਿਸ ਵਿੱਚ ਵਿਗਿਆਨ, ਗਣਿਤ, ਕੰਪਿਊਟਰ ਅਤੇ ਹੋਰ ਤਕਨੀਕੀ ਵਿਦਿਆ ਵੀ ਸ਼ਾਮਲ ਹੈ।

ਉੱਚ ਸਿੱਖਿਆ ਦੇ ਮਾਮਲੇ ਵਿੱਚ ਭਾਰਤ ਦੀਆਂ ਕਈ ਯੂਨੀਵਰਸਿਟੀਆਂ ਦੁਨੀਆਂ ਦੇ ਮਿਆਰਾਂ 'ਤੇ ਖਰੀ ਉਤਰਨ ਵਾਲੀਆਂ ਹਨ। IITs ਅਤੇ IIMs ਵਰਗੀਆਂ ਸੰਸਥਾਵਾਂ ਨੂੰ ਦੁਨੀਆ ਭਰ ਵਿੱਚ ਜਾਣਿਆ ਜਾਂਦਾ ਹੈ। ਉੱਚ ਸਿੱਖਿਆ ਦੇ ਖੇਤਰ ਵਿੱਚ ਭਾਰਤ ਨੇ ਵਿਸ਼ੇਸ਼ ਤੌਰ 'ਤੇ ਤਕਨੀਕੀ ਸਿੱਖਿਆ ਵਿੱਚ ਅਗਵਾਈ ਕੀਤੀ ਹੈ। ਇਹਦੇ ਨਾਲ-ਨਾਲ ਕਈ ਨਵੀਆਂ ਯੋਜਨਾਵਾਂ ਜਿਵੇਂ ਕਿ "ਆਰਥਿਕ ਮਦਦ ਯੋਜਨਾ" ਦੁਆਰਾ ਵੀ ਵਿਦਿਆਰਥੀਆਂ ਦੀਆਂ ਮਦਦ ਕੀਤੀ ਜਾ ਰਹੀ ਹੈ।

**ਭਾਰਤ ਵਿੱਚ ਅਨਪੜ੍ਹਤਾ ਦੀ ਸਮੱਸਿਆ :** ਭਾਰਤ ਵਿੱਚ ਅਨਪੜ੍ਹਤਾ ਦੀ ਸਮੱਸਿਆ ਅਜੇ ਵੀ ਕਾਫੀ ਵੱਡੀ ਹੈ। ਅਨਪੜ੍ਹਤਾ ਦਾ ਮੁੱਖ ਕਾਰਣ ਇਹ ਹੈ ਕਿ ਕਈ ਖੇਤਰਾਂ ਵਿੱਚ ਸਿੱਖਿਆ ਦੀ ਪਹੁੰਚ ਘੱਟ ਹੈ ਅਤੇ ਲੋਕਾਂ ਵਿੱਚ ਸਿੱਖਿਆ ਪ੍ਰਤੀ ਜਾਗਰੂਕਤਾ ਦੀ ਕਮੀ ਹੈ। ਕੁਝ ਪਿੰਡਾਂ ਅਤੇ ਪਿਛੜੇ ਇਲਾਕਿਆਂ ਵਿੱਚ ਲੋਕ ਅਜੇ ਵੀ ਸਿੱਖਿਆ ਨੂੰ ਮਹੱਤਵ ਨਹੀਂ ਦੇਂਦੇ, ਜਿਨ੍ਹਾਂ ਦਾ ਮੰਨਣਾ ਹੈ ਕਿ ਸਿੱਖਿਆ ਸਿਰਫ਼ ਸ਼ਹਿਰਾਂ ਵਿੱਚ ਰਹਿਣ ਵਾਲੇ ਲੋਕਾਂ ਲਈ ਹੈ।

ਭਾਰਤ ਦੀ ਅਨਪੜ੍ਹਤਾ ਦੀ ਦਰ ਲਗਭਗ 25% ਹੈ। ਇਸ ਨੂੰ ਘਟਾਉਣ ਲਈ ਸਰਕਾਰ ਵੱਲੋਂ ਕਈ ਪ੍ਰਗਤੀਸ਼ੀਲ ਕਦਮ ਚੁੱਕੇ ਗਏ ਹਨ, ਜਿਵੇਂ ਕਿ ਵਿਦਿਆਰਥੀਆਂ ਨੂੰ ਮੁਫ਼ਤ ਸਿੱਖਿਆ ਪ੍ਰਦਾਨ ਕਰਨਾ, ਸਕੂਲਾਂ ਵਿੱਚ ਮੱਧਿਆਨ ਭੋਜਨ ਯੋਜਨਾ ਲਾਗੂ ਕਰਨੀ ਅਤੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਸਿੱਖਿਆ ਦੀ ਮਹੱਤਤਾ ਬਾਰੇ ਜਾਗਰੂਕ ਕਰਨਾ।

**ਸਰਕਾਰੀ ਯੋਜਨਾਵਾਂ ਅਤੇ ਪਹਿਲਕਦਮੀਆਂ :** ਸਰਕਾਰ ਨੇ ਭਾਰਤ ਵਿੱਚ ਸਿੱਖਿਆ ਦੇ ਮਿਆਰ ਨੂੰ ਸੁਧਾਰਨ ਲਈ ਕਈ ਯਤਨ ਕੀਤੇ ਹਨ। ਸਰਵ ਸਿੱਖਿਆ ਅਭਿਆਨ ਅਤੇ ਰਾਸ਼ਟਰੀ ਮੱਧਮਿਕ ਸਿੱਖਿਆ ਅਭਿਆਨ ਵਰਗੀਆਂ ਯੋਜਨਾਵਾਂ ਨੇ ਬੱਚਿਆਂ ਨੂੰ ਮੁੱਢਲੀ ਅਤੇ ਮੱਧਮ ਪੱਧਰ ਦੀ ਸਿੱਖਿਆ ਪ੍ਰਾਪਤ ਕਰਨ ਲਈ ਵਧੇਰੇ ਮੌਕੇ ਦਿੱਤੇ ਹਨ।

**-ਲਵਪ੍ਰੀਤ ਸਿੰਘ, ਪੱਤਰਕਾਰੀ ਅਤੇ ਜਨ ਸੰਚਾਰ ਵਿਭਾਗ ਪੰਜਾਬੀ ਯੂਨੀਵਰਸਿਟੀ ਪਟਿਆਲਾ**

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਲੋੜਵੰਦ ਬੱਚੀ ਦਾ ਗੁਰਮਿਹਰਰ ਸੇਵਾ ਸੁਸਾਇਟੀ ਵੱਲੋਂ ਜਨਮ ਦਿਨ ਮਨਾਇਆ ਗਿਆ



**ਚੌਕ ਮਹਿਤਾ, 21 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਇਲਾਕੇ ਦੀ ਅਗਾਂਹ ਵਧਣ ਵਾਲੀ ਸੇਵਾ ਸੁਸਾਇਟੀ, ਗੁਰਮਿਹਰਰ ਸੇਵਾ ਸੁਸਾਇਟੀ ਜੋ ਇਲਾਕੇ ਵਿੱਚ ਬਹੁਤ ਸਮਾਜ ਭਲਾਈ ਕਾਰਜ ਵਿੱਚੋਂ ਪਹਿਲੇ ਨੰਬਰ ਤੇ ਹੈ, ਉੱਥੇ ਇਸ ਸੁਸਾਇਟੀ ਨੇ ਉਹ ਬੱਚੀ ਹਰਸੀਰਤ ਕੌਰ ਪਿੰਡ ਜਗਤਪੁਰਾ ਬਜਾਜ਼,ਜਿਸਦਾ ਪਿਤਾ ਦੀ ਅੱਖਾਂ ਦੀ ਰੋਸ਼ਨੀ ਨਹੀਂ, ਮਾਤਾ ਮੰਦਬੁਧੀ ਹੈ ਅਤੇ ਇਕ ਭੈਣ ਵੀ ਠੀਕ ਨਹੀਂ, ਘਰ ਵਿੱਚ ਬਹੁਤ ਗਰੀਬੀ ਹੈ, ਕਮਾਉਣ ਵਾਲਾ ਨਹੀਂ ਉੱਥੇ ਗੁਰਮਿਹਰਰ ਸੇਵਾ ਸੁਸਾਇਟੀ ਦੇ ਸੇਵਾਦਾਰ ਨੇ ਜਿੱਥੇ ਬੱਚੀ ਹਰਸੀਰਤ ਦੀ ਮਦਦ ਕੀਤੀ ਉੱਥੇ ਇਸ ਬੱਚੀ ਦਾ ਜਨਮ ਦਿਨ ਮਨਾਇਆ ਗਿਆ। ਇਸ ਮੌਕੇ ਤੇ ਜਥੇਦਾਰ ਮੁਖਤਾਰ ਸਿੰਘ ਕਲੇਰ, ਗੋਲਡ ਮੈਡਲ ਇੰਟਰਨੈਸ਼ਨਲ ਢਾਡੀ ਜਥਾ ਗਿਆਨੀ ਮਲਕੀਅਤ ਸਿੰਘ ਬੱਗਾ, ਕਵਲਜੀਤ ਸਿੰਘ ਉਦੋਕੇ, ਕੈਪਟਨ ਜਗਤਾਰ ਸਿੰਘ, ਬਾਬਾ ਸੁਖਵਿੰਦਰ ਸਿੰਘ,ਮਨਦੀਪ ਸਿੰਘ ਢਾਡੀ,ਪਰਮਜੀਤ ਸਿੰਘ ਸੁਪਨ ਸਿੰਘ ਆਦਿ ਸੇਵਾਦਾਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਟਿਕਾਊ ਰਹਿੰਦ-ਖੂੰਹਦ ਪ੍ਰਬੰਧਨ ਅਭਿਆਸਾਂ ਨੂੰ ਦੇਖਣ ਲਈ ਸਕੂਲੀ ਵਿਦਿਆਰਥੀਆਂ ਦਾ ਖੇਤਰੀ ਦੌਰਾ



ਚੌਕ ਮਹਿਤਾ 21 ਅਕਤੂਬਰ(ਬਾਬਾ ਸੁਖਵੰਤ ਸਿੰਘ ਚੰਨਣਕੇ)ਸਰਕਾਰੀ ਸਕੂਲਾਂ ਦੇ ਸੌ ਤੋਂ ਵੱਧ ਵਿਦਿਆਰਥੀਆਂ ਨੇ ਨਗਰ ਨਿਗਮ ਕਪੂਰਥਲਾ ਦੇ ਕੂੜਾ ਪ੍ਰਬੰਧਨ ਦੇ ਯਤਨਾਂ ਬਾਰੇ ਜਾਣਨ ਲਈ ਵੱਖ-ਵੱਖ ਵੇਸਟ ਪ੍ਰੋਸੈਸਿੰਗ ਸੁਵਿਧਾਵਾਂ ਦਾ ਫੀਲਡ ਟੂਰ ਸ਼ੁਰੂ ਕੀਤਾ। ਸੈਰ ਦੌਰਾਨ, ਉਨ੍ਹਾਂ ਨੇ ਬਾਗਬਾਨੀ ਦੀ ਰਹਿੰਦ-ਖੂੰਹਦ ਦੀ ਖਾਦ, ਰਸੋਈ ਦੇ ਰਹਿੰਦ-ਖੂੰਹਦ ਲਈ ਕੰਪੋਸਟ ਪਿਟਸ ਅਤੇ ਮੈਟੀਰੀਅਲ ਰਿਕਵਰੀ ਫੈਸਿਲਿਟੀ ਵਿਖੇ, ਵੇਸਟ ਸ਼ਰੇਡਿੰਗ ਅਤੇ ਕੂੜਾ ਪਲਾਸਟਿਕ ਨੂੰ ਬੇਲਿੰਗ ਕਰਨ ਲਈ ਬੇਲਿੰਗ ਮਸ਼ੀਨਾਂ ਦੇਖੀ ਸ੍ਰੀ ਅਮਿਤ ਕੁਮਾਰ ਪੰਚਲ ਡਿਪਟੀ ਕਮਿਸ਼ਨਰ ਕਪੂਰਥਲਾ ਨੇ ਉਜਾਗਰ ਕੀਤਾ ਕਿ ਸਸਟੇਨੇਬਿਲਟੀ ਲੀਡਰਜ਼ ਪ੍ਰੋਗਰਾਮ 'ਸਵੱਛਤਾ ਹੀ ਸੇਵਾ' ਮੁਹਿੰਮ ਨਾਲ ਮੇਲ ਖਾਂਦਾ ਹੈ, ਜਿਸਦਾ ਉਦੇਸ਼ ਵਿਦਿਆਰਥੀਆਂ ਨੂੰ ਸਵੱਛ ਭਾਰਤ ਮਿਸ਼ਨ ਵਿੱਚ ਤਬਦੀਲੀ ਕਰਨ ਵਾਲੇ ਬਣਨ ਲਈ ਜਾਗਰੂਕ ਕਰਨਾ ਹੈ। ਪ੍ਰੋਗਰਾਮ ਵਿੱਚ ਲਾਈਵ ਸੈਸ਼ਨ, ਵੈਬਿਨਾਰ, ਫੀਲਡ ਵਿਜ਼ਿਟ, ਅਤੇ ਨਵੀਨਤਾਕਾਰੀ ਪ੍ਰੋਜੈਕਟ ਸ਼ਾਮਲ ਹੁੰਦੇ ਹਨ, ਜੋ ਵਿਦਿਆਰਥੀਆਂ ਨੂੰ ਰਹਿੰਦ-ਖੂੰਹਦ ਪ੍ਰਬੰਧਨ ਅਤੇ ਜ਼ਿੰਮੇਵਾਰ ਨਾਗਰਿਕਤਾ ਨੂੰ ਉਤਸ਼ਾਹਿਤ ਕਰਨ ਲਈ ਇੱਕ ਮਜ਼ਬੂਤ ਸੰਬੰਧ ਵਿਕਸਿਤ ਕਰਨ ਵਿੱਚ ਮਦਦ ਕਰਦੇ ਹਨ। ਸ਼੍ਰੀਮਤੀ ਦਲਜਿੰਦਰ ਕੌਰ ਵਿਰਕ ਜਿਲਾ ਸਿੱਖਿਆ ਅਫਸਰ ਅਤੇ ਸ੍ਰੀਮਤੀ ਪੁਨੀਤ ਪੁਰੀ ਜ਼ਿਲ੍ਹਾ ਨੋਡਲ ਅਫ਼ਸਰ ਨੇ ਦੱਸਿਆ ਕਿ ਉਨ੍ਹਾਂ ਨੇ 20 ਸਕੂਲਾਂ ਦੇ 1000 ਤੋਂ ਵੱਧ ਵਿਦਿਆਰਥੀਆਂ ਨੂੰ ਕੂੜਾ ਪ੍ਰੋਸੈਸਿੰਗ ਸੁਵਿਧਾਵਾਂ ਦਾ ਫੀਲਡ ਵਿਜ਼ਿਟ ਕਰਨ ਅਤੇ 100-150 ਵਿਦਿਆਰਥੀਆਂ ਲਈ ਹਰ ਰੋਜ਼ ਸੰਵੇਦਨਸ਼ੀਲਤਾ ਸੈਸ਼ਨਾਂ ਦਾ ਟੀਚਾ ਰੱਖਿਆ ਹੈ। ਬਾਅਦ ਵਿੱਚ, ਵਿਦਿਆਰਥੀਆਂ ਨੂੰ ਉਹਨਾਂ ਦੇ ਖੇਤਰ ਦੇ ਤਜ਼ਰਬਿਆਂ ਦੇ ਅਧਾਰ ਤੇ ਗਤੀਵਿਧੀਆਂ ਨਿਰਧਾਰਤ ਕੀਤੀਆਂ ਜਾਣਗੀਆਂ ਸਸਟੇਨੇਬਿਲਟੀ ਲੀਡਰਜ਼ ਪ੍ਰੋਗਰਾਮ ਇੱਕ ਢਾਂਚਾਗਤ ਇੰਟਰਨਸ਼ਿਪ ਪ੍ਰੋਗਰਾਮ ਹੈ, ਜਿਸਨੂੰ ਦਿੱਲੀ ਪਬਲਿਕ ਸਕੂਲ, ਚੰਡੀਗੜ੍ਹ ਦੀ ਬਾਰ੍ਹਵੀਂ ਜਮਾਤ ਦੀ ਵਿਦਿਆਰਥਣ ਸੁਹਾਨੀ ਸ਼ਰਮਾ ਦੁਆਰਾ ਡਿਜ਼ਾਇਨ ਕੀਤਾ ਗਿਆ ਹੈ, ਇਸ ਸਾਲ 1 ਅਕਤੂਬਰ 2024 ਨੂੰ ਗ੍ਰੇਡ 8ਵੀਂ-12ਵੀਂ ਦੇ ਵਿਦਿਆਰਥੀਆਂ ਲਈ ਲਾਂਚ ਕੀਤਾ ਗਿਆ ਹੈ। ਪ੍ਰੋਗਰਾਮ ਵਿੱਚ ਭਾਗ ਲੈਣ ਲਈ 461 ਸਕੂਲਾਂ ਦੇ 30000 ਤੋਂ ਵੱਧ ਵਿਦਿਆਰਥੀਆਂ ਨੇ ਆਨਲਾਈਨ ਰਜਿਸਟ੍ਰੇਸ਼ਨ ਕਰਵਾਈ ਹੈ। ਪਿਛਲੇ ਸਾਲ ਇਹ ਪ੍ਰੋਗਰਾਮ ਜ਼ਿਲ੍ਹਾ ਮੁਹਾਲੀ ਵਿੱਚ 1200 ਵਿਦਿਆਰਥੀਆਂ ਲਈ ਸ਼੍ਰੀਮਤੀ ਆਸ਼ਿਕਾ ਜੈਨ, ਆਈਏਐਸ ਡੀਸੀ ਐਸਏਐਸ ਨਗਰ ਦੀ ਅਗਵਾਈ ਵਿੱਚ ਸਫਲਤਾਪੂਰਵਕ ਆਯੋਜਿਤ ਕੀਤਾ ਗਿਆ ਸੀ। ਸਿੱਖਿਆ ਵਿਭਾਗ ਦੀ ਸਟੇਟ ਕੋਆਰਡੀਨੇਟਰ ਸ਼੍ਰੀਮਤੀ ਸੁਰੇਖਾ ਠਾਕੁਰ ਨੇ ਦੱਸਿਆ ਕਿ ਹੁਣ ਤੱਕ 15000 ਤੋਂ ਵੱਧ ਵਿਦਿਆਰਥੀਆਂ ਨੂੰ ਜ਼ਮੀਨੀ ਪੱਧਰ 'ਤੇ ਜਾਗਰੂਕ ਕੀਤਾ ਗਿਆ ਹੈ।

# ਨੈਸ਼ਨਲ ਅਪ੍ਰੈਂਟਿਸਸ਼ਿਪ ਕੌਂਸਲ ਦੇ ਉਪ-ਚੇਅਰਮੈਨ ਵਜੋਂ ਨਿਯੁਕਤ ਹੋਏ ਸੰਸਦ ਮੈਂਬਰ ਵਿਕਰਮਜੀਤ ਸਿੰਘ ਸਾਹਨੀ



ਨਵੀਂ ਦਿੱਲੀ 21 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):- ਰਾਜ ਸਭਾ ਦੇ ਮੈਂਬਰ ਡਾ: ਵਿਕਰਮਜੀਤ ਸਿੰਘ ਸਾਹਨੀ ਨੂੰ ਹੁਨਰ ਵਿਕਾਸ ਅਤੇ ਉੱਦਮਤਾ ਮੰਤਰਾਲੇ ਵਲੋਂ ਹਾਲ ਹੀ ਵਿੱਚ ਜਾਰੀ ਨੋਟੀਫਿਕੇਸ਼ਨ ਅਨੁਸਾਰ ਨੈਸ਼ਨਲ ਅਪ੍ਰੈਂਟਿਸਸ਼ਿਪ ਕੌਂਸਲ (ਐਨਏਸੀ) ਦਾ ਉਪ-ਚੇਅਰਮੈਨ ਨਿਯੁਕਤ ਕੀਤਾ ਗਿਆ ਹੈ। ਇਸ ਸਨਮਾਨਯੋਗ ਭੂਮਿਕਾ ਵਿੱਚ, ਡਾ. ਸਾਹਨੀ ਦੇਸ਼ ਭਰ ਵਿੱਚ ਵੋਕੇਸ਼ਨਲ ਸਿਖਲਾਈ ਅਤੇ ਅਪ੍ਰੈਂਟਿਸਸ਼ਿਪ ਪ੍ਰੋਗਰਾਮਾਂ ਨੂੰ ਵਧਾਉਣ ਦੇ ਸਰਕਾਰ ਦੇ ਮਿਸ਼ਨ ਨੂੰ ਅੱਗੇ ਵਧਾਉਣ ਲਈ ਮੁੱਖ ਭਾਗੀਦਾਰਾਂ ਨਾਲ ਮਿਲ ਕੇ ਕੰਮ ਕਰਨਗੇ। ਆਪਣੀ ਨਿਯੁਕਤੀ 'ਤੇ, ਡਾ. ਸਾਹਨੀ ਨੇ ਕਿਹਾ, "ਅਪ੍ਰੈਂਟਿਸਸ਼ਿਪ ਦੀ ਮਿਆਦ ਦੇ ਦੌਰਾਨ, ਅਪ੍ਰੈਂਟਿਸ ਨੂੰ ਇੱਕ ਵਜ਼ੀਫਾ ਮਿਲੇਗਾ, ਜਿਸ ਦਾ 50% ਸਰਕਾਰ ਦੁਆਰਾ ਅਦਾ ਕੀਤਾ ਜਾਣਾ ਹੈ। ਅਪ੍ਰੈਂਟਿਸਸ਼ਿਪ ਦੀ ਮਿਆਦ ਇੱਕ ਸਾਲ ਹੋਵੇਗੀ, ਜਿਸ ਵਿੱਚ ਨੌਜਵਾਨਾਂ ਨੂੰ ਨੌਕਰੀ 'ਤੇ ਬੇਸ਼ਕੀਮਤੀ ਸਿਖਲਾਈ ਪ੍ਰਾਪਤ ਕਰਨ ਦਾ ਮੌਕਾ ਮਿਲੇਗਾ। ਅਪ੍ਰੈਂਟਿਸਸ਼ਿਪ ਦੇ ਮੌਕਿਆਂ ਨੂੰ ਵਧਾਉਣ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਦਿਆਂ, ਡਾ. ਸਾਹਨੀ ਨੇ ਇਹ ਵੀ ਦੱਸਿਆ ਕਿ ਅੱਜ ਪੰਜਾਬ ਵਿੱਚ ਅੱਠ ਵੱਖ-ਵੱਖ ਉਦਯੋਗਿਕ ਸਿਖਲਾਈ ਸੰਸਥਾਵਾਂ (ਆਈ.ਟੀ.ਆਈ.) ਵਿੱਚ ਇੱਕ ਅਪ੍ਰੈਂਟਿਸਸ਼ਿਪ ਮੇਲਾ ਲਗਾਇਆ ਗਿਆ। ਇਸ ਇਵੈਂਟ ਵਿੱਚ 4,000 ਤੋਂ ਵੱਧ ਵਿਦਿਆਰਥੀਆਂ ਨੇ ਅਪ੍ਰੈਂਟਿਸਸ਼ਿਪ ਸਿਖਲਾਈ ਪ੍ਰੋਗਰਾਮ ਲਈ ਰਜਿਸਟ੍ਰੇਸ਼ਨ ਕਰਵਾਈ, ਜੋ ਸਿੱਖਿਆ ਅਤੇ ਰੁਜ਼ਗਾਰ ਵਿਚਕਾਰ ਪਾੜੇ ਨੂੰ ਭਰਨ ਵੱਲ ਇੱਕ ਅਹਿਮ ਕਦਮ ਹੈ। ਡਾ. ਸਾਹਨੀ ਨੇ ਇਹ ਵੀ ਕਿਹਾ ਕਿ ਅਪ੍ਰੈਂਟਿਸਸ਼ਿਪ ਮਾਡਲ ਦੋਵੱਲੇ ਲਾਭ ਹਨ , ਇਸ ਤਰਾਂ ਇਹ ਸਾਰੇ ਭਾਗੀਦਾਰਾਂ ਲਈ "ਫਾਇਦੇ ਦੀ ਸਥਿਤੀ" ਕਹੀ ਜਾ ਸਕਦੀ ਹੈ। "ਨੌਜਵਾਨਾਂ ਨੂੰ ਜ਼ਰੂਰੀ ਵਿਹਾਰਕ ਅਨੁਭਵ ਮਿਲੇਗਾ ਜੋ ਉਹਨਾਂ ਦੀ ਰੁਜ਼ਗਾਰਯੋਗਤਾ ਵਿੱਚ ਮਹੱਤਵਪੂਰਨ ਸੁਧਾਰ ਕਰੇਗਾ, ਜਦਿ ਕਿ ਉਦਯੋਗਾਂ ਨੂੰ ਉਹਨਾਂ ਦੇ ਅਹਾਤੇ ਵਿੱਚ ਇੱਕ ਕਰਮਚਾਰੀ ਨੂੰ ਸਿਖਲਾਈ ਦੇਣ ਨਾ, ਉਹਨਾਂ ਦੀਆਂ ਸੰਚਾਲਨ ਲੋੜਾਂ ਦੇ ਨਾਲ ਇੱਕ ਵਧੇਰੇ ਕੁਸ਼ਲ ਅਤੇ ਪ੍ਰਭਾਵੀ ਹੁਨਰ ਅਨੁਕੂਲਤਾ ਯਕੀਨੀ ਬਣੇਗੀ।

**ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਦੇ ਉਦਮ ਸਦਕਾ ਕਾਮਰੇਡ ਭੀਮ ਸਿੰਘ ਸਕੂਲ ਆਫ਼ ਐਮੀਨੈਂਸ ਨੂੰ ਮਿਲੀ ਬੱਸ ਸੁਵਿਧਾ ਦੀ ਸੌਗਾਤ**

# ਦੂਰ ਦੁਰਾਡੇ ਵਸਦੇ ਪਿੰਡਾਂ ਤੋਂ ਆਉਂਦੇ ਵਿਦਿਆਰਥੀਆਂ ਨੂੰ ਹੋਵੇਗਾ ਲਾਭ



**ਦਿੜ੍ਹਬਾ/ਸੰਗਰੂਰ, ( ਰਣਜੀਤ ਸਿੰਘ ਪੇਧਨੀ)-** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਨੂੰ ਸੁਵਿਧਾਵਾਂ ਪੱਖੋਂ ਪ੍ਰਾਈਵੇਟ ਸਕੂਲਾਂ ਤੋਂ ਮੋਹਰੀ ਬਣਾਉਣ ਦੇ ਕੀਤੇ ਵਾਅਦੇ ਤਹਿਤ ਪੰਜਾਬ ਦੇ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਦੇ ਵਿਸ਼ੇਸ ਯਤਨਾਂ ਸਦਕਾ ਅੱਜ ਦਿੜ੍ਹਬਾ ਦੇ ਕਾਮਰੇਡ ਭੀਮ ਸਿੰਘ ਸਕੂਲ ਆਫ਼ ਐਮੀਨੈਂਸ ਦੇ ਵਿਦਿਆਰਥੀਆਂ ਨੂੰ ਇੱਕ ਹੋਰ ਵੱਡੀ ਸੁਵਿਧਾ ਹਾਸਲ ਹੋ ਗਈ ਹੈ। ਸਕੂਲ ਵਿੱਚ ਦੂਰ ਦੁਰਾਡੇ ਦੇ ਪਿੰਡਾਂ ਤੋਂ ਪੜ੍ਹਨ ਆਉਂਦੇ ਵਿਦਿਆਰਥੀਆਂ ਨੂੰ ਲਿਆਉਣ ਤੇ ਘਰੇ ਵਾਪਸ ਛੱਡਣ ਲਈ ਬੱਸ ਸੁਵਿਧਾ ਉਪਲਬਧ ਕਰਵਾਈ ਗਈ ਹੈ ਜਿਸ ਦਾ ਆਗਾਜ਼ ਅੱਜ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਦੇ ਓ.ਐਸ.ਡੀ. ਤਪਿੰਦਰ ਸਿੰਘ ਸੋਹੀ ਨੇ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਤਰਵਿੰਦਰ ਕੌਰ ਦੀ ਮੌਜੂਦਗੀ ਵਿੱਚ ਬੱਸ ਨੂੰ ਹਰੀ ਝੰਡੀ ਦਿਖਾ ਕੇ ਕੀਤਾ।

ਇਸ ਮੌਕੇ ਤਪਿੰਦਰ ਸਿੰਘ ਸੋਹੀ ਨੇ ਕਿਹਾ ਕਿ ਸਾਡਾ ਟੀਚਾ ਹੈ ਕਿ ਵਿਦਿਆਰਥੀਆਂ ਨੂੰ ਸਿੱਖਿਆ ਹਾਸਲ ਕਰਨ ਵਿੱਚ ਕਿਸੇ ਵੀ ਕਿਸਮ ਦੀ ਮੁਸ਼ਕਿਲ ਦਾ ਸਾਹਮਣਾ ਨਾ ਕਰਨਾ ਪਵੇ ਅਤੇ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨਿਰੰਤਰ ਹਲਕੇ ਵਿੱਚ ਸਿੱਖਿਆ ਦੇ ਵਿਕਾਸ ਲਈ ਅਹਿਮ ਯਤਨ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਇਸ ਸਕੂਲ ਵਿੱਚ ਪੜ੍ਹਾਈ ਕਰਦੇ 5 ਪਿੰਡਾਂ ਦੇ ਵਿਦਿਆਰਥੀ ਇਸ ਬੱਸ ਸੁਵਿਧਾ ਦਾ ਨਿਯਮਤ ਤੌਰ 'ਤੇ ਲਾਭ ਲੈਣਗੇ। ਉਨ੍ਹਾਂ ਇਹ ਵੀ ਦੱਸਿਆ ਕਿ ਬੱਸ ਸੁਵਿਧਾ ਉਪਲਬਧ ਹੋਣ ਨਾਲ ਆਉਂਦੇ ਵਿਦਿਅਕ ਸੈਸ਼ਨ ਵਿੱਚ ਹੋਰ ਵਿਦਿਆਰਥੀਆਂ ਵੱਲੋਂ ਵੀ ਇਸ ਸਕੂਲ ਵਿੱਚ ਦਾਖਲੇ ਕਰਵਾਉਣ ਦੀ ਸੰਭਾਵਨਾ ਵਧ ਗਈ ਹੈ। ਉਨ੍ਹਾਂ ਦੱਸਿਆ ਕਿ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਦੇ ਯਤਨਾਂ ਸਦਕਾ ਛੇਤੀ ਹੀ ਹਲਕਾ ਦਿੜ੍ਹਬਾ ਦੇ ਹੋਰਨਾਂ ਵੱਡੇ ਸਰਕਾਰੀ ਸਕੂਲਾਂ ਵਿੱਚ ਵੀ ਬੱਸਾਂ ਦੀ ਸੁਵਿਧਾ ਉਪਲਬਧ ਕਰਵਾ ਦਿੱਤੀ ਜਾਵੇਗੀ।

**ਛੇਤੀ ਹੀ ਹਲਕਾ ਦਿੜ੍ਹਬਾ ਦੇ ਹੋਰਨਾਂ ਵੱਡੇ ਸਕੂਲਾਂ ਨੂੰ ਵੀ ਮਿਲੇਗੀ ਬੱਸ ਸੁਵਿਧਾ**

ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫ਼ਸਰ ਤਰਵਿੰਦਰ ਕੌਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਨੂੰ ਸਰਵੋਤਮ ਸਿੱਖਿਆ ਸੇਵਾਵਾਂ ਮੁਹੱਈਆ ਕਰਵਾਉਣ ਦੀ ਦਿਸ਼ਾ ਵਿੱਚ ਅਹਿਮ ਉਪਰਾਲੇ ਕੀਤੇ ਜਾ ਰਹੇ ਹਨ ਅਤੇ ਇਹ ਬੱਸ ਸੁਵਿਧਾ ਦੂਰ ਦੁਰਾਡੇ ਦੇ ਪਿੰਡਾਂ ਵਿੱਚੋਂ ਆਉਣ ਵਾਲੇ ਵਿਦਿਆਰਥੀਆਂ ਨੂੰ ਉਚੇਰੀ ਸਿੱਖਿਆ ਦੇ ਸਮਰੱਥ ਬਣਾਉਣ ਦਾ ਅਹਿਮ ਜ਼ਰੀਆ ਸਾਬਤ ਹੋਵੇਗੀ।

ਇਸ ਮੌਕੇ ਤਪਿੰਦਰ ਸਿੰਘ ਸੋਹੀ ਵੱਲੋਂ ਜ਼ਿਲ੍ਹਾ ਸਿੱਖਿਆ ਅਫ਼ਸਰ ਨੂੰ ਸਨਮਾਨਿਤ ਕੀਤਾ ਗਿਆ। ਸਮਾਗਮ ਦੌਰਾਨ ਸਕੂਲ ਪ੍ਰਿੰਸੀਪਲ ਭਾਰਤ ਭੂਸ਼ਣ, ਸਕੂਲ ਪ੍ਰਬੰਧਕੀ ਕਮੇਟੀ ਤੇ ਹੋਰ ਸਟਾਫ਼ ਮੈਂਬਰ ਵੀ ਹਾਜ਼ਰ ਸਨ।

**ਮੁੱਖ ਮੰਤਰੀ ਦੇ ਦਫਤਰ ਵੱਲੋਂ**

# ਪਿੰਡ ਢਢੋਗਲ ਦੀ ਪੰਚਾਇਤ ਦਾ ਕੀਤਾ ਵਿਸ਼ੇਸ਼ ਸਨਮਾਨ



**ਧੂਰੀ ( ਰਣਜੀਤ ਸਿੰਘ ਪੇਧਨੀ )-** ਇਥੋਂ ਨੇੜਲੇ ਪਿੰਡ ਢਢੋਗਲ ਤੋਂ ਵੱਡੇ ਮਾਰਜਨ ਨਾਲ ਜਿੱਤ ਕੇ ਸਰਪੰਚ ਬਣੇ ਸਰਪੰਚ ਫੌਜੀ ਜਸਬੀਰ ਦਾਸ ਅਤੇ ਪੰਚ ਸਤਨਾਮ ਸਿੰਘ, ਪੰਚ ਸਤਨਾਮ ਸਿੰਘ ,ਪੰਚ ਗੁਰਵਿੰਦਰ ਸਿੰਘ, ਪੰਚ ਰਜਿੰਦਰ ਸਿੰਘ, ਪੰਚ ਸਗਨਾ ਸਿੰਘ, ਪੰਚ ਬਲਜੀਤ ਸਿੰਘ , ਪੰਚ ਰੀਟੂ, ਪੰਚ ਰਜਿੰਦਰ ਕੌਰ, ਪੰਚ ਕਰਨੈਲ ਕੌਰ ਦਾ ਪੰਜਾਬ ਦੇ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਦੇ ਦਫਤਰ ਵਿਖੇ ਪਹੁੰਚਣ ਤੇ ਸਵਾਗਤ ਕਰਦਿਆਂ ਦਫ਼ਤਰ ਇੰਚਾਰਜ ਸ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਅਤੇ ਚੇਅਰਮੈਨ ਸ, ਦਲਵੀਰ ਸਿੰਘ ਢਿੱਲੋਂ ਨੇ ਕਿਹਾ ਕਿ ਪਿੰਡ ਵਾਸੀਆਂ ਨੂੰ ਪੂਰਨ ਸਹਿਯੋਗ ਦੇਣ ਦਾ ਭਰੋਸਾ ਦਿੱਤਾ ਅਤੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਦੇ ਵਿਕਾਸ ਕਾਰਜਾਂ ਲਈ ਜਿੱਥੇ ਕਰੋੜਾਂ ਰੁਪਏ ਦੀਆਂ ਗਰਾਟਾਂ ਦਿੱਤੀਆਂ ਜਾ ਰਹੀਆਂ ਹਨ, ਉਥੇ ਧੂਰੀ ਹਲਕੇ ਦੇ ਵਿਕਾਸ ਕਾਰਜਾਂ ਲਈ ਪੈਸੇ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਇਸ ਮੌਕੇ ਆਪ ਦੇ ਇਕਾਈ ਪ੍ਰਧਾਨ ਸੁਖਵੀਰ ਸਿੰਘ, ਬਾਬਾ ਆਤਮਾ ਸਿੰਘ, ਕੁਲਦੀਪ ਸਿੰਘ ਮਿੰਟੂ, ਪਿੰਦਰ ਪ੍ਰਧਾਨ, ਬੱਬੂ ਸਿੰਘ, ਰਛਪਾਲ ਸਿੰਘ, ਭਰਭੂਰ ਸਿੰਘ, ਜਸਪ੍ਰੀਤ ਸਿੰਘ ਹਾਜ਼ਰ ਸਨ।

# ਜਦੋਂ ਹਕੂਮਤ ਫਜ਼ੂਲ ਖਰਚੀ ਕਰਕੇ ਟਰੈਫਿਕ ਜਾਮ ਕਰੇ ਉਦੋਂ ਕਿਉਂ ਨਹੀਂ ਲੋਕ ਕਹਿੰਦੇ ਸਾਨੂੰ ਖੱਜਲ ਕੀਤਾ ਜਾ ਰਿਹਾ : ਭਾਰਤੀ ਕਿਸਾਨ ਯੂਨੀਅਨ ਪੁਆਧ

**ਭਾਰਤੀ** ਕਿਸਾਨ ਯੂਨੀਅਨ ਪੁਆਧ ਦੇ ਪ੍ਰਧਾਨ ਸਰਦਾਰ ਤਰਲੋਚਨ ਸਿੰਘ ਅਤੇ ਸੀਨੀਅਰ ਮੀਤ ਪ੍ਰਧਾਨ ਰੁਸਤਮ ਮੋਰਿੰਡਾ ਨੇ ਇਹਨਾਂ ਗੱਲਾਂ ਦਾ ਪ੍ਰਗਟਾਵਾ ਕਰਦੇ ਹੋਏ ਕਿਹਾ ਕਿ ਜਦੋਂ ਹਰਿਆਣਾ ਸਰਕਾਰ ਵੱਲੋਂ ਸੌਂਹ ਚੁੱਕ ਸਮਾਗਮ ਦੇ ਵਿੱਚ 2500 ਹਰਿਆਣਾ ਰੋਡਵੇਜ਼ ਦੀ ਬੱਸ ਦੀ ਦੁਰਵਰਤੋਂ ਨਾਲ ਲੰਬੇ ਲੰਬੇ ਟ੍ਰੈਫਿਕ ਜਾਮ ਹੋਏ । ਜਾਣਕਾਰੀ ਦੇ ਮੁਤਾਬਕ ਇਸ ਟਰੈਫਿਕ ਜਾਮ ਦੇ ਵਿੱਚ ਜੀਰਕਪੁਰ ਵਿਖੇ ਦੋ ਵਿਅਕਤੀਆਂ ਦੀ ਜਾਨ ਵੀ ਚਲੀ ਗਈ । ਯੂਨੀਅਨ ਦੇ ਨੁਮਾਇੰਦਿਆਂ ਨੇ ਅੱਗੇ ਬੋਲਦੇ ਹੋਏ ਕਿਹਾ ਕਿ ਉਦੋਂ ਲੋਕਾਂ ਵੱਲੋਂ ਕਿਉਂ ਨਹੀਂ ਸਰਕਾਰ ਨੂੰ ਸਵਾਲ ਕੀਤਾ ਜਾਂਦਾ ਕਿ ਇੱਕ ਤਾਂ ਲੋਕਾਂ ਦੇ ਪੈਸੇ ਦੀ ਫਜ਼ੂਲ ਖਰਚੀ ਕੀਤੀ ਜਾ ਰਹੀ ਹੈ ਤੇ ਦੂਜਾ 2500 ਬੱਸਾਂ ਦਾ ਲੰਬੇ ਕਾਫਲੇ ਕਾਰਨ ਲੋਕਾਂ ਨੂੰ ਲੰਬੇ ਲੰਬੇ ਟਰੈਫਿਕ ਜਾਮ ਦਾ ਵੀ ਸਾਹਮਣਾ ਕਰਨਾ ਪਿਆ । ਯੂਨੀਅਨ ਦੇ ਨੁਮਾਇੰਦੇ ਨੇ ਅੱਗੇ ਬੋਲਦੇ ਹੋਏ ਕਿਹਾ ਕਿ ਪਿਛਲੇ ਦਿਨੀ ਅਸੀਂ ਜੀਰਕਪੁਰ ਵਿਖੇ ਝੋਨੇ ਦੀ ਖਰੀਦ ਨਾ ਹੋਣ ਦੇ ਰੋਸ ਵਜੋਂ ਧਰਨਾ ਲਗਾਇਆ ਸੀ । ਜਿਸ ਕਾਰਨ ਸਾਨੂੰ ਕੁਝ ਸ਼ਹਿਰ ਨਿਵਾਸੀਆਂ ਵੱਲੋਂ ਸਵਾਲ ਕੀਤਾ ਗਿਆ ਕਿ ਅਸੀਂ ਖੱਜਲ ਹੋ ਰਹੇ ਹਾਂ ਤੁਹਾਡੇ ਧਰਨੇ ਦੇ ਕਾਰਨ । ਯੂਨੀਅਨ ਦੇ ਨੁਮਾਇੰਦਿਆਂ ਨੇ ਅੱਗੇ ਬੋਲਦੇ ਹੋਏ ਕਿਹਾ ਕਿ ਹਾਲਾਂਕਿ ਅਸੀਂ ਇਸ ਗੱਲ ਦਾ ਪੂਰਾ ਧਿਆਨ ਰੱਖਿਆ ਕਿ ਐਮਰਜੈਂਸੀ ਸੇਵਾਵਾਂ ਜਿਵੇਂ ਕਿ ਐਂਬੂਲੈਂਸ ਸਕੂਲ ਬੱਸਾਂ ਜਾਂ ਇਸ ਤੋਂ ਇਲਾਵਾ ਵੀ ਕਿਸੇ ਨੂੰ ਕੋਈ ਐਮਰਜਂਸੀ ਕੰਮ ਜਿਵੇਂ ਕੀ ਬੱਚਿਆਂ ਦੇ ਨੌਕਰੀ ਨਾਲ ਸੰਬੰਧਿਤ ਪੇਪਰ ਵਗੈਰਾ ਇਸ ਤਰੀਕੇ ਦੇ ਸਾਰੇ ਰਾਹਗੀਰਾਂ ਨੂੰ ਅਸੀਂ ਖੁਦ ਧਰਨੇ ਦੇ ਵਿੱਚੋਂ ਜਾਣ ਲਈ ਰਸਤਾ ਦਿੱਤਾ । ਯੂਨੀਅਨ ਦੇ ਨੁਮਾਇੰਦਿਆਂ ਨੇ ਬੋਲਦੇ ਹੋਏ ਕਿਹਾ ਕਿ ਇਸ ਗੱਲ ਦਾ ਬੜਾ ਦੁੱਖ ਹੈ ਕਿ ਅਸੀਂ ਸਮਾਜ ਦੇ ਕਿਸੇ ਇੱਕ ਵਰਗ ਲਈ ਸੇਵਾ ਭਾਵ ਲਈ ਕੰਮ ਨਹੀਂ ਕਰਦੇ ਸਗੋਂ ਸਮੁੱਚੇ ਵਰਗ ਦੀ ਕਿਸੇ ਪ੍ਰਕਾਰ ਦੀ ਕੋਈ ਸਮੱਸਿਆ ਲਈ ਅਸੀਂ ਨਿਰਸਵਾਰਥ ਲੋਕਾਂ ਨਾਲ ਖੜਦੇ ਹਾਂ । ਯੂਨੀਅਨ ਦੇ ਨੁਮਾਇੰਦਿਆਂ ਨੇ ਬੋਲਦੇ ਹੋਏ ਕਿਹਾ ਕਿ ਜੀਰਕਪੁਰ ਦਾ ਪਾਣੀ ਪੀਣ ਲਾਇਕ ਨਹੀਂ ਰਿਹਾ, ਜੀਰਕਪੁਰ ਦੇ ਸੀਵਰੇਜ ਦੀ ਸਭ ਤੋਂ ਵੱਡੀ ਸਮੱਸਿਆ ਹੈ । ਇਹ ਦੋਵੇਂ ਮੁੱਢਲੀਆਂ ਸਹੂਲਤਾਂ ਹਨ ਜਿਨਾਂ ਤੋਂ ਜੀਰਕਪੁਰ ਸ਼ਹਿਰ ਬਿਲਕੁਲ ਬਾਂਝਾ ਹੋ ਚੁੱਕਿਆ ਹੈ । ਬੜੇ ਦੁੱਖ ਦੀ ਗੱਲ ਹੈ ਕਿ ਲੋਕ ਨਿਜ ਸਵਾਰਥਾਂ ਵਿੱਚ ਇੰਨੇ ਕੁ ਗਲਤਾਨ ਹੋ ਚੁੱਕੇ ਨੇ ਕਿ ਆਉਣ ਵਾਲੀਆਂ ਨਸਲਾਂ ਵਾਸਤੇ ਪਾਣੀ ਬਚਾਉਣ ਤੱਕ ਵੀ ਇਕੱਠੇ ਨਹੀਂ ਹੋ ਰਹੇ।

**-ਪਰਗਟ ਸਿੰਘ ਬਲਬੇੜਾ, 9022000070**

# ਮੈਟਰਨਲ ਡੈਥ ਰਿਵਿਓ ਸਬੰਧੀ ਟ੍ਰੇਨਿੰਗ ਵਰਕਸ਼ਾਪ ਦਾ ਕੀਤਾ ਆਯੋਜਨ



**ਚੌਕ ਮਹਿਤਾ, 21ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)-** ਸਿਵਲ ਸਰਜਨ ਡਾ ਕਿਰਨਦੀਪ ਕੌਰ ਜੀ ਦੀ ਪ੍ਰਧਾਨਗੀ ਹੇਠਾਂ ਜਿਲ੍ਹਾ ਪਰਿਵਾਰ ਭਲਾਈ ਅਫਸਰ ਡਾ ਨੀਲਮ ਭਗਤ ਵਲੋਂ ਮਟਰਨਲ ਡੈਥ ਕੇਸਾਂ ਵਿਚ ਸੁਧਾਰ ਲਿਆਓਣ ਲਈ ਸਮੂਹ ਨੋਡਲ ਅਫਸਰਾਂ, ਗਾਇਨੀ ਡਾਕਟਰਾਂ, ਸਟਾਫ ਨਰਸਾਂ ਅਤੇ ਏ.ਐਨ.ਐਮ. ਦੀ ਟ੍ਰੇਨਿੰਗ ਕਰਵਾਈ ਗਈ। ਇਸ ਅਵਸਰ ਤੇ ਡਾ ਕਿਰਨਦੀਪ ਕੌਰ ਨੇ ਕਿਹਾ ਕਿ ਮਟਰਨਲ ਡੈਥ ਰੇਟ ਵਿਚ ਸੁਧਾਰ ਲਿਆਓਣ ਲਈ ਸਭ ਤੋਂ ਜਰੂਰੀ ਹੈ ਕਿ ਗਰਭਵਤੀ ਮਾਵਾ ਦੀ ਜਲਦੀ ਰਜਿਸਟ੍ਰੇਸ਼ਨ ਕੀਤੀ ਜਾਵੇ ਤਾਂ ਜੋ ਸਮੇਂ ਸਿਰ ਹਾਈਰਿਸਕ ਕੇਸਾਂ ਦੀ ਪਹਿਚਣ ਹੋ ਸਕੇ ਅਤੇ ਸਮੇਂ ਤੇ ਸਿਰ ਇਲਾਜ ਕਰਵਾਇਆ ਜਾ ਸਕੇ। ਉਹਨਾਂ ਕਿਹਾ ਕਿ ਬਹੁਤ ਸਾਰੇ ਹਾਈਰਿਸਕ ਕੇਸਾਂ ਵਿਚ ਗਰਭਵਤੀ ਮਾਵਾਂ ਅਨੀਮੀਆ, ਸ਼ੂਗਰ, ਹਾਈਪਰਟੇਂਸ਼ਨ, ਪ੍ਰੀਵੀਅਸ ਸਜੇਰੀਅਨ, ਉਮਰ17 ਤੋਂ ਘੱਟ ਜਾਂ 35 ਤੋਂ ਵੱਧ ਹੋਣਾਂ, ਭਾਰ ਬਹੁਤ ਜਿਆਦਾ ਘੱਟ ਜਾਂ ਵੱਧ ਹੋਣਾਂ, ਕੱਦ ਬਹੁਤ ਛੋਟਾ ਹੋਣਾਂ, ਸ਼ਰੀਰ ਅਤੇ ਪੈਰਾਂ ਤੇ ਸੋਜ ਪੈਣੀ, ਦੌਰੇ ਪੈਣਾਂ, ਵਾਰ-ਵਾਰ ਖੂਨ ਪੈਣਾਂ, ਬੱਚਾ ਬ੍ਰੀਚ ਹੋਣਾਂ, ਮਲਟੀਪਲ ਅਬਾਰਸ਼ਨ ਹੋਣਾਂ, ਜੌੜੇ ਬੱਚੇ ਹੋਣਾਂ ਜਾਂ ਪਹਿਲਾਂ ਸਟਿਲ ਬਰਥ ਹਿਸਟਰੀ ਹੋਣਾਂ ਆਦਿ ਸ਼ਾਮਲ ਹੁੰਦਾ ਹੈ, ਜੇਕਰ ਕਿਸੇ ਨੂੰ ਵੀ ਪਹਿਲਾਂ ਤੋਂ ਅਜਿਹੀ ਸੱਮਸਿਆ ਰਹੀ ਹੋਵੇ ਤਾਂ ਤੁਰੰਤ ਡਾਕਟਰੀ ਸਹਾਇਤਾ ਲਈ ਨਜਦੀਕ ਦੇ ਸਰਕਾਰੀ ਹੈਲਥ ਸੈਂਟਰ ਤੇ ਜਾ ਕੇ ਆਪਣੀ ਜਾਂਚ ਤੇ ਇਲਾਜ ਕਰਵਾਉਣਾਂ ਚਾਹੀਦਾ ਹੈ। ਇਸ ਮੌਕੇ ਤੇ ਜਿਲ੍ਹਾ ਪਰਿਵਾਰ ਭਲਾਈ ਅਫਸਰ ਡਾ ਨੀਲਮ ਭਗਤ ਵਲੋਂ ਬੜੇ ਹੀ ਵਿਸ਼ਥਾਰ ਨਾਲ ਮਟਰਨਲ ਡੈਥ ਦੇ ਕਾਰਣ, ਇਲਾਜ ਅਤੇ ਸਵਧਾਨੀਆਂ ਸੰਬਧੀ ਟਰੇਨਿੰਗ ਦਿੱਤੀ ਗਈ ਅਤੇ ਕਿਹਾ ਗਿਆ ਕਿ ਇਸ ਟ੍ਰੇਨਿੰਗ ਦਾ ਮੱਖ ਮੰਤਵ ਜਿਲ੍ਹੇ ਵਿਚ ਐਮ.ਐਮ.ਆਰ ਨੂੰ ਘਟਾਉਣਾ ਹੈ। ਇਸ ਸਬੰਧੀ ਬਹਤ ਵਡੇ ਕਦਮ ਚੁਕੇ ਜਾਣ ਦੀ ਜਰੂਰਤ ਹੈ ਜਿਸ ਵਿੱਚ ਸਟਾਫ ਦੀ ਹਾਜਰੀ, ਕਾਰਗੁਜਾਰੀ, ਮਰੀਜਾ ਦੀ ਦੇਖਭਾਲ ਅਤੇ ਡਾਕਟਰਾ ਦਾ ਵਤੀਰਾ ਸੁਧਾਰਨ ਦੀ ਸਖਤ ਜਰੂਰਤ ਹੈ।ਇਸ ਵਿੱਚ ਸੁਧਾਰ ਲਿਆਉਣ ਲਈ ਹਰ ਸਭੰਵ ਯਤਨ ਕੀਤੇ ਜਾਣਗੇ ਅਤੇ ਇਸ ਨੂੰ ਹਰ ਹਾਲਤ ਵਿੱਚ ਸੁਧਾਰਿਆ ਜਾਵੇਗਾ। ਇਸ ਮੋਕੇ ਜਿਲ੍ਹਾ ਐਮ.ਈ.ਆਈ.ਓ. ਅਮਰਦੀਪ ਸਿੰਘ, ਤ੍ਰਿਪਤਾ ਕੁਮਾਰੀ ਅਤੇ ਸਮੂਹ ਸਟਾਫ ਹਾਜਰ ਸਨ।

# ਸਰਪੰਚੀ ਜਿੱਤ ਦੀ ਖੁਸ਼ੀ ਵਿੱਚ ਪਿੰਡ ਕਾਂਝਲੀ ਵਿਖੇ ਕਰਵਾਏ ਸੁਖਮਨੀ ਸਾਹਿਬ ਦੇ ਜਾਪ

**ਮਾਨ ਸਰਕਾਰ ਕਾਂਝਲੀ ਪਿੰਡ ਦੀ ਪੰਚਾਇਤ ਦੇ ਨਾਲ ਹਰ ਵਕਤ ਡੱਟ ਕੇ ਨਾਲ ਖੜ੍ਹੇਗੀ : ਚੇਅਰਮੈਨ ਘੁੱਲੀ**



ਧੂਰੀ ( ਰਣਜੀਤ ਸਿੰਘ ਪੇਧਨੀ ) ਪਿੰਡ ਕਾਝਲੀ ਦੇ ਨਵੇਂ ਚੁਣੇ ਸਰਪੰਚ ਲਖਵੀਰ ਕੌਰ ਪਤਨੀ ਸੁਖਜੀਤ ਸਿੰਘ ਸਮੇਤ ਪੰਚਾਇਤ ਮੈਂਬਰਾਂ ਨੇਪਿੰਡ ਦੇ ਗੁਰਦੁਆਰਾ ਸਾਹਿਬ ਵਿਖੇ ਸੁਖਮਨੀ ਸਾਹਿਬ ਦੇ ਜਾਪ ਕਰਵਾਏ ਗਏ। ਜਿਸ ਵਿੱਚ ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਦੇ ਦਫਤਰ ਇੰਚਾਰਜ ਸ, ਰਾਜਵੰਤ ਸਿੰਘ ਘੁੱਲੀ ਆਪਣੀ ਟੀਮ ਸਮੇਤ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ। ਇਸ ਮੌਕੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਚੇਅਰਮੈਨ ਘੁੱਲੀ ਨੇ ਸਰਪੰਚ ਸੁਖਜੀਤ ਸਿੰਘ ਕਾਝਲੀ ਅਤੇ ਪੰਚਾਇਤ ਮੈਂਬਰਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਪਿੰਡ ਵਾਸੀਆਂ ਨੂੰ ਪੂਰਨ ਸਹਿਯੋਗ ਦੇਣ ਦਾ ਭਰੋਸਾ ਦਿੱਤਾ ਅਤੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਦੇ ਵਿਕਾਸ ਕਾਰਜਾਂ ਲਈ ਜਿੱਥੇ ਕਰੋੜਾਂ ਰੁਪੈ ਦੀਆਂ ਗਰਾਟਾਂ ਦਿੱਤੀਆਂ ਜਾ ਰਹੀਆਂ ਹਨ, ਉਥੇ ਧੂਰੀ ਹਲਕੇ ਦੇ ਵਿਕਾਸ ਕਾਰਜਾਂ ਲਈ ਪੈਸੇ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਅੰਤ ਵਿਚ ਸਰਪੰਚ ਸੁਖਜੀਤ ਸਿੰਘ ਨੇ ਸਿਰੋਪਓ ਪਾ ਕੇ ਵਿਸ਼ੇਸ਼ ਸਨਮਾਨ ਕੀਤਾ ਅਤੇ ਕਿਹਾ ਕਿ ਉਹ ਧੜੇਬੰਦੀ ਤੋਂ ਉੱਪਰ ਉਠ ਕੇ ਪਿੰਡ ਦਾ ਵਿਕਾਸ ਕਾਰਜ ਕਰਵਾਉਣ ਲਈ ਤੱਤਪਰ ਰਹਿਣਗੇ ਅਤੇ ਪਿੰਡ ਦਾ ਵਿਕਾਸ ਉਨ੍ਹਾਂ ਦਾ ਮੁੱਖ ਏਜੰਡਾ ਹੋਵੇਗਾ। ਇਸ ਮੌਕੇ ਮੈਬਰ ਪੰਚਾਇਤ ਮੈਜਰ ਸਿੰਘ, ਪੰਚ ਪਰਮਜੀਤ ਕੌਰ, ਪੰਚ ਸੰਦੀਪ ਸਿੰਘ, ਪੰਚ ਰਾਮ ਸਿੰਘ, ਪੰਚ ਗੁਰਪ੍ਰੀਤ ਸਿੰਘ, ਪੰਚ ਜਸਵੀਰ ਕੌਰ, ਪੰਚ ਨਰਿੰਦਰ ਕੌਰ, ਆਪ ਆਗੂ ਕੁਲਵਿੰਦਰ ਸਿੰਘ, ਆਪ ਆਗੂ ਤਰਨਜੀਤ ਸਿੰਘ ਕਾਝਲੀ, ਆਪ ਆਗੂ ਮਾਣਾ ਗਰੇਵਾਲ, ਆਪ ਆਗੂ ਬਖਸੀਸ ਸਿੰਘ ਅਲਾਲ ਹਾਜ਼ਰ ਸਨ।

# ਕਰਜ਼ੇ ਤੋਂ ਦੁਖੀ ਹੋ ਕੇ ਪਿੰਡ ਚੱਠੇਵਾਲਾ ਦੇ ਨੌਜਵਾਨ ਕਿਸਾਨ ਨੇ ਕੀਤੀ ਖੁਦਕੁਸ਼ੀ

**ਤਲਵੰਡੀ ਸਾਬੋ, 21 ਅਕਤੂਬਰ (ਗੁਰਜੰਟ ਸਿੰਘ ਨਥੇਹਾ)-** ਕਰਜ਼ੇ ਤੋਂ ਦੁਖੀ ਹੋ ਕੇ ਪਿੰਡ ਚੱਠੇਵਾਲਾ ਦੇ ਨੌਜਵਾਨਾਂ ਕਿਸਾਨ ਨੇ ਕੀਤੀ ਖੁਦਕੁਸ਼ੀ ਕਾਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਖੁਦਕੁਸ਼ੀ ਦਾ ਕਾਰਨ ਆਰਥਿਕ ਮੰਦਹਾਲੀ ਦਾ ਕਾਰਨ ਦੱਸਿਆ ਜਾ ਰਿਹਾ ਹੈ। ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਬਲਾਕ ਤਲਵੰਡੀ ਸਾਬੋ ਮੀਤ ਪ੍ਰਧਾਨ ਕੁਲਵਿੰਦਰ ਸਿੰਘ ਗਿਆਨਾ ਨੇ ਦੱਸਿਆ ਕਿ ਕਿਸਾਨ ਗੁਰਲਾਲ ਸਿੰਘ ਪੁੱਤਰ ਦੀਵਾਨ ਸਿੰਘ ਵਾਸੀ ਪਿੰਡ ਚੱਠੇਵਾਲਾ ਕਾਫੀ ਸਮੇਂ ਤੋਂ ਆਰਥਿਕ ਤੰਗੀ ਝੱਲ ਰਿਹਾ ਸੀ ਪ੍ਰੰਤੂ ਅੱਜ ਸਵੇਰੇ ਖੁਦਕੁਸ਼ੀ ਕਰ ਗਿਆ ਹੈ। ਮ੍ਰਿਤਕ ਦੇਹ ਦਾ ਸਿਵਲ ਹਸਪਤਾਲ ਤਲਵੰਡੀ ਸਾਬੋ ਵਿਖੇ ਪੋਸਟ ਮਾਰਟਮ ਕਰਵਾਉਣ ਤੋਂ ਬਾਅਦ ਸੰਸਕਾਰ ਕਰ ਦਿੱਤਾ। ਉਹਨਾਂ ਦੱਸਿਆ ਉਕਤ ਮ੍ਰਿਤਕ ਨੌਜਵਾਨ ਕੁਆਰਾ ਸੀ ਮਾਤਾ ਦੇ ਕੈਂਸਰ ਦਾ ਇਲਾਜ ਕਰਵਾਉਣ ਲਈ ਪੈਸੇ ਚੁੱਕੇ ਸਨ ਪ੍ਰੰਤੂ ਮਾਤਾ ਬਚ ਨਾ ਸਕੀ। ਇੱਕ ਭਰਾ ਹੈ ਜੀ ਕਿ ਦਿਮਾਗੀ ਤੌਰ 'ਤੇ ਅੱਪਸੈਟ ਹੈ, ਬਾਪ ਬਜ਼ੁਰਗ ਹੋਣ ਕਾਰਨ ਘਰ ਦਾ ਗੁਜਾਰਾ ਕਰਨਾ ਮੁਸ਼ਿਕਲ ਸੀ ਇਸ ਕਰਕੇ ਨੌਜਵਾਨਾਂ ਨੇ ਖੁਦਕੁਸ਼ੀ ਕਰ ਲਈ ਹੈ। ਇਸ ਮੌਕੇ ਗਿਆਨਾ ਨੇ ਕਿਹਾ ਕਿ ਇਸ ਸਮੇਂ ਕਿਸਾਨ ਮਜ਼ਦੂਰ ਕਰਜ਼ੇ ਦਾ ਬੋਝ ਨਾ ਸਹਾਰਦੇ ਹੋਏ ਖੁਦਕੁਸ਼ੀਆਂ ਕਰ ਰਹੇ ਹਨ ਤੇ ਓਧਰੋਂ ਕਿਸਾਨ ਮਜ਼ਦੂਰ ਝੋਨਾ ਨਾ ਵਿਕਣ ਕਾਰਨ ਬਹੁਤ ਜ਼ਿਆਦਾ ਆਰਥਿਕ ਮੰਦਹਾਲੀ ਝੱਲ ਰਹੇ ਹਨ। ਉਹਨਾਂ ਪੰਜਾਬ ਸਰਕਾਰ ਨੂੰ ਆੜੇ ਹੱਥੀਂ ਲੈਂਦਿਆਂ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਦੀ ਸਾਰ ਨਹੀਂ ਲੈ ਰਹੀ।



ਗੁਰਦੁਆਰਾ ਸ੍ਰੀ ਗੁਰੂ ਰਾਮਦਾਸ ਪੁਰੀ ਅਰਮਾਨਪੁਰਾ ਆਸਲ ਵਿਖੇ

# ਧੰਨ-ਧੰਨ ਸ੍ਰੀ ਗੁਰੂ ਰਾਮਦਾਸ ਜੀ ਦਾ ਪ੍ਰਕਾਸ਼ ਉਤਸਵ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ






**ਫ਼ਿਰੋਜ਼ਪੁਰ, 21 ਅਕਤੂਬਰ (ਮਨੋਹਰ ਲਾਲ) :—** ਗੁਰਦੁਆਰਾ ਸ੍ਰੀ ਗੁਰੂ ਰਾਮਦਾਸ ਪੁਰੀ ਅਰਮਾਨਪੁਰਾ ਆਸਲ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਧੰਨ—ਧੰਨ ਸ੍ਰੀ ਗੁਰੂ ਰਾਮਦਾਸ ਜੀ ਦਾ ਪ੍ਰਕਾਸ਼ ਉਤਸਵ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਤੇ ਚਾਰ ਸ਼ਿਫਟਾਂ ਤੇ 21 ਸ੍ਰੀ ਆਖੰਡ ਪਾਠ ਸਾਹਿਬ ਅਤੇ ਸੁਖਮਣੀ ਸਾਹਿਬ ਜੀ ਦੇ ਭੋਗ ਪਾਏ ਜਾਣਗੇ। ਭੋਗ ਉਪਰੰਤ ਦੀਵਾਨ ਸਜਾਏ ਗਏ, ਜਿਸ ਵਿਚ ਮੀਰੀ ਪੀਰੀ ਕੀਰਤਨੀ ਜਥਾ ਯਮੁਨਾ ਨਗਰ ਵਾਲੇ, ਭਾਈ ਗੁਰਮੇਲ ਸਿੰਘ ਅਰਜਨ ਜਥਾ ਗੁਰਦੁਆਰਾ ਠਾਠ ਨਾਨਕਸਰ ਛਾਂਗੇ ਵਾਲੇ, ਢਾਡੀ ਜਥਾ ਬੀਬੀ ਬਲਵਿੰਦਰ ਕੌਰ ਜੀ ਖਹਿਰਾ (ਸ਼ਾਹਕੋਟ ਵਾਲੇ), ਭਾਈ ਸੁਖਦੇਵ ਸਿੰਘ ਜੀ ਮੁੱਖ ਬੁਲਾਰਾ ਦਮਦਮੀ ਟਕਸਾਲ, ਭਾਈ ਕੁਲਦੀਪ ਸਿੰਘ ਜੀ ਕਥਾਵਾਚਕ ਲੱਖੋਕੇ ਬਹਿਰਾਮ, ਭਾਈ ਅੰਮ੍ਰਿਤਪ੍ਰੀਤ ਸਿੰਘ ਜੀ ਰਾਗੀ ਜਥਾ ਫ਼ਿਰੋਜ਼ਪੁਰ ਵਾਲੇ, ਭਾਈ ਬੋਹੜ ਸਿੰਘ ਢਾਡੀ ਜਥਾ ਬਾਰੇਕੇ, ਬੀਬੀ ਦਲਜੀਤ ਕੌਰ ਕਥਾਵਾਚਕ ਅਰਮਾਨਪੁਰੇ ਵਾਲੇ, ਭਾਈ ਜਰਨੈਲ ਸਿੰਘ ਢਾਡੀ ਜਥਾ ਫ਼ਿਰੋਜ਼ਪੁਰ, ਗਿਆਨੀ ਇੰਦਰ ਸਿੰਘ, ਭਾਈ ਜਗਦੇਵ ਸਿੰਘ, ਭਾਈ ਸੁਰਜੀਤ ਸਿੰਘ ਕੀਰਤਨੀ ਜਥਾ ਆਸਲ ਅਰਮਾਨਪੁਰਾ ਵਾਲਿਆਂ ਨੇ ਕਥਾ ਕੀਰਤਨ ਅਤੇ ਢਾਡੀ ਵਾਰਾਂ ਰਾਹੀਂ ਧੰਨ—ਧੰਨ ਸ੍ਰੀ ਗੁਰੂ ਰਾਮਦਾਸ ਜੀ ਦੇ ਜੀਵਨ ਬਾਰੇ ਵਿਸਥਾਰ ਪੂਰਵਕ ਚਾਨਣਾ ਪਾਇਆ। ਇਸ ਮੌਕੇ ਤੇ ਭਾਰੀ ਗਿਣਤੀ ਵਿਚ ਸੰਤਾਂ ਮਹਾਂਪੁਰਸ਼ਾਂ ਨੇ ਆਪਣੀ ਹਾਜ਼ਰੀ ਗੁਰੂ ਚਰਨਾਂ ਵਿਚ ਲੁਆਈ, ਜਿਨ੍ਹਾਂ ਵਿਚ ਸ੍ਰੀਮਾਨ ਸੰਤ ਬਾਬਾ ਗੁਰਬਚਨ ਸਿੰਘ ਜੀ ਸੰਪਰਦਾਇ ਬਾਬਾ ਬਿਧੀ ਚੰਦ ਜੀ ਸੁਰ ਸਿੰਘ ਵਾਲੇ, ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਜੀ ਗੁਰਦੁਆਰਾ ਠਾਠ ਨਾਨਕਸਰ ਛਾਂਗੇ ਖੁਰਦ ਵਾਲੇ, ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ, ਬਾਬਾ ਗੁਰਸੇਵਕ ਸਿੰਘ ਜੀ ਛੀਣੀ ਸਾਹਿਬ, ਸੰਤ ਬਾਬਾ ਦਰਸ਼ਨ ਸਿੰਘ ਜੀ ਢਾਬਸਰ ਬੋਰੀ ਵਾਲੇ, ਬਾਬਾ ਹਰੀ ਸਿੰਘ ਜ਼ੀਰੇ ਵਾਲੇ, ਬਾਬਾ ਹਰਭਜਨ ਸਿੰਘ ਡੇਰਾ ਕਾਰ ਸੇਵਾ ਗੁਰਦੁਆਰਾ ਜੰਡ ਸਾਹਿਬ, ਬਾਬਾ ਦਿਲਬਾਗ ਸਿੰਘ ਆਰਿਫਕੇ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਸੰਤਾਂ ਮਹਾਂ ਪੁਰਸ਼ਾਂ ਨੇ ਆਪਣੀ ਹਾਜ਼ਰੀ ਲੁਆਈ। ਇਸ ਮੌਕੇ ਤੇ ਵੱਖ—ਵੱਖ ਬਿਮਾਰੀਆਂ ਦੇ ਮੈਡੀਕਲ ਕੈਂਪ ਲਾਏ ਗਏ, ਇਸ ਤੋਂ ਇਲਾਵਾ ਅੱਖਾਂ ਦਾ ਫਰੀ ਕੈਂਪ ਲਾਇਆ ਗਿਆ, ਜਿਸ ਵਿਚ ਡਾ: ਅਸ਼ਵਨੀ ਕਾਲੀਆ ਅੱਖਾਂ ਅਤੇ ਮੈਟਰਨਿਟੀ ਹਸਪਤਾਲ ਵੱਲੋਂ ਚੈਕਅਪ ਕਰਕੇ ਦਵਾਈਆਂ ਦਿੱਤੀਆਂ ਗਈਆਂ। ਇਸ ਮੌਕੇ ਤੇ ਲੰਗਰ ਦੀ ਸੇਵਾ ਦਾ ਇੰਤਜਾਮ ਇੰਦਰਪਾਲ ਸਿੰਘ ਮੈਨੇਜਰ ਗੁਰੂ ਰਾਮਦਾਸ ਪਬਲਿਕ ਸਕੂਲ ਨੇ ਸੇਵਾ ਬਹੁਤ ਹੀ ਸੁਚੱਜੇ ਢੰਗ ਨਾਲ ਨਿਭਾਈ। ਇਸ ਮੌਕੇ ਤੇ ਗੁਰਦੁਆਰਾ ਸ੍ਰੀ ਗੁਰੂ ਰਾਮਦਾਸ ਪੁਰੀ ਅਰਮਾਨਪੁਰਾ ਆਸਲ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਭਗਤ ਮਿਲਖਾ ਸਿੰਘ ਨੇ ਸਭ ਤੋਂ ਪਹਿਲਾਂ ਜਿਨ੍ਹਾਂ 21 ਸ੍ਰੀ ਆਖੰਡ ਪਾਠ ਅਤੇ ਸੁਖਮਣੀ ਸਾਹਿਬ ਜੀ ਦੇ ਪਾਠਾਂ ਦੀ ਸੇਵਾ ਕੀਤੀ, ਉਨ੍ਹਾਂ ਦਾ ਧੰਨਵਾਦ ਕੀਤਾ, ਨਾਲ ਹੀ ਪਾਠੀ ਸਿੰਘਾਂ ਦਾ ਵੀ ਧੰਨਵਾਦ ਕੀਤਾ ਅਤੇ ਨਾਲ ਹੀ 20 ਅਕਤੂਬਰ ਨੂੰ ਰਾਤ ਦੇ ਦੀਵਾਨਾਂ ਵਿਚ ਹਾਜ਼ਰੀ ਭਰੀ। ਉਨ੍ਹਾਂ ਦਾ ਵੀ ਧੰਨਵਾਦ ਅਤੇ ਸਮੂਹ ਸੰਗਤਾਂ ਦਾ ਜਿਹੜੀਆਂ 19, 20 ਅਤੇ 21 ਅਕਤੂਬਰ ਸਮਾਗਮਾਂ ਵਿਚ ਲਗਾਤਾਰ ਹਾਜ਼ਰੀਆਂ ਭਰ ਰਹੇ ਹਨ। ਇਸ ਮੌਕੇ ਤੇ ਗੁਰੂ ਰਾਮਦਾਸ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਦੇ ਬੱਚੇ—ਬੱਚੀਆਂ ਦਾ ਜਿਨ੍ਹਾਂ ਵਿਚ ਮੀਰੀ ਪੀਰੀ ਖਾਲਸਾ ਕੀਰਤਨੀ ਜਥਾ, ਢਾਡੀ ਜਥਾ ਬੀਬੀ ਬਲਵਿੰਦਰ ਕੌਰ ਖਹਿਰਾ ਦਾ ਹੋਰ ਵੀ ਬੱਚੇ ਬੱਚੀਆਂ ਦਾ ਧੰਨਵਾਦ ਕੀਤਾ, ਜਿਨ੍ਹਾਂ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਤੇ ਸ੍ਰੀਮਾਨ ਸੰਤ ਬਾਬਾ ਭਗਤ ਮਿਲਖਾ ਸਿੰਘ ਨੇ ਸਮੂਹ ਆਏ ਹੋਏ ਸੰਤਾਂ ਮਹਾਂਪੁਰਸ਼ਾਂ, ਰਾਗੀ, ਢਾਡੀ, ਜਥਿਆਂ ਅਤੇ ਸਮੂਹ ਪਤਵੰਤਿਆਂ ਨੂੰ ਸਨਮਾਨਿਤ ਕੀਤਾ ਗਿਆ ਅਤੇ ਇਨ੍ਹਾਂ ਦਾ ਧੰਨਵਾਦ ਕੀਤਾ, ਜਿਨ੍ਹਾਂ ਨੇ ਆਪਣਾ ਕੀਮਤੀ ਸਮਾਂ ਕੱਢਿਆ। ਇਸ ਮੌਕੇ ਤੇ ਸਮੂਹ ਸੰਗਤ ਨੂੰ ਜੀ ਆਇਆ ਕੀਤਾ ਅਤੇ ਧੰਨਵਾਦ ਕੀਤਾ। ਇਸ ਮੌਕੇ ਤੇ ਸਟੇਜ਼ ਦੀ ਸੇਵਾ ਅਤੇ ਅਰਦਾਸ ਭਾਈ ਨਿਰਵੈਰ ਸਿੰਘ ਨੇ ਬਹੁਤ ਹੀ ਸੁਚੱਜੇ ਢੰਗ ਨਾਲ ਨਿਭਾਈ। ਇਸ ਮੌਕੇ ਤੇ ਗੁਰੂ ਕਾ ਅਤੁੱਟ ਲੰਗਰ ਵਰਤਾਇਆ ਗਿਆ।

# ਪਿੰਡ ਅਰਮਾਨਪੂਰਾ ਵਿਖੇ ਲਾਇਆ ਡੈਂਟਲ ਚੈਕਅਪ ਕੈਂਪ



ਫ਼ਿਰੋਜ਼ਪੁਰ, 21 ਅਕਤੂਬਰ (ਮਨੋਹਰ ਲਾਲ) :— ਇਲਾਕੇ ਵਿਚ ਮੈਡੀਕਲ ਸਹੂਲਤਾਂ ਪ੍ਰਦਾਨ ਕਰਦੀ ਆ ਰਹੀ ਜੈਨੇਸਿਸ ਡੈਂਟਲ ਕਾਲਜ ਅਤੇ ਹਸਪਤਾਲ ਵੱਲੋਂ ਪਿੰਡ ਅਰਮਾਨਪੁਰਾ ਦੇ ਗੁਰਦੁਆਰਾ ਸਾਹਿਬ ਵਿਖੇ ਲਾਇਆ ਮੁਫਤ ਚੈਕਅਪ ਕੈਂਪ। ਇਸ ਡੈਂਟਲ ਚੈਕਅਪ ਕੈਂਪ ਦੌਰਾਨ ਡਾ: ਰੁਦਰ ਕੌਲ ਅਤੇ ਡਾ: ਸਿਰਜਨਦੀਪ ਸਿੰਘ ਵੱਲੋਂ ਗੁਰਦੁਆਰਾ ਸਾਹਿਬ ਵਿਚ ਆਏ ਪਿੰਡ ਵਾਸੀਆਂ ਦੇ ਦੰਦਾਂ ਦਾ ਚੈਕਅਪ ਕੀਤਾ ਗਿਆ। ਇਸ ਚੈਕਅਪ ਕੈਂਪ ਦੌਰਾਨ 150 ਦੇ ਕਰੀਬ ਮਰੀਜਾਂ ਨੇ ਪਹੁੰਚ ਕੀਤੀ, ਜਿਨ੍ਹਾਂ ਦਾ ਚੈਕਅਪ ਕਰਕੇ ਦੰਦਾਂ ਦੀ ਸਾਂਭ—ਸੰਭਾਲ ਸਬੰਧੀ ਵਿਚਾਰਾਂ ਸਾਂਝੀਆਂ ਕੀਤੀਆਂ ਗਈਆਂ। ਇਸ ਮੌਕੇ ਡਾ: ਰੁਦਰ ਕੌਲ, ਡਾ: ਸਿਰਜਨਦੀਪ ਸਿੰਘ ਨੇ ਦੰਦਾਂ ਦੀ ਜਾਂਚ ਕੀਤੀ ਅਤੇ ਮਰੀਜਾਂ ਨਾਲ ਦੰਦਾਂ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਦੰਦਾਂ ਦੇ ਸੜਨ ਦਾ ਸਭ ਤੋਂ ਵੱਡਾ ਕਾਰਨ ਸਿਗਰਟਨੋਸ਼ੀ, ਸਮੇਂ ਤੇ ਬੁਰਸ਼ ਨਾ ਕਰਨਾ, ਖਾਣਾ ਖਾਣ ਤੋਂ ਬਾਅਦ ਗਾਰਗਲ ਨਾ ਕਰਨਾ ਆਦਿ ਹਨ। ਉਨ੍ਹਾਂ ਕਿਹਾ ਕਿ ਦੰਦਾਂ ਦਾ ਸਾਂਭ—ਸੰਭਾਲ ਲਈ ਬੁਰਸ਼ ਦੀ ਵਰਤੋਂ ਨਾ ਕਰਨਾ ਅਤੇ ਸਹੀ ਵਰਤੋਂ ਨਾ ਕਰਨ ਕਰਕੇ ਮਨੁੱਖ ਦੰਦਾਂ ਦੀ ਬਿਮਾਰੀ ਨਾਲ ਪੀੜਤ ਹੋ ਜਾਂਦਾ ਹੈ। ਇਸ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪਿੰਡ ਪੁੱਜੀ ਮੈਡੀਕਲ ਟੀਮ ਨੂੰ ਪੂਰਨ ਸਹਿਯੋਗ ਦਿੱਤਾ ਅਤੇ ਆਈ ਟੀਮ ਦਾ ਸਰਾਹਨਾ ਕੀਤੀ। ਅੰਤ ਵਿਚ ਕਾਲਜ ਤਰਫੋਂ ਪੀ.ਆਰ.ਓ ਰਣਜੀਤ ਸਿੰਘ ਅਤੇ ਮਨਜੀਤ ਧਾਲੀਵਾਲ ਨੇ ਕੈਂਪ ਵਿਚ ਆਏ ਸਾਰਿਆਂ ਨੂੰ ਮੁਫਤ ਬੁਰਸ਼, ਟੂਥਪੇਸਟ ਅਤੇ ਦਵਾਈਆਂ ਦਿੱਤੀਆਂ।

# ਜਗਜੀਤ ਸਿੰਘ ਸ਼ੂਸ਼ਕ ਨੇ ਤਾਲਮੇਲ ਸਕੱਤਰ ਵਜੋਂ ਸੇਵਾ ਸੰਭਾਲੀ—ਦਿਓਲ

## ਯੂਥ ਅਕਾਲੀ ਦਲ ਅੰਮ੍ਰਿਤਸਰ ਵਲੋਂ ਪੰਜਾਬ ਅਹੁਦੇਦਾਰਾਂ ਦੀਆਂ ਨਿਯੁਕਤੀਆਂ



ਫ਼ਿਰੋਜ਼ਪੁਰ, 21 ਅਕਤੂਬਰ (ਮਨੋਹਰ ਲਾਲ) :— ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵਲੋਂ ਲੰਘੇ ਦਿਨੀਂ ਫਤਿਹਗੜ੍ਹ ਸਾਹਿਬ ਵਿਚ ਹੋਏ ਇਕ ਸਮਾਗਮ ਦੌਰਾਨ ਯੂਥ ਅਕਾਲੀ ਦਲ ਅੰਮ੍ਰਿਤਸਰ ਦੇ ਪੰਜਾਬ ਪ੍ਰਧਾਨ ਤਜਿੰਦਰ ਸਿੰਘ ਦਿਉਲ ਦੇ ਦਿਸ਼ਾ—ਨਿਰਦੇਸ਼ਾਂ ਅਨੁਸਾਰ ਯੂਥ ਵਿੰਗ ਪੰਜਾਬ ਦੇ ਜਥੇਬੰਦਕ ਢਾਂਚੇ ਵਿਚ ਵਾਧਾ ਕਰਦਿਆਂ ਜਗਜੀਤ ਸਿੰਘ ਸ਼ੂਸ਼ਕ ਨੂੰ ਤਾਲਮੇਲ ਸਕੱਤਰ ਵਜੋਂ ਨਿਯੁਕਤ ਕੀਤਾ ਗਿਆ। ਇਸ ਮੌਕੇ ਗੱਲਬਾਤ ਕਰਦਿਆਂ ਤਜਿੰਦਰ ਸਿੰਘ ਦਿਓਲ ਨੇ ਕਿਹਾ ਕੇ ਜਗਜੀਤ ਸਿੰਘ ਸ਼ੂਸ਼ਕ ਜੋ ਕੇ ਪਾਰਟੀ ਦੇ ਜ਼ਿਲ੍ਹਾ ਫਿਰੋਜ਼ਪੁਰ ਦੇ ਬਹੁਤ ਮਿਹਨਤੀ ਅਤੇ ਕਾਬਿਲ ਨੌਜਵਾਨ ਆਗੂ ਨੇ ਜੋ ਕੇ ਪਿਛਲੇ ਲੰਮੇ ਸਮੇਂ ਤੋਂ ਪਾਰਟੀ ਦੇ ਜ਼ਿਲ੍ਹਾ ਫਿਰੋਜ਼ਪੁਰ ਵਿਚ ਸਥਿਤ ਪਾਰਟੀ ਦਫਤਰ ਵਿਚ ਦਫਤਰ ਸਕੱਤਰ ਵੀ ਨੇ ਉਨ੍ਹਾਂ ਦੀਆਂ ਪਾਰਟੀ ਪ੍ਰਤੀ ਸੇਵਾਵਾਂ ਨੂੰ ਧਿਆਨ ਵਿਚ ਰਖਦਿਆਂ ਹੋਇਆਂ ਉਨ੍ਹਾਂ ਨੂੰ ਪੰਜਾਬ ਯੂਥ ਵਿੰਗ ਵਿਚ ਸੇਵਾ ਲਈ ਚੁਣਿਆ ਗਿਆ ਹੈ। ਉਹ ਜ਼ਿਲ੍ਹੇ ਵਿਚਲੀਆਂ ਸੇਵਾਵਾਂ ਨੂੰ ਵੀ ਪਹਿਲਾ ਦੀ ਤਰਾਂ ਨਿਰਵਿਘਨ ਨਿਭਾਉਂਦੇ ਰਹਿਣਗੇ। ਇਸ ਮੌਕੇ ਪਾਰਟੀ ਪ੍ਰਧਾਨ ਸਿਮਰਨਜੀਤ ਸਿੰਘ ਮਾਨ ਹੋਰਾਂ ਨੇ ਉਨ੍ਹਾਂ ਨੂੰ ਨਿਯੁਕਤੀ ਪੱਤਰ ਨਾਲ ਨਿਵਾਜ਼ਿਆ। ਇਸ ਮੌਕੇ ਜਗਜੀਤ ਸਿੰਘ ਨੇ ਵਿਸ਼ਵਾਸ ਦਿਵਾਇਆ ਕਿ ਉਹ ਪਾਰਟੀ ਲਈ ਦਿਨ—ਰਾਤ ਇਕ ਕਰਕੇ ਕੰਮ ਕਰਨਗੇ ਅਤੇ ਯੂਥ ਵਿੰਗ ਪੰਜਾਬ ਇਕਾਈ ਵਿਚ ਆਪਣਾ ਬਣਦਾ ਯੋਗਦਾਨ ਪਾਉਣਗੇ। ਇਸ ਮੌਕੇ ਹਰਪਾਲ ਸਿੰਘ ਬਲੇਅਰ, ਅੰਮ੍ਰਿਤਪਾਲ ਸਿੰਘ ਛੰਦੜਾਂ, ਹਰਜਿੰਦਰ ਸਿੰਘ ਜੱਖੂ, ਗੋਵਿੰਦ ਸਿੰਘ ਸੰਧੂ, ਬੀਬੀ ਅੰਮ੍ਰਿਤ ਕੌਰ ਖਾਲਸਾ ਮਲੋਆ (ਸਪੁੱਤਰੀ ਭਾਈ ਬੇਅੰਤ ਸਿੰਘ), ਤਜਿੰਦਰ ਸਿੰਘ ਦਿਉਲ ਪ੍ਰਧਾਨ ਯੂਥ ਵਿੰਗ ਪੰਜਾਬ, ਜਤਿੰਦਰ ਸਿੰਘ ਥਿੰਦ ਸੀਨੀਅਰ ਮੀਤ ਪ੍ਰਧਾਨ ਯੂਥ ਵਿੰਗ ਪੰਜਾਬ ਆਦਿ ਆਗੂ ਮੌਜੂਦ ਸਨ।

# ਪੁਲਿਸ ਲਾਈਨ ਸੰਗਰੂਰ ਵਿਖੇ ਪੁਲਿਸ ਯਾਦਗਾਰੀ ਦਿਵਸ ਮੌਕੇ ਸ਼ਹੀਦਾਂ ਨੂੰ ਸ਼ਰਧਾਂਜਲੀਆਂ ਭੇਟ



**ਸੰਗਰੂਰ, 21 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਪੁਲਿਸ ਅਤੇ ਅਰਧ ਸੈਨਿਕ ਬਲਾਂ ਦੇ ਮਹਾਨ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਲਈ ਅੱਜ ਪੁਲਿਸ ਲਾਈਨ ਸੰਗਰੂਰ ਵਿਖੇ ਪੁਲਿਸ ਯਾਦਗਾਰੀ ਦਿਵਸ ਮਨਾਇਆ ਗਿਆ। ਇਸ ਸਮਾਗਮ ਵਿੱਚ ਡਿਪਟੀ ਕਮਿਸ਼ਨਰ ਸੰਦੀਪ ਰਿਸ਼ੀ ਅਤੇ ਐਸ.ਐਸ.ਪੀ. ਸਰਤਾਜ ਸਿੰਘ ਚਾਹਲ ਸਮੇਤ ਸ਼ਹੀਦਾਂ ਦੇ ਪਰਿਵਾਰਕ ਮੈਂਬਰਾਂ, ਪੁਲਿਸ ਤੇ ਪ੍ਰਸ਼ਾਸਨਿਕ ਅਧਿਕਾਰੀਆਂ ਨੇ ਸ਼ਾਮਲ ਹੋ ਕੇ ਸ਼ਹੀਦਾਂ ਨੂੰ ਸ਼ਰਧਾ ਤੇ ਸਤਿਕਾਰ ਭੇਟ ਕੀਤਾ। ਇਸ ਮੌਕੇ ਸੋਗ ਪਰੇਡ ਦਿਵਸ (ਪੁਲਿਸ ਕੋਮੈਮੋਰੇਸ਼ਨ ਡੇਅ ਪਰੇਡ) ਦੌਰਾਨ ਪੁਲਿਸ ਦੀ ਪਰੇਡ ਟੁਕੜੀ ਵੱਲੋਂ ਹਥਿਆਰ ਝੁਕਾ ਕੇ ਸ਼ਹੀਦਾਂ ਨੂੰ ਭਾਵ-ਭਿੰਨੀਆਂ ਸ਼ਰਧਾਂਜਲੀਆਂ ਭੇਂਟ ਕੀਤੀਆਂ ਗਈਆਂ। ਪੰਜਾਬ ਪੁਲਿਸ ਤੇ ਅਰਧ ਸੈਨਿਕ ਬਲਾਂ ਦੇ ਬਹਾਦਰ ਜਵਾਨਾਂ ਦੀਆਂ ਕੁਰਬਾਨੀਆਂ ਨੂੰ ਯਾਦ ਕਰਦਿਆਂ ਡਿਪਟੀ ਕਮਿਸ਼ਨਰ ਸੰਦੀਪ ਰਿਸ਼ੀ ਨੇ ਕਿਹਾ ਕਿ ਅਸੀਂ ਆਪਣੇ ਸ਼ਹੀਦਾਂ ਦੀ ਸਰਵਉਚ ਕੁਰਬਾਨੀ ਪ੍ਰਤੀ ਸਤਿਕਾਰ ਸਹਿਤ ਸਿਰ ਝੁਕਾਉਂਦੇ ਹਾਂ ਅਤੇ ਉਨ੍ਹਾਂ ਦੀ ਸ਼ਹਾਦਤ ਨੂੰ ਸਲਾਮ ਕਰਦੇ ਹਾਂ। ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਡਿਪਟੀ ਕਮਿਸ਼ਨਰ ਸੰਦੀਪ ਰਿਸ਼ੀ ਨੇ ਕਿਹਾ ਕਿ ਦੇਸ਼ ਦੀ ਏਕਤਾ, ਅਖੰਡਤਾ ਤੇ ਪ੍ਰਭੂਸੱਤਾ ਦੀ ਰਾਖੀ ਲਈ ਸਾਡੇ ਸੂਰਵੀਰਾਂ ਨੇ ਲਾਮਿਸਾਲ ਕੁਰਬਾਨੀਆਂ ਦਿੱਤੀਆਂ ਜਿਨ੍ਹਾਂ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ। ਇਸ ਮੌਕੇ ਐਸ.ਐਸ.ਪੀ ਸਰਤਾਜ ਸਿੰਘ ਚਾਹਲ ਨੇ ਦੱਸਿਆ ਕਿ 21 ਅਕਤੂਬਰ 1959 ਨੂੰ ਲੱਦਾਖ ਦੇ ਹੌਟ ਸਪਰਿੰਗਜ਼ ਵਿਖੇ ਚੀਨ ਦੇ ਬਾਰਡਰ 'ਤੇ ਪੈਟਰੋਲਿੰਗ ਕਰ ਰਹੀ ਸੀ.ਆਰ.ਪੀ.ਐੱਫ ਦੀ ਟੁਕੜੀ 'ਤੇ ਚੀਨੀ ਫੌਜੀਆਂ ਨੇ ਘਾਤ ਲਗਾ ਕੇ ਹਮਲਾ ਕੀਤਾ ਸੀ, ਜਿਸਦਾ ਸਾਡੇ ਦੇਸ਼ ਦੇ ਜਵਾਨਾਂ ਨੇ ਬੜੀ ਦਲੇਰੀ ਤੇ ਬਹਾਦਰੀ ਨਾਲ ਮੁਕਾਬਲਾ ਕੀਤਾ ਅਤੇ ਦੇਸ਼ ਦੀ ਰਾਖੀ ਲਈ ਸੀ.ਆਰ.ਪੀ.ਐਫ ਦੇ 10 ਜਵਾਨ ਸ਼ਹਾਦਤ ਪ੍ਰਾਪਤ ਕਰ ਗਏ ਸਨ, ਜਿਨ੍ਹਾਂ ਦੀ ਸ਼ਹਾਦਤ ਨੂੰ ਯਾਦ ਕਰਦਿਆਂ ਦੇਸ਼ ਭਰ ਵਿੱਚ ਅੱਜ ਦੇ ਦਿਨ ਨੂੰ ਯਾਦਗਾਰੀ ਦਿਵਸ ਵਜੋਂ ਮਨਾਇਆ ਜਾਂਦਾ ਹੈ। ਐੱਸ.ਐੱਸ.ਪੀ. ਚਾਹਲ ਨੇ ਕਿਹਾ ਕਿ ਸ਼ਹੀਦਾਂ ਦੇ ਪਰਿਵਾਰ ਸਾਡੇ ਪਰਿਵਾਰ ਹਨ ਅਤੇ ਪੁਲਿਸ ਵਿਭਾਗ ਸ਼ਹੀਦ ਪਰਿਵਾਰਾਂ ਦੇ ਦੁੱਖ-ਸੁੱਖ ਦੀ ਹਰ ਘੜੀ ਵਿੱਚ ਉਨ੍ਹਾਂ ਦੇ ਨਾਲ ਖੜਾ ਹੈ। ਸ਼ਹੀਦੀ ਸਮਾਗਮ ਦੌਰਾਨ ਜ਼ਿਲ੍ਹਾ ਸੰਗਰੂਰ ਨਾਲ ਸਬੰਧਤ ਸ਼ਹੀਦ ਪੁਲਿਸ ਜਵਾਨਾਂ ਦੇ ਪਰਿਵਾਰਾਂ ਨੂੰ ਸਨਮਾਨਿਤ ਕਰਦਿਆਂ ਉਨ੍ਹਾਂ ਨੂੰ ਦਰਪੇਸ਼ ਸਮੱਸਿਆਵਾਂ ਦਾ ਜਾਇਜ਼ਾ ਲਿਆ ਗਿਆ ਅਤੇ ਸਬੰਧਤ ਅਧਿਕਾਰੀਆਂ ਨੂੰ ਢੁਕਵੇਂ ਹੱਲ ਦੇ ਆਦੇਸ਼ ਦਿੱਤੇ ਗਏ। ਇਸ ਤੋਂ ਪਹਿਲਾਂ ਡੀ.ਐਸ.ਪੀ ਰੁਪਿੰਦਰ ਕੌਰ ਨੇ ਦੇਸ਼ ਦੇ ਵੱਖ-ਵੱਖ ਸੂਬਿਆਂ ਦੇ ਉਨ੍ਹਾਂ ਸ਼ਹੀਦ ਜਵਾਨਾਂ ਦੇ ਨਾਮ ਪੜ੍ਹ ਕੇ ਸੁਣਾਏ, ਜਿਨ੍ਹਾਂ ਨੇ ਬੀਤੇ ਸਾਲ ਦੇਸ਼ ਦੀ ਆਨ ਤੇ ਸ਼ਾਨ ਨੂੰ ਕਾਇਮ ਰੱਖਣ ਲਈ ਆਪਣੀਆਂ ਜਾਨਾਂ ਵਾਰ ਦਿੱਤੀਆਂ। ਇਸ ਮੌਕੇ ਏ.ਡੀ.ਸੀ. (ਵਿਕਾਸ) ਸੁਖਚੈਨ ਸਿੰਘ ਪਾਪੜਾ, ਐਸ.ਪੀ. ਪਲਵਿੰਦਰ ਸਿੰਘ ਚੀਮਾ, ਐਸ ਪੀ ਨਵਰੀਤ ਸਿੰਘ ਵਿਰਕ, ਸਿਵਲ ਸਰਜਨ ਡਾ. ਕਿਰਪਾਲ ਸਿੰਘ ਅਤੇ ਪੁਲਿਸ ਵਿਭਾਗ ਦੇ ਸਮੂਹ ਅਧਿਕਾਰੀ ਤੇ ਕਰਮਚਾਰੀ ਹਾਜ਼ਰ ਸਨ।




## ਜਨਮ ਦਿਨ ਮੁਬਾਰਕ

ਡਾ, ਹਰਪ੍ਰੀਤ ਸਿੰਘ ਪੁਰਬਾ
ਪਿਤਾ : ਕਸ਼ਮੀਰ ਸਿੰਘ, ਪੋਤਰਾ ਡਾ, ਕਰਮ ਸਿੰਘ, ਮਾਤਾ ਕਮਲਜੀਤ ਕੌਰ, ਵਾਸੀ ਚੌਕ ਮਹਿਤਾ
(ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)

ਆਵਾਜ਼ਿ ਕੌਮ AWAZE QAUM International Newspaper & WEB TV

## ਸ਼੍ਰੀ ਗੁਰੂ ਰਾਮਦਾਸ ਜੀ ਦਾ

# ਪ੍ਰਕਾਸ਼ ਦਿਹਾੜਾ ਗੁਰਦੁਆਰਾ ਸਿੰਘ ਸਭਾ ਸੁਭਾਸ਼ ਨਗਰ ਵਿਖੇ ਮਨਾਇਆ

**ਨਵੀਂ ਦਿੱਲੀ, 21 ਅਕਤੂਬਰ (ਆਵਾਜ਼ਿ ਕੌਮ ਬਿਊਰੋ)**: ਚੌਥੀ ਪਾਤਸ਼ਾਹੀ ਧੰਨ-ਧੰਨ ਸਾਹਿਬ ਸ਼੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਦੀ ਖ਼ੁਸ਼ੀ ਇਕ ਵਿਸ਼ੇਸ਼ ਕੀਰਤਨ ਸਮਾਗਮ ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ 7-ਬਲਾਕ ਸੁਭਾਸ਼ ਨਗਰ ਵਿਖੇ ਕਰਵਾਇਆ ਗਿਆ।ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਸ. ਭੁਪਿੰਦਰ ਸਿੰਘ ਬੱਗਾ ਅਤੇ ਜਨਰਲ ਸਕੱਤਰ ਸ.ਮੋਹਨ ਸਿੰਘ ਰਾਜ਼ਵੰਸੀ ਨੇ ਦਸਿਆ ਕਿ ਚੌਥੇ ਪਾਤਸ਼ਾਹ ਸ਼੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਗੁਰਪੁਰਬ ਸਬੰਧੀ ਬੀਤੇ ਦਿਨੀਂ ਸ਼ਾਮੀ ਧਾਰਮਿਕ ਦੀਵਾਨ ਸਜਾਏ ਗਏ, ਜਿਸ ਵਿੱਚ ਪੰਥ ਪ੍ਰਸਿੱਧ ਰਾਗੀ ਜੱਥਿਆਂ ਨੇ ਗੁਰਬਾਣੀ ਦਾ ਕੀਰਤਨ ਕੀਤਾ।ਪ੍ਰਬੰਧਕਾਂ ਨੇ ਦਸਿਆ ਕਿ ਸਮਾਗਮ ਦੀ ਆਰੰਭਤਾ ਸ਼੍ਰੀ ਰਹਿਰਾਸ ਸਾਹਿਬ ਜੀ ਦੇ ਪਾਠ ਨਾਲ ਹੋਈ, ਜਿਸ ਦੌਰਾਨ ਭਾਈ ਸੰਤ ਸਿੰਘ ਹਜ਼ੂਰੀ ਰਾਗੀ ਜਥੇ ਨੇ ਆਰਤੀ ਅਤੇ ਗੁਰਬਾਣੀ ਕੀਰਤਨ ਕੀਤਾ, ਉਪਰੰਤ ਗੁਰਦੁਆਰਾ ਸਾਹਿਬ ਦੇ ਹੈਡ ਗ੍ਰੰਥੀ ਗਿਆਨੀ ਗੁਰਮੀਤ ਸਿੰਘ ਕਪੂਰਥਲਾ ਵਾਲਿਆਂ ਨੇ ਕਥਾ ਵਿਚਾਰਾਂ ਰਾਹੀ ਗੁਰੂ ਸਾਹਿਬ ਜੀ ਦੀ ਜੀਵਨੀ ਅਤੇ ਸਿੱਖ ਇਤਿਹਾਸ ਸਬੰਧੀ ਸੰਗਤਾਂ ਨੂੰ ਜਾਣੂ ਕਰਵਾਇਆ।ਇਸ ਮੌਕੇ ਭਾਈ ਤਰਨਦੀਪ ਸਿੰਘ ਅਤੇ ਭਾਈ ਮੱਖਣ ਸਿੰਘ ਆਸਟ੍ਰੇਲੀਆ ਵਾਲਿਆਂ ਦੇ ਰਾਗੀ ਜੱਥਿਆਂ ਨੇ ਗੁਰਬਾਣੀ ਦੇ ਮਨੋਹਰ ਕੀਰਤਨ ਰਾਹੀ ਸੰਗਤਾਂ ਨੂੰ ਨਿਹਾਲ ਕੀਤਾ ਅਤੇ ਸ਼ਬਦ ਗੁਰੂ ਦੇ ਲੜ ਲੱਗਣ ਦੀ ਤਾਕੀਦ ਵੀ ਕੀਤੀ।ਇਸ ਮੌਕੇ

ਆਵਾਜ਼ਿ ਕੌਮ AWAZE QAUM International Newspaper & WEB TV

ਗੁਰਦੁਆਰਾ ਸਾਹਿਬ ਦੇ ਪ੍ਰਧਾਨ ਸ. ਬੱਗਾ ਤੇ ਜਨਰਲ ਸਕੱਤਰ ਸ.ਰਾਜ਼ਵੰਸੀ ਨੇ ਸੰਗਤਾਂ ਨੂੰ ਸੰਬੋਧਿਨ ਕਰਦਿਆਂ ਕਿਹਾ ਕਿ ਜਗਤ ਤਾਰਕ, ਪਹਿਲੀ ਪਤਾਸ਼ਾਹੀ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ 24 ਅਕਤੂਬਰ ਤੋਂ ਪ੍ਰਭਾਤ ਫ਼ੇਰੀਆਂ ਆਰੰਭ ਕੀਤੀਆਂ ਜਾ ਰਹੀਆਂ ਹਨ, ਇਹ ਪ੍ਰਭਾਤ ਫੇਰੀਆਂ ਪੰਜ ਬਾਣੀਆਂ ਦੇ ਪਾਠ ਉਪਰੰਤ 5:15 ਵਜੇ ਗੁਰਦੁਆਰਾ ਸਾਹਿਬ ਤੋਂ ਰਵਾਨਾ ਹੋਣਗੀਆਂ ਜੋ ਪ੍ਰਕਾਸ਼ ਦਿਹਾੜੇ ਤਕ ਨਿਰੰਤਰ ਜਾਰੀ ਰਹਿਣਗੀਆਂ।ਉਨ੍ਹਾਂ ਨੇ ਸੰਗਤਾਂ ਨੂੰ ਬੇਤਨੀ ਕਰਦਿਆਂ ਕਿਹਾ ਕਿ ਇਸ ਪ੍ਰਭਾਤ ਫ਼ੇਰੀਆਂ ਵਿੱਚ ਵੱਧ-ਚੜ੍ਹ ਪਹੁੰਚ ਕੇ ਹਿੱਸਾ ਲਵੋਂ ਅਤੇ ਹਰਿ ਜੱਸ ਸਰਵਣ ਕਰਕੇ ਗੁਰੂ ਮਹਾਰਾਜ ਜੀ ਦੀਆਂ ਖ਼ੁਸ਼ੀਆਂ ਪ੍ਰਾਪਤ ਕਰੋ।












## ਬਾਬਾ ਮਨਪ੍ਰੀਤ ਸਿੰਘ ਖਾਲਸਾ ਦੀ ਅਗਵਾਈ ਹੇਠ

# ਪਿੰਡ ਅਲੀਪੁਰ ਖਾਲਸਾ ਵਿਖੇ ਸਲਾਨਾ ਗੁਰਮਤਿ ਸਮਾਗਮ ਅਤੇ ਨਗਰ ਕੀਰਤਨ ਕੱਢਿਆ ਗਿਆ



**ਸ਼ੇਰਪੁਰ ( ਰਣਜੀਤ ਸਿੰਘ ਪੇਧਨੀ )**-ਹਰ ਸਾਲ ਦੀ ਤਰਾ ਇਸ ਸਾਲ ਵੀ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਮਹਾਰਾਜ ਜੀ ਦਾ ਆਗਮਨ ਪੂਰਬ ਬੰਦੀ ਛੋੜ ਦਿਵਸ ਅਤੇ ਮਹਾਂਪੁਰਸ਼ਾਂ ਦੀ ਯਾਦ ਨੂੰ ਸਮਰਪਿਤ ਸਲਾਨਾ ਜੋੜ ਮੇਲਾ ਪੰਥ ਦੇ ਉੱਘੇ ਪ੍ਰਚਾਰਕ ਅਤੇ ਗੁਰਦੁਆਰਾ ਪਾਤਸ਼ਾਹੀ ਛੇਵੀਂ ਪਿੰਡ ਅਲੀਪੁਰ ਖਾਲਸਾ ਦੇ ਮੁੱਖ ਸੇਵਾਦਾਰ ਬਾਬਾ ਮਨਪ੍ਰੀਤ ਸਿੰਘ ਖਾਲਸਾ ਦੀ ਅਗਵਾਈ ਹੇਠ ਪਿੰਡ ਅਲੀਪੁਰ ਖਾਲਸਾ ਵਿਖੇ 19, 20,21 ਅਕਤੂਬਰ ਨੂੰ ਸੰਗਤ ਦੇ ਸਹਿਯੋਗ ਨਾਲ ਬੜੀ ਹੀ ਸਰਧਾ ਭਾਵਨਾਂ ਨਾ ਕਰਵਾਇਆ ਗਿਆ।ਸਮਾਗਮ ਵਿੱਚ ਤਿੰਨੇ ਦਿਨ ਹਾਜਰੀ ਭਰ ਕੇ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਖ਼ੁਸ਼ੀਆਂ ਪ੍ਰਾਪਤ ਕੀਤੀਆਂ।ਸਮਾਗਮ ਵਿੱਚ ਹੋਰਨਾਂ ਤੋਂ ਇਲਾਵਾ ਸੰਤ ਬਾਬਾ ਹਰਜੀਤ ਸਿੰਘ ਮਹਿਤਾ ਚੌਂਕ ਵਾਲੇ ,ਸੰਤ ਬਾਬਾ ਸੁਖਵਿੰਦਰ ਸਿੰਘ ਮਸਤੂਆਣਾ ਸਾਹਿਬ , ਬਾਬਾ ਰਾਜ ਵਰਿੰਦਰ ਸਿੰਘ ਟਿੱਬਾ,ਬਾਬਾ ਰਣਜੀਤ ਸਿੰਘ ਅਲੀਪੁਰ,ਜਥੇਦਾਰ ਬਾਬਾ ਕੁਲਦੀਪ ਸਿੰਘ ਤਰਨਾ ਦਲ ਮਾਲਵਾ, ਬਾਬਾ ਸਰਨਜੀਤ ਸਿੰਘ ਹਰੀਗੜ, ਬਾਬਾ ਮਨਮੀਤ ਸਿੰਘ ਕੁੱਲਾ ਵਾਲੇ,ਬਾਬਾ ਜਸਪ੍ਰੀਤ ਸਿੰਘ ਮਾਖੇ ਵਾਲੇ, ਬਾਬਾ ਅਵਤਾਰ ਸਿੰਘ ਮਹੋਲੀ ਖੁਰਦ ਵਾਲੇ,ਬਾਬਾ ਹਰੀ ਸਿੰਘ ਨਾਨਕਸਰ ਵਾਲੇ, ਬਾਬਾ ਗੁਰਪ੍ਰੀਤ ਸਿੰਘ ਈਸੀ ਵਾਲੇ, ਜਥੇਦਾਰ ਬਾਬਾ ਸੁਖਪਾਲ ਸਿੰਘ ਦਰੋਗੇਵਾਲ, ਬਾਬਾ ਗਗਨਦੀਪ ਸਿੰਘ ਟੈਪਈ, ਬਾਬਾ ਮਹਿੰਦਰ ਸਿੰਘ ਬਰਨਾਲਾ ,ਬਾਬਾ ਗੁਰਜੰਟ ਸਿੰਘ ਤਪਾ ਦਰਾਜ,ਸਰਪੰਚ ਗੁਰਮੀਤ ਸਿੰਘ ਮਾਮਦਪੁਰ,ਸਰਪੰਚ ਚਮਕੌਰ ਸਿੰਘ ਅਲੀਪੁਰ ਖਾਲਸਾ,ਸਰਪੰਚ ਬਲਵੀਰ ਸਿੰਘ ਲੰਬੜਦਾਰ ਕਸਬਾ ਭਰਾਲ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

**ਸੰਗਤਾਂ ਨੇ ਤਿੰਨੇ ਦਿਨ ਹਾਜਰੀ ਭਰਕੇ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਖ਼ੁਸ਼ੀਆਂ ਪ੍ਰਾਪਤ ਕੀਤੀਆਂ: ਸੰਤ ਬਾਬਾ ਹਰਜੀਤ ਸਿੰਘ ਮਹਿਤਾ ਚੌਕ ਵਾਲੇ**

# ਬਾਪੂ ਗੁਰਦਿਆਲ ਸਿੰਘ ਜੀ ਖਾਲਸਾ ਦਮਦਮੀ ਟਕਸਾਲ ਜੋਗੇਵਾਲ ਵਾਲੇ ਸੱਚਖੰਡ ਜਾ ਬਿਰਾਜੇ

ਬਾਪੂ ਗੁਰਦਿਆਲ ਸਿੰਘ ਜੀ ਖਾਲਸਾ ਦਮਦਮੀ ਟਕਸਾਲ ਜੋਗੇਵਾਲ ਵਾਲੇ ਸੱਚਖੰਡ ਵਿਖੇ ਜਾ ਬਿਰਾਜੇ ਹਨ। ਬਾਬਾ ਗੁਰਦਿਆਲ ਸਿੰਘ ਜੀ ਦਾ ਸੰਸਕਾਰ ਕੱਲ 22 ਅਕਤੂਬਰ 2024 ਗੁਰਦੁਆਰਾ ਜੋਤੀ ਸੂਰੂਪ ਸਾਹਿਬ ਵਿਖੇ 11 ਵਜੇ ਹੋਵੇਗਾ।ਸੰਤ ਗਿਆਨੀ

ਆਵਾਜ਼ਿ ਕੌਮ AWAZE QAUM International Newspaper & WEB TV

ਗੁਰਬਚਨ ਸਿੰਘ ਜੀ ਭਿੰਡਰਾਂਵਾਲਿਆਂ ਮਹਾਂਪੁਰਖਾਂ ਦੀ ਤੇਰਾਂ ਸਾਲ ਗੁੜਵਾਈ ਦੇ ਰੂਪ ਵਿੱਚ ਸੇਵਾ ਕਰਨ ਵਾਲੇ ਬਾਪੂ ਗੁਰਦਿਆਲ ਸਿੰਘ ਜੀ ਜੋਗੇਵਾਲਾ ਜਿਨ੍ਹਾਂ ਆਪਣਾ ਸਾਰਾ ਜੀਵਨ ਦਮਦਮੀ ਟਕਸਾਲ ਨੂੰ ਸਮਰਪਿਤ ਕੀਤਾ। ਦਮਦਮੀ ਟਕਸਾਲ ਦੇ ਵੱਖ-ਵੱਖ ਅਸਥਾਨਾਂ ਤੇ ਸੇਵਾਵਾਂ ਕਰਨ ਤੋਂ ਬਾਅਦ ਬਾਪੂ ਜੀ 1972 ਤੋ ਬਾਅਦ ਦਮਦਮੀ ਟਕਸਾਲ ਦੇ ਗੁਰਦੁਆਰਾ ਜੋਤੀ ਸਰੂਪ ਜੋਗੇਵਾਲਾ ਵਿਖੇ ਹੀ ਸੇਵਾ ਕਰ ਰਹੇ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243